@Qpatrika
@qaumipatrika punjabi
instagram.com/qaumipatrika

Largest Circulated

विश्व भर में सबसे ज्यादा पढ़ा जाने वाला

ਕੌਮੀ ਪਤ੍ਰਿਕਾ

Punjabi National Daily

Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Saturday, 20 July 2024

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸ਼ਨੀਵਾਰ 20 ਜੁਲਾਈ 2024, 5 ਸਾਵਣ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 42, ਅੰਕ 254, qpatrika@gmail.com ਫੋਨ : 9971359517 www.qaumipatrika.org

ਸੀਐੱਮ ਯੋਗੀ 'ਚ ਵੜੀ ਹਿਟਲਰ ਦੀ ਆਤਮਾ, ਮੁਸਲਮਾਨਾਂ ਨਾਲ ਹੋ ਰਿਹਾ ਵਿਤਕਰਾ : ਓਵੈਸੀ

ਨੈਸਨਲ ਡੈਸਕ 19 ਜੁਲਾਈ। ਆਲ ਇੰਡੀਆ ਮਜਲਿਸ-ਏ-ਇਤੇਹਾਦੁਲ ਮੁਸਲਿਮੀਨ (ਏਆਈਐੱਮਆਈਐੱਮ) ਦੇ ਮੁਖੀ ਅਸਦੁਦੀਨ ਓਵੈਸੀ ਨੇ ਉੱਤਰ ਪ੍ਰਦੇਸ਼ ਵਿਚ ਹੋਣ ਵਾਲੀ ਕਾਂਵਰ ਯਾਤਰਾ ਨੂੰ ਲੈ ਕੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਉੱਤੇ ਤਿੱਖਾ ਹਮਲਾ ਕੀਤਾ ਹੈ। ਓਵੈਸੀ ਨੇ ਕਿਹਾ ਕਿ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਦੇ ਅੰਦਰ ਹਿਟਲਰ ਦੀ ਆਤਮਾ ਆ ਗਈ ਹੈ। ਮੁਜੱਫਰਨਗਰ ਵਿੱਚ ਉਨ੍ਹਾਂ ਨੇ ਕਾਂਵਰ ਯਾਤਰਾ ਰੂਟ 'ਤੇ ਸੜਕ ਕਿਨਾਰੇ ਸਟਾਲਾਂ ਅਤੇ ਖਾਣ ਪੀਣ ਦੀਆਂ ਦੁਕਾਨਾਂ 'ਤੇ ਮਾਲਕਾਂ ਦੇ ਨਾਮ ਵਾਲੇ ਬੋਰਡ ਲਗਾਉਣ ਨੂੰ ਯੂਪੀ ਪੁਲਿਸ ਦੁਆਰਾ ਕਾਨੂੰਨ ਦੀ ਉਲੰਘਣਾ ਕਰਾਰ ਦਿੱਤਾ। ਇਕ ਨਿਊਜ ਏਜੰਸੀ ਨਾਲ ਗੱਲਬਾਤ ਦੌਰਾਨ ਓਵੈਸੀ ਨੇ ਕਿਹਾ ਕਿ ਅਸੀਂ ਇਸ ਦੀ ਨਿੰਦਾ ਕਰਦੇ ਹਾਂ ਕਿਉਂਕਿ ਇਹ ਸੰਵਿਧਾਨ ਦੀ ਧਾਰਾ 17 ਦੀ ਉਲੰਘਣਾ ਹੈ। ਇਸ ਕਾਰਨ ਉੱਤਰ ਪ੍ਰਦੇਸ਼ ਸਰਕਾਰ ਛੂਤ-ਛਾਤ ਨੂੰ ਬੜਾਵਾ ਦੇ ਰਹੀ ਹੈ। ਦੂਜਾ, ਉੱਤਰ ਪ੍ਰਦੇਸ਼ ਸਰਕਾਰ ਹੁਕਮਾਂ ਤੋਂ ਬਾਅਦ ਮੁਜੱਫਰਨਗਰ ਦੀਆਂ ਸਾਰੀਆਂ ਦੁਕਾਨਾਂ ਤੋਂ ਮੁਸਲਿਮ ਕਰਮਚਾਰੀਆਂ ਨੂੰ ਹਟਾ ਦਿੱਤਾ ਗਿਆ ਹੈ, ਕੀ ਤੁਸੀਂ ਸਿਰਫ ਇਕ ਭਾਈਚਾਰੇ ਲਈ ਕੰਮ ਕਰੋਗੇ? ਓਵੈਸੀ ਨੇ ਅੱਗੇ ਕਿਹਾ ਕਿ ਉਹ ਯੋਗੀ ਆਦਿਤਿਆਨਾਥ ਨੂੰ ਚੁਣੌਤੀ ਦਿੰਦੇ ਹਨ ਕਿ ਜੇਕਰ ਉਨ੍ਹਾਂ ਵਿੱਚ ਹਿੰਮਤ ਹੈ ਤਾਂ ਲਿਖਤੀ

ਆਦੇਸ਼ ਜਾਰੀ ਕਰਨ। ਇਸ ਹੁਕਮ ਨੂੰ ਦੇਖ ਕੇ ਲੱਗਦਾ ਹੈ ਕਿ ਯੂਪੀ ਦੇ ਸੀਐੱਮ ਯੋਗੀ ਆਦਿਤਿਆਨਾਥ ਵਿਚ ਹਿਟਲਰ ਦੀ ਆਤਮਾ ਆ ਗਈ ਹੈ। ਓਵੈਸੀ ਨੇ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਸੰਵਿਧਾਨ ਨੂੰ ਚੁੱਕ ਕੇ ਚੁੰਮਦੇ ਹਨ, ਪਰ ਇਹ ਸਭ ਡਰਾਮਾ ਹੈ। ਇਹ ਸਭ ਮੁਸਲਮਾਨਾਂ ਨਾਲ ਵਿਤਕਰਾ ਹੈ। ਓਵੈਸੀ ਨੇ ਅੱਗੇ ਕਿਹਾ ਕਿ ਇਹ ਲੋਕ ਪੂਰੇ ਦੇਸ ਵਿੱਚ ਮੁਸਲਮਾਨਾਂ ਨੂੰ ਦੂਜੇ ਦਰਜੇ ਦਾ ਨਾਗਰਿਕ ਬਣਾਉਣਾ ਚਾਹੁੰਦੇ ਹਨ। ਭਾਜਪਾ ਮੁਸਲਮਾਨਾਂ ਨਾਲ ਇੰਨੀ ਨਫਰਤ ਕਿਉਂ ਕਰਦੀ ਹੈ? ਇਹ ਸਭ ਕਰ ਕੇ ਤੁਸੀਂ ਮੁਸਲਮਾਨਾਂ ਨੂੰ ਬਦਨਾਮ ਕਰ ਰਹੇ ਹੋ। ਓਵੈਸੀ ਨੇ ਕਿਹਾ ਕਿ ਮੁਸਲਮਾਨਾਂ ਪ੍ਰਤੀ ਇਹ ਨਫਰਤ ਹੁਣ ਖੁੱਲ੍ਹ ਕੇ ਸਾਹਮਣੇ ਆ ਰਹੀ ਹੈ।

ਅਮਰਨਾਥ ਗੁਫਾ ਮੰਦਰ ਲਈ ਸ਼ਰਧਾਲੂਆਂ ਦਾ ਇੱਕ ਹੋਰ ਜੱਥਾ ਜੰਮੂ ਤੋਂ ਰਵਾਨਾ

ਜੰਮੂ 19 ਜੁਲਾਈ। ਜੰਮੂ ਦੇ ਭਗਵਤੀ ਨਗਰ ਬੇਸ ਕੈਂਪ ਤੋਂ ਵੀਰਵਾਰ ਤੜਕੇ 4,383 ਸਰਧਾਲੂਆਂ ਦਾ ਇੱਕ ਨਵਾਂ ਜੱਥਾ ਦੱਖਣੀ ਕਸ਼ਮੀਰ ਹਿਮਾਲਿਆ 'ਚ ਸਥਿਤ ਅਮਰਨਾਥ ਗੁਫਾ ਮੰਦਰ ਦੇ ਦਰਸਨਾਂ ਲਈ ਰਵਾਨਾ ਹੋਇਆ। ਅਧਿਕਾਰੀਆਂ ਨੇ ਦੱਸਿਆ ਕਿ 157 ਵਾਹਨਾਂ 'ਚ 4,383 ਸਰਧਾਲੂਆਂ ਦੇ 21ਵੇਂ ਜਥੇ ਨੇ ਭਗਵਤੀ ਨਗਰ ਆਧਾਰ ਕੈਂਪ ਤੋਂ ਸਵੇਰੇ 3.15 ਵਜੇ ਯਾਤਰਾ ਸ਼ੁਰੂ ਕੀਤੀ। ਇਸ ਸਮੂਹ 'ਚ 1,086 ਔਰਤਾਂ ਅਤੇ ਅੱਠ ਬੱਚੇ ਸਾਮਲ ਹਨ। ਅਧਿਕਾਰੀਆਂ ਮੁਤਾਬਕ ਅਮਰਨਾਥ ਗੁਫਾ ਦੇ ਦਰਸਨਾਂ ਲਈ 2,682 ਸਰਧਾਲੂ ਅਨੰਤਨਾਗ ਜ਼ਿਲ੍ਹੇ ਦੇ ਰਵਾਇਤੀ 48 ਕਿਲੋਮੀਟਰ ਲੰਬੇ ਰਸਤੇ ਰਾਹੀਂ ਪਹਿਲਗਾਮ ਪਹੁੰਚਣਗੇ, ਜਦਕਿ ਬਾਕੀ 1,701 ਸਰਧਾਲੂਆਂ ਨੇ ਗੰਦਰਬਲ ਜ਼ਿਲ੍ਹੇ 'ਚ ਮੁਕਾਬਲਤਨ ਛੋਟਾ ਪਰ ਔਖਾ 14 ਕਿਲੋਮੀਟਰ ਦਾ ਬਾਲਟਾਲ ਰਸਤਾ ਚੁਣਿਆ ਹੈ। ਅਮਰਨਾਥ ਯਾਤਰਾ ਇਸ ਸਾਲ 29 ਜੂਨ ਨੂੰ ਸ਼ੁਰੂ ਹੋਈ ਸੀ ਅਤੇ 19 ਅਗਸਤ ਤੱਕ ਚੱਲੇਗੀ।

ਕੈਬਨਿਟ ਦਾ ਵੱਡਾ ਫੈਸਲਾ, ਚਾਰਧਾਮ ਦੇ ਨਾਂ 'ਤੇ ਨਹੀਂ ਬਣੇਗਾ ਕੋਈ ਟਰੱਸਟ ਅਤੇ ਮੰਦਰ

ਦੇਹਰਾਦੂਨ 19 ਜੁਲਾਈ। ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਦੀ ਪ੍ਰਧਾਨਗੀ ਵਿਚ ਅੱਜ ਯਾਨੀ ਕਿ ਸ਼ੁੱਕਰਵਾਰ ਨੂੰ ਹੋਈ ਸੂਬਾ ਕੈਬਨਿਟ ਦੀ ਬੈਠਕ 'ਚ ਵੱਡਾ ਫੈਸਲਾ ਲਿਆ ਗਿਆ। ਇਸ ਬੈਠਕ 'ਚ ਫੈਸਲਾ ਲਿਆ ਗਿਆ ਹੈ ਕਿ ਚਾਰਧਾਮ ਦੇ ਨਾਂ 'ਤੇ ਕੋਈ ਵੀ ਟਰੱਸਟ ਨਹੀਂ ਬਣੇਗਾ ਅਤੇ ਨਾ ਹੀ ਮੰਦਰ। ਇਸ ਨੂੰ ਲੈ ਕੇ ਕੈਬਨਿਟ ਨੇ ਮਤਾ ਪਾਸ ਕੀਤਾ ਹੈ ਕਿ ਇਸ 'ਤੇ ਕਾਨੂੰਨੀ ਰਾਏ ਲੈ ਕੇ ਸਖਤ ਕਾਨੂੰਨ ਬਣਾਇਆ ਜਾਵੇਗਾ। ਦਰਅਸਲ ਦਿੱਲੀ ਵਿਚ ਬਣ ਰਹੇ ਕੇਦਾਰਨਾਥ ਮੰਦਰ ਦਾ ਵਿਰੋਧ ਪੂਰੇ ਉੱਤਰਾਖੰਡ ਵਿਚ ਹੋ ਰਿਹਾ ਹੈ। ਇਸ ਮਾਮਲੇ ਵਿਚ ਉੱਤਰਾਖੰਡ ਦੀ ਸੱਤਾਧਾਰੀ ਭਾਜਪਾ ਸਰਕਾਰ ਬੈਕ ਫੁਟ 'ਤੇ ਹੈ। ਕੇਦਾਰਨਾਥ ਮੰਦਰ ਦੇ ਮਾਮਲੇ ਵਿਚ ਨਾ ਸਿਰਫ ਤੀਰਥ ਪੁਰੋਹਿਤ ਸਗੋਂ ਆਮ ਲੋਕ ਵੀ ਇਸ ਦਾ ਵਿਰੋਧ ਕਰ ਰਹੇ ਹਨ। ਅਜਿਹੇ ਵਿਚ ਹੁਣ ਉੱਤਰਾਖੰਡ ਸਰਕਾਰ ਦੀ ਕੈਬਨਿਟ ਬੈਠਕ ਵਿਚ ਮਹੱਤਵਪੂਰਨ ਫੈਸਲਾ ਲਿਆ ਗਿਆ। ਜਿਸ 'ਚ ਬਦਰੀਨਾਥ, ਕੇਦਾਰਨਾਥ, ਗੰਗੋਤਰੀ, ਯਮੁਨੋਤਰੀ ਅਤੇ ਉਤਰਾਖੰਡ ਦੇ ਪ੍ਰਮੁੱਖ ਮੰਦਰਾਂ ਦੇ ਨਾਂ 'ਤੇ ਨਾ ਤਾਂ ਕੋਈ ਟਰੱਸਟ ਅਤੇ ਨਾ ਹੀ ਕੋਈ ਮੰਦਰ ਕਿਸੇ ਵਿਅਕਤੀ ਜਾਂ ਸੰਸਥਾ ਵੱਲੋਂ ਬਣਾਇਆ ਜਾਵੇਗਾ। ਉੱਤਰਾਖੰਡ ਸਰਕਾਰ ਦੀ ਕੈਬਨਿਟ ਨੇ ਇਸ ਸਬੰਧੀ ਸਖਤ ਕਾਨੂੰਨ ਬਣਾਉਣ ਦਾ ਮਤਾ ਪਾਸ ਕੀਤਾ ਹੈ।

ਮੁੱਖ ਮੰਤਰੀ ਕੇਜਰੀਵਾਲ ਦੀ ਗੈਰ-ਮੌਜੂਦਗੀ 'ਚ ਪਤਨੀ ਸੁਨੀਤਾ ਨੇ ਸੰਭਾਲੀ ਕਮਾਨ

ਸਿੰਮੀ ਕੌਰ ਬੱਬਰ

ਨਵੀਂ ਦਿੱਲੀ 19 ਜੁਲਾਈ। ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਗੈਰ-ਮੌਜੂਦਗੀ 'ਚ ਉਨ੍ਹਾਂ ਦੀ ਪਤਨੀ ਸੁਨੀਤਾ ਕੇਜਰੀਵਾਲ ਨੇ ਹਰਿਆਣਾ 'ਚ ਪਾਰਟੀ ਦੀ ਜਿੱਤ ਲਈ ਕਮਾਨ ਸੰਭਾਲ ਲਈ ਹੈ। ਆਮ ਆਦਮੀ ਪਾਰਟੀ (ਆਪ) ਹਰਿਆਣਾ ਲਈ ਪਾਰਟੀ ਦੇ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀਆਂ ਗਾਰੰਟੀਆਂ ਦੇ ਐਲਾਨ ਨਾਲ ਸ਼ਨੀਵਾਰ ਨੂੰ ਸੂਬੇ 'ਚ ਵਿਧਾਨ ਸਭਾ ਚੋਣਾਂ ਲਈ ਪ੍ਰਚਾਰ ਮੁਹਿੰਮ ਸ਼ੁਰੂ ਕਰੇਗੀ। 'ਆਪ' ਨੇ ਇਕ ਬਿਆਨ 'ਚ ਕਿਹਾ ਕਿ ਦਿੱਲੀ ਦੇ ਮੁੱਖ ਮੰਤਰੀ ਦੀ ਪਤਨੀ ਸੁਨੀਤਾ ਕੇਜਰੀਵਾਲ ਸ਼ਨੀਵਾਰ ਨੂੰ ਹਰਿਆਣਾ ਦੇ ਪੰਚਕੂਲਾ 'ਚ ਇਕ ਜਨਸਭਾ 'ਚ 'ਕੇਜਰੀਵਾਲ

ਦੀ ਗਾਰੰਟੀ' ਦਾ ਐਲਾਨ ਕਰੇਗੀ। ਬਿਆਨ 'ਚ ਕਿਹਾ ਗਿਆ ਹੈ ਕਿ ਉਨ੍ਹਾਂ ਨਾਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, 'ਆਪ' ਦੇ ਰਾਸ਼ਟਰੀ ਜਨਰਲ ਸਕੱਤਰ (ਸੰਗਠਨ) ਸੰਦੀਪ ਪਾਠਕ ਅਤੇ ਰਾਜ ਸਭਾ ਮੈਂਬਰ ਸੰਜੇ ਸਿੰਘ ਵੀ ਹੋਣਗੇ। ਦਿੱਲੀ ਦੇ ਮੁੱਖ ਮੰਤਰੀ ਅਤੇ 'ਆਪ' ਦੇ ਰਾਸ਼ਟਰੀ ਕਨਵੀਨਰ ਕੇਜਰੀਵਾਲ ਆਬਕਾਰੀ ਨੀਤੀ ਨਾਲ ਸੰਬੰਧਤ ਮਾਮਲੇ 'ਚ ਨਿਆਇਕ ਹਿਰਾਸਤ 'ਚ ਹਨ। ਸੁਨੀਤਾ ਕੇਜਰੀਵਾਲ ਨੇ ਹਾਲੀਆ ਲੋਕ ਸਭਾ ਚੋਣਾਂ 'ਚ ਦਿੱਲੀ, ਹਰਿਆਣਾ ਅਤੇ ਗੁਜਰਾਤ 'ਚ ਪਾਰਟੀ ਉਮੀਦਵਾਰਾਂ ਲਈ ਸਰਗਰਮ ਰੂਪ ਨਾਲ ਪ੍ਰਚਾਰ ਕੀਤਾ ਸੀ। 'ਆਪ' ਨੇ ਪਿਛਲੇ ਮੰਗਲਵਾਰ ਨੂੰ ਐਲਾਨ ਕੀਤਾ ਸੀ ਕਿ ਉਹ ਹਰਿਆਣਾ ਦੀਆਂ ਸਾਰੀਆਂ 90 ਵਿਧਾਨ ਸਭਾ ਸੀਟਾਂ 'ਤੇ ਚੋਣ ਲੜੇਗੀ। ਹਰਿਆਣਾ 'ਚ ਫਿਲਹਾਲ ਭਾਜਪਾ ਦੀ ਸਰਕਾਰ ਹੈ। 'ਆਪ' ਨੇ ਹਰਿਆਣਾ 'ਚ ਕਈ ਚੋਣਾਂ ਲੜੀਆਂ ਹਨ ਪਰ ਉਸ ਨੂੰ ਹੁਣ ਤੱਕ ਚੋਣ ਸਫਲਤਾ ਨਹੀਂ ਮਿਲੀ ਹੈ।

ਲਾਕਡੀਹ ਮਾਰਟਿਨ ਦੇ ਸੀ.ਈ.ਓ. ਨੇ ਪ੍ਰਧਾਨ ਮੰਤਰੀ ਮੋਦੀ ਨਾਲ ਕੀਤੀ ਮੁਲਾਕਾਤ

ਨਵੀਂ ਦਿੱਲੀ 19 ਜੁਲਾਈ। ਰੱਖਿਆ ਖੇਤਰ ਦੀ ਮੁੱਖ ਕੰਪਨੀ ਲਾਕਡੀਹ ਮਾਰਟਿਨ ਦੇ ਮੁੱਖ ਕਾਰਜਪਾਲਕ ਅਧਿਕਾਰੀ (ਸੀ.ਈ.ਓ.) ਜਿਮ ਟੇਸਲੇਟ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ। ਬੈਠਕ ਦੌਰਾਨ ਪ੍ਰਧਾਨ ਮੰਤਰੀ ਨੇ 'ਮੇਕ ਇਨ ਇੰਡੀਆ, ਮੇਕ ਫਾਰ ਵਰਲਡ' ਨੂੰ ਲੈ ਕੇ ਕੰਪਨੀ ਦੀ ਵਚਨਬੱਧਤਾ ਦੀ ਸ਼ਲਾਘਾ ਕੀਤੀ। ਇਹ ਮੁਲਾਕਾਤ ਵੀਰਵਾਰ ਨੂੰ ਹੋਈ। ਪ੍ਰਧਾਨ ਮੰਤਰੀ ਦਫਤਰ (ਪੀ.ਐੱਮ.ਓ.) ਨੇ ਸੋਸ਼ਲ ਮੀਡੀਆ ਮੰਚ 'ਐਕਸ' 'ਤੇ ਲਿਖਿਆ,"ਲਾਕਡੀਹ ਮਾਰਟਿਨ ਦੇ ਸੀ.ਈ.ਓ. ਜਿਮ ਟੇਸਲੇਟ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ। ਲਾਕਡੀਹ ਮਾਰਟਿਨ ਭਾਰਤ-ਅਮਰੀਕਾ ਏਅਰੋਸਪੇਸ ਅਤੇ ਰੱਖਿਆ ਉਦਯੋਗਿਕ ਸਹਿਯੋਗ 'ਚ ਇਕ ਮੁੱਖ ਭਾਗੀਦਾਰ ਹੈ। ਅਸੀਂ 'ਮੇਕ ਇਨ ਇੰਡੀਆ, ਮੇਕ ਫਾਰ ਵਰਲਡ' ਦੇ ਸੁਫਨੇ ਨੂੰ ਸਾਕਾਰ ਕਰਨ ਦੀ ਦਿਸ਼ਾ 'ਚ ਉਨ੍ਹਾਂ ਦੀ ਵਚਨਬੱਧਤਾ ਦਾ ਸਵਾਗਤ ਕਰਦੇ ਹਾਂ।" ਐਕਸ 'ਤੇ ਬੈਠਕ ਦੀਆਂ ਤਸਵੀਰਾਂ ਸਾਂਝੀਆਂ ਕਰਦੇ ਹੋਏ ਲਾਕਡੀਹ ਮਾਰਟਿਨ ਨੇ ਇਕ ਪੋਸਟ 'ਚ ਕਿਹਾ,"ਸੀ.ਈ.ਓ. ਜਿਮ ਟੇਸਲੇਟ ਮਾਨਯੋਗ ਨਰਿੰਦਰ ਮੋਦੀ ਨੂੰ ਮਿਲੇ। ਤਿੰਨ ਦਹਾਕਿਆਂ ਤੋਂ ਵੱਧ ਸਮੇਂ ਦੇ ਇਕ ਭਰੋਸੇਮੰਦ ਭਾਗੀਦਾਰ ਵਜੋਂ, ਅਸੀਂ ਸਥਾਨਕ ਉਦਯੋਗ ਦੀ ਹੋਣਹਾਰ ਪ੍ਰਤਿਭਾ ਅਤੇ ਸਮਰੱਥਾਵਾਂ ਨੂੰ ਪਛਾਣਦੇ ਹਨ।

ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਮੁੱਖ ਮੰਤਰੀ ਨਾਇਬ ਸੈਣੀ ਖੋਲ੍ਹਣਗੇ ਚੁਣਾਵੀ ਪਿਟਾਰਾ

ਨਵਦੀਪ ਸਿੰਘ ਸਾਹਨੀ

ਅੰਬਾਲਾ 19 ਜੁਲਾਈ। ਨਾਇਬ ਸੈਣੀ ਦੇ ਮੁੱਖ ਮੰਤਰੀ ਬਣਨ ਤੋਂ ਬਾਅਦ ਪਾਰਟੀ ਵਰਕਰਾਂ 'ਚ ਨਵੀਂ ਊਰਜਾ ਅਤੇ ਉਤਸਾਹ ਦਾ ਮਾਹੌਲ ਹੈ। ਲੋਕ ਸਭਾ ਚੋਣਾਂ ਵਿਚ ਮਿਲੀ ਹਾਰ ਨੂੰ ਭੁਲਾ ਕੇ ਪਾਰਟੀ ਦੇ ਜਿਆਦਾਤਰ ਵਰਕਰ ਫਿਰ ਤੋਂ ਖੜ੍ਹੇ ਹੋਣ ਲੱਗੇ ਹਨ ਜਦਕਿ ਕੁਝ ਅਜੇ ਵੀ ਅਲੱਗ-ਥਲੱਗ ਬੈਠੇ ਹਨ। ਭਾਜਪਾ ਦਾ ਮੰਨਣਾ ਹੈ ਕਿ ਕੇਡਰ ਬੇਸ ਪਾਰਟੀ ਹੋਣ ਕਾਰਨ ਕੁਝ ਵਰਕਰ ਨਾਰਾਜ ਹੋ ਸਕਦੇ ਹਨ ਪਰ ਆਪਣਾ ਰਸਤਾ ਨਹੀਂ ਬਦਲ ਸਕਦੇ। ਉਂਝ ਵੀ ਵਰਕਰਾਂ ਦੀ ਏਕਤਾ ਚੋਣਾਂ ਵਿਚ ਸੰਜੀਵਨੀ ਸਾਬਤ ਹੁੰਦੀ ਹੈ। ਮੁੱਖ

ਮੰਤਰੀ ਨੇ ਹਾਲ ਹੀ ਵਿਚ ਅਗਨੀਵੀਰਾਂ ਨੂੰ ਜੋ ਤੋਹਫਾ ਦਿੱਤਾ ਹੈ, ਉਸ ਤੋਂ ਫੌਜ ਹੀ ਨਹੀਂ ਸਗੋਂ ਨੌਜਵਾਨਾਂ ਦਾ ਵੀ ਮਨੋਬਲ ਵਧਾਏਗਾ। ਉਨ੍ਹਾਂ ਨੇ ਸਰਪੰਚਾਂ ਦਾ ਮਾਣ ਭੱਤਾ ਦੁੱਗਣਾ ਕਰਨ, ਕੱਚੇ ਸਰਕਾਰੀ ਮੁਲਾਜਮਾਂ ਦੀਆਂ ਤਨਖਾਹਾਂ ਵਧਾਉਣ, ਗਰੀਬਾਂ ਨੂੰ ਮੁਫਤ ਪਲਾਟ ਦੇਣ, ਗਰੀਬਾਂ ਨੂੰ ਮੁਫਤ ਬੱਸ ਸਫਰ ਕਰਨ ਲਈ ਹੈਪੀ ਕਾਰਡ ਦੇਣ ਅਤੇ ਹਜਾਰਾਂ ਪੱਕੀਆਂ ਨੌਕਰੀਆਂ ਦੇਣ ਦੀ ਜੋ ਸ਼ੁਰੂਆਤ ਕੀਤੀ ਹੈ, ਉਸ ਨਾਲ ਆਮ ਆਦਮੀ ਭਾਜਪਾ ਨਾਲ ਜੁੜਿਆ ਹੈ। ਅਜੇ ਤਾਂ ਚੋਣਾਂ ਤੋਂ ਪਹਿਲਾਂ ਮੁੱਖ ਮੰਤਰੀ ਨੇ ਆਪਣਾ ਚੁਣਾਵੀ ਪਿਟਾਰਾ ਖੋਲ੍ਹਣਾ ਹੈ। ਜਿਸ 'ਚੋਂ ਮਹਾਰਾਸਟਰ ਦੀ ਤਰਜ 'ਤੇ ਲਾਡਲਾ ਭਾਈ ਯੋਜਨਾ ਅਤੇ ਮੱਧ ਪ੍ਰਦੇਸ਼ ਦੀ ਲਾਡਲੀ ਬਹਿਨਾ ਯੋਜਨਾ ਵਰਗੇ ਕੁਝ ਵੱਡੇ ਐਲਾਨ ਵੀ ਨਿਕਲ ਸਕਦੇ ਹਨ। ਦਰਅਸਲ ਮਹਾਰਾਸ਼ਟਰ ਸਰਕਾਰ ਨੇ ਇਸ ਸਾਲ ਉਥੇ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜਰ ਲਾਡਲਾ ਭਾਈ ਯੋਜਨਾ ਸ਼ੁਰੂ ਕੀਤੀ ਹੈ, ਜਿਸ ਤਹਿਤ ਹਰ 12ਵੀਂ ਪਾਸ ਨੌਜਵਾਨ ਨੂੰ 6,000 ਰੁਪਏ, ਡਿਪਲੋਮਾ ਹੋਲਡਰ ਨੂੰ 8,000 ਰੁਪਏ ਅਤੇ ਗ੍ਰੈਜੂਏਟ ਨੂੰ 10,000 ਰੁਪਏ ਦਿੱਤੇ ਜਾਣਗੇ। ਇੱਥੇ ਵੀ ਅਗਲੇ ਤਿੰਨ ਮਹੀਨਿਆਂ ਬਾਅਦ ਵਿਧਾਨ ਸਭਾ ਚੋਣਾਂ ਹੋਣੀਆਂ ਹਨ, ਇਸ ਲਈ ਨਾਇਬ ਸੈਣੀ ਵੀ ਕੁਝ ਵੱਡੇ ਐਲਾਨ ਕਰ ਸਕਦੇ ਹਨ। ਹਰਿਆਣਾ ਵਿਚ ਬੇਰੁਜਗਾਰਾਂ ਦੀ ਵੱਡੀ ਫੌਜ ਹੈ। ਉਨ੍ਹਾਂ ਨੂੰ ਲਾਡਲਾ ਭਾਈ ਵਰਗੀ ਯੋਜਨਾ ਨਾਲ ਠੀਕ ਕੀਤਾ ਜਾ ਸਕਦਾ ਹੈ। ਉਂਝ ਸਿਆਸਤ 'ਚ ਇਹ ਰਿਵਾਜ ਬਣ ਗਿਆ ਹੈ ਕਿ ਕੁਝ ਦਿਓਗੇ ਤਾਂ ਹੀ ਮਿਲੇਗਾ। ਮੰਨਿਆ ਜਾ ਰਿਹਾ ਹੈ ਕਿ ਜੇਕਰ ਸੈਣੀ ਲੋਕ ਹਿੱਤ ਵਿਚ ਵੱਡੇ ਫੈਸਲੇ ਲੈਂਦੇ ਰਹੇ ਤਾਂ ਆਉਣ ਵਾਲੇ ਸਮੇਂ 'ਚ ਸੂਬੇ 'ਚ ਕਮਲ ਦਾ ਗ੍ਰਾਫ ਵੱਧ ਸਕਦਾ ਹੈ। ਆਮ ਵਰਕਰਾਂ ਨੂੰ ਹੁਣ ਉਨ੍ਹਾਂ ਦੇ ਦਰਵਾਜੇ 'ਤੇ ਦਸਤਕ ਦੇਣ ਵਿਚ ਕੋਈ ਪਰੇਸ਼ਾਨੀ ਨਹੀਂ ਆਉਂਦੀ। ਉਹ ਵਰਕਰਾਂ ਵਿਚ ਇਹ ਭਰੋਸਾ ਪੈਦਾ ਕਰਨ ਵਿਚ ਕਾਮਯਾਬ ਹੋ ਰਹੇ ਹਨ ਕਿ ਉਨ੍ਹਾਂ ਲਈ ਵਰਕਰ ਹੀ ਸਰਵਉੱਚ ਹਨ। ਕਰੀਬ ਸਾਢੇ 9 ਸਾਲ ਤੱਕ ਮੁੱਖ ਮੰਤਰੀ ਰਹੇ ਹੁਣ ਕੇਂਦਰੀ ਮੰਤਰੀ ਮਨੋਹਰ ਲਾਲ ਅਤੇ ਪਾਰਟੀ ਦੇ ਸਾਬਕਾ ਪ੍ਰਦੇਸ਼ ਪ੍ਰਧਾਨ ਓਮ ਪ੍ਰਕਾਸ਼ ਧਨਖੜ ਨੇ ਪਾਰਟੀ ਦੇ ਸੰਗਠਨ ਨੂੰ ਬੂਥ ਪੱਧਰ ਤੱਕ ਇਸ ਕਦਰ ਮਜਬੂਤ ਕਰ ਦਿੱਤਾ ਸੀ ਕਿ ਵਿਰੋਧੀ ਧਿਰ ਵੀ ਉਸ ਦਾ ਲੋਹਾ ਮੰਨਣ ਲੱਗਾ। 2019 ਦੀਆਂ ਲੋਕ ਸਭਾ ਚੋਣਾਂ 'ਚ ਸੂਬੇ ਦੀਆਂ ਸਾਰੀਆਂ 10 ਸੀਟਾਂ 'ਤੇ ਕਮਲ ਖਿੜਿਆ ਅਤੇ ਸੂਬਾ ਸਰਕਾਰ ਦੇ 5 ਸਾਲਾਂ ਦੇ ਸੱਤਾ ਵਿਰੋਧੀ ਕਾਰਜਕਾਲ ਦੇ ਬਾਵਜੂਦ ਸੂਬੇ 'ਚ ਭਾਜਪਾ ਦੀ ਸਰਕਾਰ ਬਣੀ। 2024 ਦੀਆਂ ਲੋਕ ਸਭਾ ਚੋਣਾਂ ਵਿਚ ਕਿਸਾਨਾਂ ਦੀ ਨਾਰਾਜਗੀ, ਕਾਂਗਰਸ ਵੱਲੋਂ ਰਾਖਵੇਂਕਰਨ ਨੂੰ ਖਤਮ ਕਰਨ ਦੀ ਮੁਹਿਮ ਅਤੇ ਪੰਨਾ ਪ੍ਰਧਾਨਾਂ ਦੀ ਅਯੋਗਤਾ ਭਾਜਪਾ ਦੇ ਖਿਲਾਫ ਇਕ ਵੱਡਾ ਕਾਰਨ ਸੀ। ਜਿਸ ਕਾਰਨ ਉਸ ਨੂੰ ਆਪਣੀਆਂ 5 ਸੀਟਾਂ ਗੁਆਉਣੀਆਂ ਪਈਆਂ। ਇਨ੍ਹਾਂ ਨਤੀਜਿਆਂ ਤੋਂ ਭਾਜਪਾ ਬੇਸੱਕ ਨਿਰਾਸ ਸੀ ਪਰ ਇਸ ਬਹਾਨੇ ਵਰਕਰਾਂ ਦੀ ਤਾਕਤ ਦਾ ਅਹਿਸਾਸ ਵੀ ਹੋਇਆ। ਮੁੱਖ ਮੰਤਰੀ ਬਣਨ ਤੋਂ ਬਾਅਦ ਨਾਇਬ ਸੈਣੀ ਦਾ ਸਭ ਤੋਂ ਵੱਡਾ ਕੰਮ ਜਨਤਕ ਨੁਮਾਇੰਦਿਆਂ ਦਾ ਸਨਮਾਨ ਬਹਾਲ ਕਰਨ ਲਈ ਅਫਸਰਸਾਹੀ 'ਤੇ ਸ਼ਿਕੰਜਾ ਕੱਸਣਾ ਸੀ ਅਤੇ ਉਨ੍ਹਾਂ ਨੇ ਕੁਝ

ਪਟਿਆਲਾ ਵਾਸੀਆਂ ਲਈ ਖਤਰੇ ਦੀ ਘੰਟੀ, ਮੰਡਰਾਉਣ ਲੱਗਾ ਇਹ ਵੱਡਾ ਖਤਰਾ

ਪਟਿਆਲਾ 19 ਜੁਲਾਈ। ਪਟਿਆਲਾ ਜਿ?ਲ੍ਹੇ ਵਿਚ ਡਾਇਰੀਆ ਦੇ ਮਰੀਜ ਸਾਹਮਣੇ ਆਉਣ ਤੋਂ ਬਾਅਦ ਸਿਹਤ ਵਿਭਾਗ ਪਟਿਆਲਾ ਨੇ ਪਿੰਡ ਝਿੱਲ ਅਤੇ ਆਸ-ਪਾਸ ਦੇ ਇਲਾਕਿਆਂ ਅਮਨ ਬਾਗ, ਬਾਬਾ ਦੀਪ ਸਿੰਘ ਨਗਰ ਅਤੇ ਰਤਨ ਨਗਰ 'ਚ ਡਾਇਰੀਆ ਦੇ ਪ੍ਰਕੋਪ ਦੀ ਰਿਪੋਰਟ ਤੋਂ ਬਾਅਦ ਸਰਵੇ ਕੀਤਾ। ਪਾਣੀ ਦੇ ਨਮੂਨੇ ਲਏ ਗਏ ਅਤੇ ਓ. ਆਰ. ਐੱਸ. ਅਤੇ ਜ਼ਿੰਕ ਦੀਆਂ ਗੋਲੀਆਂ ਘਰ-ਘਰ ਵੰਡੀਆਂ ਗਈਆਂ। ਸਿਵਲ ਸਰਜਨ-ਕਮ-ਚੀਫ ਮੈਡੀਕਲ ਅਫਸਰ ਪਟਿਆਲਾ ਦੇ ਨਿਰਦੇਸ਼ਾਂ 'ਤੇ ਡਾ. ਸੰਜੇ ਗੋਇਲ, ਡਾ. ਸੁਮਿਤ ਸਿੰਘ ਜ਼ਿਲ੍ਹਾ ਐਪੀਡੀਮੋਲੋਜਿਸਟ ਪਟਿਆਲਾ ਅਤੇ ਡਾ. ਦਿਵਜੋਤ ਸਿੰਘ ਇੰਚਾਰਜ ਆਈ. ਡੀ. ਐੱਸ. ਪੀ. ਪਟਿਆਲਾ ਦੀ ਦੇਖ-ਰੇਖ ਹੇਠ ਸਰਵੇ ਅਤੇ ਸੈਂਪਲਿੰਗ ਗਤੀਵਿਧੀਆਂ ਕਰਵਾਈਆਂ ਗਈਆਂ। ਏਰੀਆ ਮੈਡੀਕਲ ਅਫਸਰ ਡਾ. ਗੁਰਚੰਦਨ ਦੀਪ ਸਿੰਘ ਵੀ ਆਪਣੇ ਸਟਾਫ ਸਮੇਤ ਹਾਜਰ ਸਨ, ਮਰੀਜਾਂ ਨਾਲ ਮੁਲਾਕਾਤ ਕੀਤੀ ਅਤੇ ਮੈਡੀਕਲ ਜਾਂਚ ਉਪਰੰਤ ਅਗਲੇਰੀ ਦੇਖਭਾਲ ਲਈ ਤੁਰੰਤ ਉੱਚ ਕੇਂਦਰਾਂ 'ਚ ਰੈਫਰ ਕੀਤਾ। ਪਾਤੜਾਂ (ਸਨੇਹੀ) : ਪਾਤੜਾਂ ਵਿਚ ਪ੍ਰਦੂਸ਼ਿਤ ਪਾਣੀ-ਪੀਣ ਨਾਲ ਫੈਲੇ ਡਾਇਰੀਆ ਕਾਰਨ ਇਕ ਬਜੁਰਗ ਦੀ ਮੌਤ ਹੋ ਗਈ ਹੈ ਜਦ ਕਿ ਦਰਜਨ ਤੋਂ ਵੱਧ ਨਵੇਂ ਆਏ ਮਰੀਜਾਂ ਨੂੰ ਇਲਾਜ ਲਈ ਵੱਖ-ਵੱਖ ਹਸਪਤਾਲਾਂ ਵਿਚ ਦਾਖਲ ਕਰਵਾਇਆ ਗਿਆ ਹੈ । ਜਿਨ੍ਹਾਂ ਵਿਚੋਂ ਇਕ ਬੱਚੀ ਅਤੇ ਇਕ ਨੌਜਵਾਨ ਲੜਕੀ ਦੀ ਹਾਲਤ ਜਿ?ਆਦਾ ਸੀਰੀਅਸ ਹੋਣ ਕਾਰਨ ਉਨ੍ਹਾਂ ਨੂੰ ਭਗਵਾਨ ਹੈੱਲਥ ਸੈਂਟਰ ਦੇ ਆਈ. ਸੀ. ਯੂ ਵਿਚ ਰੱਖਿਆ ਗਿਆ ਹੈ। ਹੁਣ ਤੱਕ ਲਗਭਗ 80 ਦੇ ਕਰੀਬ

ਮਰੀਜ ਡਾਇਰੀਆ ਦੀ ਲਪੇਟ ਵਿਚ ਆ ਚੁੱਕੇ ਹਨ। ਸੀਨੀਅਰ ਮੈਡੀਕਲ ਅਫਸਰ ਪਾਤੜਾਂ ਡਾ. ਲਵਕੇਸ਼ ਕੁਮਾਰ ਨੇ ਦੱਸਿਆ ਕਿ ਡਾਇਰੀਆ ਦੀ ਬਿਮਾਰੀ ਤੋਂ ਪੀੜਤ ਜ਼ਿਆਦਾਤਰ ਮਰੀਜ 15 ਅਤੇ 16 ਵਾਰਡਾਂ ਦੇ ਹਨ। ਮਰੀਜਾਂ ਦੀ ਗਿਣਤੀ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ। ਜਿਨ੍ਹਾਂ 'ਚੋਂ ਵਾਰਡ ਨੰਬਰ 15 ਦੇ ਗੁਰੂ ਤੇਗ ਬਹਾਦਰ ਨਗਰ ਵਾਸੀ ਬਜੁਰਗ ਜਸਵੰਤ ਸਿੰਘ ਦੀ ਦਸਤ ਅਤੇ ਉਲਟੀਆਂ ਲੱਗਣ ਕਾਰਨ ਮੌਤ ਹੋ ਗਈ ਹੈ। ਨਗਰ ਕੌਂਸਲ ਪਾਤੜਾਂ ਦੀ ਕਾਰਜਸਾਧਕ ਅਫਸਰ ਬਲਜਿੰਦਰ ਕੌਰ, ਪ੍ਰਧਾਨ ਰਣਬੀਰ ਸਿੰਘ ਅਤੇ ਕਾਂਗਰਸ ਹਲਕਾ ਸ਼ੁਤਰਾਣਾ ਦੇ ਇੰਚਾਰਜ ਦਰਬਾਰਾ ਸਿੰਘ ਬੰਨਵਾਲਾ ਵੱਲੋਂ ਪ੍ਰਭਾਵਿਤ ਖੇਤਰਾਂ ਅਤੇ ਸਹਿਰ ਦੇ ਵੱਖ-ਵੱਖ ਹਸਪਤਾਲਾਂ ਵਿਚ ਜਾ ਕੇ ਮਰੀਜਾਂ ਦਾ ਹਾਲ ਜਾਣਿਆ। ਨਗਰ ਕੌਂਸਲ ਦੇ ਪ੍ਰਧਾਨ ਰਣਬੀਰ ਸਿੰਘ ਨੇ ਕਿਹਾ ਕਿ ਪ੍ਰਭਾਵਿਤ ਖੇਤਰਾਂ ਵਿਚ ਨਗਰ ਕੌਂਸਲ ਦੇ ਕਰਮਚਾਰੀਆਂ ਰਾਹੀਂ ਇਨ੍ਹਾਂ ਮੁਹੱਲਿਆਂ ਦੀ ਸਫਾਈ ਕਰਵਾ ਕੇ ਸਾਫ ਪੀਣ ਵਾਲੇ ਪਾਣੀ ਦੀ ਸਪਲਾਈ ਦੇਣ ਵਾਲੀਆਂ ਪਾਈਪਾਂ ਦੀ ਮੁਰੰਮਤ ਕਰਵਾ ਕੇ ਨਵੀਆਂ ਟੂਟੀਆਂ ਲਗਵਾ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਅੱਗੇ ਤੋਂ ਵੀ ਇਸ ਸਮੱਸਿਆ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਸ਼ਹਿਰ ਵਾਸੀਆਂ ਨੇ ਪੰਜਾਬ ਸਰਕਾਰ ਪਾਸੋਂ ਪੁਰਜੋਰ ਮੰਗ ਕੀਤੀ ਕਿ ਜਿੱਥੇ ਇੱਥੇ ਪੀਣ ਵਾਲੇ ਸਾਫ ਪਾਣੀ ਦੀ ਵਿਵਸਥਾ ਕੀਤੀ ਜਾਵੇ ਉਥੇ ਮਰੀਜਾਂ ਦਾ ਇਲਾਜ ਮੁਫਤ ਕੀਤਾ ਜਾਵੇ ਅਤੇ ਦੂਸ਼ਿਤ ਪਾਣੀ ਲਈ ਜ਼ਿੰਮੇਵਾਰ ਅਧਿਕਾਰੀਆਂ ਖਿ?ਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ।

ਤੁਸੀਂ ਵੀ ਰੱਖੀਆਂ ਨੇ ਮੱਝਾਂ-ਗਾਵਾਂ ਤਾਂ ਹੋ ਜਾਓ ਸਾਵਧਾਨ, ਸਰਕਾਰ ਨੇ ਕਰ 'ਤੀ ਸਖਤੀ

ਲੁਧਿਆਣਾ 18 ਜੁਲਾਈ। ਲੁਧਿਆਣਾ 'ਚ ਡੇਅਰੀ ਸੰਚਾਲਕਾਂ ਨੂੰ ਪ੍ਰਸ਼ਾਸਨ ਦੇ ਸਖਤ ਨਿਰਦੇਸ਼ ਜਾਰੀ ਹੋ ਗਏ ਹਨ। ਦਰਅਸਲ, ਬੁੱਢਾ ਨਾਲਾ ਦੇ ਆਲੇ-ਦੁਆਲੇ ਸਥਿਤ ਡੇਅਰੀ ਮਾਲਕਾਂ ਦੁਆਰਾ ਫੈਲਾਈ ਜਾ ਰਹੀ ਗੰਦਗੀ ਨੂੰ ਲੈ ਕੇ ਪ੍ਰਸ਼ਾਸਨ ਅਲਰਟ ਹੋ ਗਿਆ ਹੈ ਅਤੇ ਉਕਤ ਨਾਲੇ ਦੇ ਆਲੇ-ਦੁਆਲੇ ਸਥਿਤ ਡੇਅਰੀ ਸੰਚਾਲਕਾਂ ਨੂੰ ਸਖਤ ਨਿਰਦੇਸ਼ ਦਿੱਤੇ ਗਏ ਹਨ। ਪ੍ਰਸ਼ਾਸਨ ਨੇ ਆਪਣੇ ਆਦੇਸ਼ਾਂ 'ਚ ਕਿਹਾ ਹੈ ਕਿ ਨਾਲੇ ਦੇ ਆਸਪਾਸ ਬਿਨਾਂ ਐੱਨ.ਓ.ਸੀ. ਦੇ ਡੇਅਰੀ ਇਕਾਈਆਂ ਸੰਚਾਲਿਤ ਨਹੀਂ ਹੋਣਗੀਆਂ। ਦਰਅਸਲ, ਪੰਜਾਬ 'ਚ ਬੁੱਢਾ ਨਾਲਾ ਦੀ ਸਫਾਈ ਲਈ ਚੱਲ ਰਹੇ ਪ੍ਰਾਜੈਕਟ ਦੀ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਅੱਜ ਸਮੀਖਿਆ ਕੀਤੀ। ਬੈਠਕ ਦੌਰਾਨ ਡੀ.ਸੀ. ਸਾਹਨੀ ਨੇ ਡ੍ਰੇਨੇਜ ਵਿਭਾਗ ਦੇ ਅਧਿਕਾਰੀਆਂ ਨੂੰ ਦਰਿਆ ਦੀ ਮਾਰਕੀਟਿੰਗ ਪੂਰੀ ਕਰਨ ਤੋਂ ਬਾਅਦ ਨਾਜਾਇਜ ਕਬਜਿ?ਆਂ ਨੂੰ ਹਟਾਉਣ ਦੇ ਨਿਰਦੇਸ਼ ਦਿੱਤੇ ਅਤੇ ਨਾਲ ਹੀ ਨਾਲੇ ਦੇ ਆਲੇ-ਦੁਆਲੇ ਸਥਿਤ ਡੇਅਰੀ ਸੰਚਾਲਕਾਂ ਨੂੰ ਵੀ ਉਕਤ ਸਖਤ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ।

ਟਰੇਨਾਂ 'ਤੇ ਪੱਥਰਬਾਜੀ ਕਰਨ ਵਾਲਿਆਂ ਦੀ ਹੁਣ ਨਹੀਂ ਹੋਵੇਗੀ ਖੈਰ ! ਸਖਤ ਕਾਰਵਾਈ ਦੀ ਤਿਆਰੀ 'ਚ ਰੇਲਵੇ ਵਿਭਾਗ

ਡੇਰਾਬਸੀ 19 ਜੁਲਾਈ। ਬੀਤੇ ਦਿਨੀਂ ਡੇਰਾਬਸੀ ਵਿਖੇ ਚੱਲਦੀ ਸਤਾਬਦੀ ਟ੍ਰੇਨ 'ਤੇ ਕੁਝ ਸਰਾਰਤੀ ਅਨਸਰਾਂ ਨੇ ਪਥਰਾਅ ਕੀਤਾ, ਜਿਸ ਕਾਰਨ ਏ.ਸੀ. ਕੋਚ ਦੇ ਸੀਸੇ ਟੁੱਟ ਗਏ। ਮਾਮਲੇ ਸਬੰਧੀ ਯਾਤਰੀ ਵੱਲੋਂ ਰੇਲਵੇ ਵਿਭਾਗ ਕੋਲ ਆਨਲਾਈਨ ਸਿ?ਕਾਇਤ ਦਰਜ ਕਰਵਾਈ ਗਈ ਸੀ, ਜਿਸ 'ਤੇ ਕਾਰਵਾਈ ਕਰਦਿਆਂ ਰੇਲਵੇ ਪੁਲਸ ਨੇ ਟਰੈਕ ਪਾਰ ਕਰਨ ਵਾਲੇ ਲੋਕਾਂ ਦੇ ਚਲਾਨ ਕੱਟੇ ਅਤੇ ਉਨ੍ਹਾਂ 'ਚੋਂ ਕੁਝ ਦੇ ਮੋਬਾਈਲ ਵੀ ਜਬਤ ਕੀਤੇ। ਜਾਣਕਾਰੀ ਅਨੁਸਾਰ ਗੌਰਵ ਬਾਂਸਲ ਵੱਲੋਂ ਰੇਲਵੇ ਵਿਭਾਗ ਨੂੰ ਕੀਤੀ ਗਈ ਆਨਲਾਈਨ ਸਿ?ਕਾਇਤ 'ਚ ਕਿਹਾ ਗਿਆ ਹੈ ਕਿ ਉਹ 12 ਜੁਲਾਈ ਦੀ ਰਾਤ ਕਰੀਬ ਸਾਢੇ ਅੱਠ ਵਜੇ ਸਤਾਬਦੀ ਰਾਹੀਂ ਸਫਰ ਕਰ ਰਹੇ ਸੀ। ਕੁਝ ਸਰਾਰਤੀ ਅਨਸਰਾਂ ਨੇ ਚੱਲਦੀ ਟ੍ਰੇਨ 'ਤੇ ਪਥਰਾਅ ਕੀਤਾ, ਜਿਨ੍ਹਾਂ 'ਚੋਂ ਇਕ ਪੱਥਰ ਇਕ ਕੋਚ ਦੀ ਖਿੜਕੀ 'ਤੇ ਵੱਜਿਆ, ਜਿਸ ਨਾਲ ਖਿੜਕੀ

ਦੇ ਸੀਸੇ ਟੁੱਟ ਗਏ। ਇਸ ਮਾਮਲੇ ਸਬੰਧੀ ਆਨਲਾਈਨ ਮਿਲੀ ਸਿ?ਕਾਇਤ 'ਤੇ ਕਾਰਵਾਈ ਕਰਦਿਆਂ ਰੇਲਵੇ ਪੁਲਸ ਨੇ ਬੀਤੀ ਸਾਮ ਪਟੜੀ ਪਾਰ ਕਰਨ ਵਾਲੇ ਲੋਕਾਂ ਦੇ ਚਲਾਨ ਕੱਟੇ ਅਤੇ ਮੋਬਾਈਲ ਫੋਨ ਜਬਤ ਕਰ ਲਏ। ਲੋਕਾਂ ਤੋਂ ਜਬਤ ਕੀਤੇ ਗਏ ਇਹ ਮੋਬਾਈਲ ਅਦਾਲਤ 'ਚ ਚਲਾਨ ਪੇਸ ਕਰਨ ਤੋਂ ਬਾਅਦ ਹੀ ਵਾਪਸ ਕੀਤੇ ਜਾਣਗੇ। ਰੇਲਵੇ ਪ੍ਰੋਟੈਕਸਨ ਫੋਰਸ ਦੇ ਏ.ਐੱਸ.ਆਈ. ਸੱਤਿਅਮ ਕੁਮਾਰ ਨੇ ਲੋਕਾਂ ਨੂੰ ਰੇਲਵੇ ਟ੍ਰੈਕ ਅਤੇ ਹੋਰ ਰੇਲਵੇ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਰੇਲਵੇ ਟ੍ਰੈਕ 'ਤੇ ਕੁਝ ਕਰਦਾ ਹੈ ਜਾਂ ਰੇਲਵੇ ਲਾਈਨ ਨਾਲ ਛੇੜਛਾੜ ਕਰਦਾ ਹੈ ਤਾਂ ਉਸ ਖਿ?ਲਾਫ ਕਾਰਵਾਈ ਕੀਤੀ ਜਾਵੇਗੀ ਅਤੇ ਮਾਮਲਾ ਦਰਜ ਕੀਤਾ ਜਾਵੇਗਾ। ਜਿਸ 'ਚ ਜੁਰਮਾਨੇ ਦੇ ਨਾਲ-ਨਾਲ ਸਜਾ ਵੀ ਹੋ ਸਕਦੀ ਹੈ।

ਨਗਰ ਨਿਗਮ ਪਠਾਨਕੋਟ ਦੇ ਕਰੀਬ 441 ਕਰਮਚਾਰੀਆਂ ਨੂੰ ਮੰਤਰੀ ਕਟਾਰੂਚੱਕ ਨੇ ਦਿੱਤੇ ਆਫਰ ਲੈਟਰ

ਪਠਾਨਕੋਟ 19 ਜੁਲਾਈ। ਨਗਰ ਨਿਗਮ ਪਠਾਨਕੋਟ ਦੇ ਕਰੀਬ 441 ਕਰਮਚਾਰੀ, ਜੋ ਲੰਮੇ ਸਮੇਂ ਤੋਂ ਆਊਟਸੋਰਸ 'ਤੇ ਕੰਮ ਕਰ ਰਹੇ ਹਨ, ਨੂੰ ਕੰਟਰੈਕਟ 'ਤੇ ਲਿਆ ਗਿਆ ਹੈ, ਜਿਨ੍ਹਾਂ 'ਚ ਕਰੀਬ 327 ਸਫਾਈ ਕਰਮਚਾਰੀ ਅਤੇ ਬਾਕੀ ਸੀਵਰਮੈਨ ਹਨ ਅਤੇ ਆਉਣ ਵਾਲੇ ਸਮੇਂ 'ਚ ਇਨ੍ਹਾਂ ਨੂੰ ਹੋਰ ਵੀ ਤਰੱਕੀ ਮਿਲੇਗੀ, ਹੁਣ ਇਹ ਕਰਮਚਾਰੀ ਠੇਕੇਦਾਰੀ ਪ੍ਰਣਾਲੀ 'ਚੋਂ ਨਿਕਲ ਕੇ ਸਰਕਾਰ ਦੇ ਦਾਇਰੇ 'ਚ ਆ ਗਏ ਹਨ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਨੇ ਨਗਰ ਨਿਗਮ ਪਠਾਨਕੋਟ ਵਿਖੇ ਆਯੋਜਿਤ ਸਮਾਰੋਹ ਦੌਰਾਨ ਕੀਤਾ। ਇਸ ਸਮੇਂ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਕਾਰਪੋਰੇਸ਼ਨ ਪਠਾਨਕੋਟ ਦੇ ਅਧੀਨ ਆਊਟਸੋਰਸ 'ਤੇ ਕੰਮ ਕਰ ਰਹੇ ਸਫਾਈ ਸੇਵਕ ਅਤੇ ਸੀਵਰਮੈਨ, ਜੋ ਕਿ ਪਿਛਲੇ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੇ ਹਨ, ਅੱਜ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਦੇ ਸਦਕਾ ਇਨ੍ਹਾਂ ਕਰਮਚਾਰੀਆਂ ਨੂੰ ਆਊਟਸੋਰਸ ਤੋਂ ਕੰਟਰੈਕਟ 'ਤੇ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਕਰੀਬ 441 ਕਰਮਚਾਰੀਆਂ ਨੂੰ ਆਫਰ ਲੈਟਰ ਵੰਡੇ ਗਏ ਹਨ। ਇਸ ਮੌਕੇ ਅੰਕੁਰਜੀਤ ਸਿੰਘ ਵਧੀਕ ਡਿਪਟੀ ਕਮਿਸ਼ਨਰ (ਜ) ਪਠਾਨਕੋਟ, ਵਿਭੂਤੀ ਸ਼ਰਮਾ ਚੇਅਰਮੈਨ ਟੂਰਿਜਮ ਵਿਭਾਗ ਪੰਜਾਬ, ਪੰਨਾ ਲਾਲ ਭਾਟੀਆ ਮੇਅਰ ਨਗਰ ਨਿਗਮ ਪਠਾਨਕੋਟ, ਸਤੀਸ਼ ਮਹਿੰਦਰੂ ਚੇਅਰਮੈਨ ਦਾ ਹਿੰਦੂ ਕਾਰਪੋਰੇਟਿਵ ਬੈਂਕ ਪਠਾਨਕੋਟ ਅਤੇ ਹੋਰ ਪਾਰਟੀ ਕਾਰਜਕਰਤਾ ਵੀ ਹਾਜਰ ਸਨ।

ਲੁਧਿਆਣਾ 'ਚ ਕੱਪੜੇ ਦੇ ਗੋਦਾਮ ਨੂੰ ਲੱਗੀ ਅੱਗ

ਲੁਧਿਆਣਾ 19 ਜੁਲਾਈ। ਲੁਧਿਆਣਾ ਦੇ ਭਦੌੜ ਹਾਊਸ ਏ.ਸੀ. ਮਾਰਕੀਟ ਦੇ ਨੇੜੇ ਇਕ ਕੱਪੜਿਆਂ ਦੇ ਗੋਦਾਮ ਨੂੰ ਅੱਗ ਲੱਗ ਗਈ ਹੈ। ਇਹ ਗਲੀ ਬੰਦ ਹੋਣ ਕਾਰਨ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਵੀ ਗਲੀ ਵਿਚ ਨਹੀਂ ਜਾ ਪਾ ਰਹੀਆਂ ਤੇ ਫਾਇਰ ਬ੍ਰਿਗੇਡ ਦੀ ਟੀਮ ਵੱਲੋਂ ਪੁਲ 'ਤੇ ਹੀ ਗੱਡੀਆਂ ਲਗਾ ਕੇ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਇਮਾਰਤ ਵਿਚ ਲੱਖਾਂ ਰੁਪਏ ਦੇ ਰੈਡੀਮੇਡ ਕੱਪੜੇ ਪਏ ਹੋਏ ਹਨ। ਮੁੱਢਲੀ ਜਾਣਕਾਰੀ ਮੁਤਾਬਕ ਪਹਿਲੀ ਮੰਜਿ?ਲ 'ਤੇ ਦੀਪਕ ਪੁਰੀ ਨਾਂ ਦੇ ਵਿਅਕਤੀ ਦਾ ਕੱਪੜੇ ਦਾ ਗੋਦਾਮ ਹੈ

ਚੈਕਿੰਗ ਦੌਰਾਨ ਪੁਲਸ ਨੇ ਰੋਕੇ ਮੋਟਰਸਾਈਕਲ ਸਵਾਰ, ਚੈਕਿੰਗ ਦੌਰਾਨ ਨਾਜਾਇਜ ਪਿਸਤੌਲ ਤੇ ਜਿੰਦਾ ਰੌਂਦ ਹੋਏ ਬਰਾਮਦ

ਝਬਾਲ 19 ਜੁਲਾਈ। ਐੱਸ.ਐੱਸ.ਪੀ. ਤਰਨਤਾਰਨ ਦੇ ਹੁਕਮਾਂ ਅਤੇ ਡੀ.ਐੱਸ.ਪੀ. ਤਰਸੇਮ ਮਸੀਹ ਦੇ ਦਿਸਾ ਨਿਰਦੇਸਾਂ ਤੇ ਥਾਣਾ ਝਬਾਲ ਦੀ ਪੁਲਸ ਵੱਲੋਂ ਸਮਾਜ ਵਿਰੋਧੀ ਅਨਸਰਾਂ ਖਿਲਾਫ ਸੁਰੂ ਕੀਤੀ ਮੁਹਿੰਮ ਤਹਿਤ ਥਾਣਾ ਝਬਾਲ ਦੀ ਪੁਲਿਸ ਨੇ ਦੋ ਮੋਟਰਸਾਈਕਲ ਸਵਾਰ ਨੌਜਵਾਨਾਂ ਨੂੰ ਨਾਜਾਇਜ 32 ਬੋਰ ਦੇ ਦੇਸੀ ਪਿਸਤੌਲ ਤੇ ਚਾਰ ਜਿ?ਦਾ ਰੌਂਦਾਂ ਸਮੇਤ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਇੰਸਪੈਕਟਰ ਪਰਮਜੀਤ ਸਿੰਘ ਵਿਰਦੀ ਨੇ ਦੱਸਿਆ ਕਿ ਥਾਣਾ ਝਬਾਲ ਦੀ ਪੁਲਸ ਵੱਲੋਂ ਪੰਜਵੜ ਖੁਰਦ ਮੋੜ 'ਤੇ ਨਾਕਾ ਲਗਾ

ਕੇ ਸੱਕੀ ਵਿਅਕਤੀਆਂ ਦੀ ਤਲਾਸੀ ਕੀਤੀ ਜਾ ਰਹੀ ਸੀ ਕਿ ਇੱਕ ਮੋਟਰਸਾਈਕਲ 'ਤੇ ਸਵਾਰ ਦੋ ਨੌਜਵਾਨ ਸ਼ੱਕੀ ਹਾਲਤ ਵਿੱਚ ਆਉਂਦੇ ਹੋਏ ਦਿਖਾਈ ਦਿੱਤੇ। ਪੁਲਸ ਪਾਰਟੀ ਨੇ ਉਨ੍ਹਾਂ ਨੂੰ ਰੁਕਣ ਦਾ ਇਸਾਰਾ ਕੀਤਾ ਅਤੇ ਜਦੋਂ ਉਨ੍ਹਾਂ ਨੂੰ ਰੋਕ ਕੇ ਪੁੱਛਗਿੱਛ ਕੀਤੀ ਤਾਂ ਉਹ ਮੋਟਰਸਾਈਕਲ ਦੇ ਕਾਗਜ ਨਹੀਂ ਦਿਖਾ ਸਕੇ, ਜਿਸ 'ਤੇ ਸੱਕ ਪੈਣ ਕਾਰਨ ਪੁਲਸ ਨੇ ਉਨ੍ਹਾਂ ਦੀ ਤਲਾਸੀ ਲਈ। ਉਕਤ ਨੌਜਵਾਨਾਂ ਦੀ ਪੁੱਛ-ਪੜਤਾਲ ਕਰਨ 'ਤੇ ਉਨ੍ਹਾਂ ਦੀ ਪਛਾਣ ਗੁਰਮੀਤ ਸਿੰਘ ਵਿੱਕੀ ਪੁੱਤਰ ਛਿੰਦਾ ਸਿੰਘ ਵਾਸੀ ਪੱਧਰੀ ਅਤੇ ਵਿਮਲਜੀਤ ਸਿੰਘ ਉਰਫ ਵਿਮਲ ਪੁੱਤਰ ਗੁਰਲਾਲ ਸਿੰਘ ਵਾਸੀ ਲਖਨਾ ਤਪਾ ਵਜੋਂ ਹੋਈ ਹੈ। ਉਨ੍ਹਾਂ ਕੋਲੋਂ ਬਰਾਮਦ ਹੋਏ ਇੱਕ 32 ਬੋਰ ਦੇ ਦੇਸੀ ਨਾਜਾਇਜ ਰਿਵਾਲਵਰ ਅਤੇ ਚਾਰ ਜਿ?ਦਾ ਰੌਂਦਾਂ ਬਾਰੇ ਪੁੱਛਗਿੱਛ ਕੀਤੀ ਜਾ ਰਹੀ ਹੈ। ਉਨ੍ਹਾਂ ਖਿ?ਲਾਫ ਥਾਣਾ ਝਬਾਲ ਵਿਖੇ ਮਾਮਲਾ ਦਰਜ ਕਰ ਕੇ ਅਗਲੇਰੀ ਜਾਂਚ ਸੁਰੂ ਕਰ ਦਿੱਤੀ ਗਈ ਹੈ।

ਜਲੰਧਰ 'ਚ ਜਿਮਨੀ ਚੋਣ ਲੜਨ ਵਾਲੀ ਅਕਾਲੀ ਆਗੂ ਸੁਰਜੀਤ ਕੌਰ ਦੀਆਂ ਵਧੀਆ ਮੁਸ਼ਕਿਲਾਂ

ਜਲੰਧਰ 19 ਜੁਲਾਈ। ਜਲੰਧਰ ਵੈਸਟ ਹਲਕੇ ਤੋਂ ਜਿ?ਮਨੀ ਚੋਣ ਲੜਨ ਵਾਲੀ ਅਕਾਲੀ ਦਲ ਦੀ ਉਮੀਦਵਾਰ ਸੁਰਜੀਤ ਕੌਰ ਦੀਆਂ ਮੁਸ਼ਕਿਲਾਂ ਵਧਦੀਆਂ ਨਜਰ ਆ ਰਹੀਆਂ ਹਨ। ਦਰਅਸਲ ਪੰਜਾਬ ਭਾਜਪਾ ਦੇ ਅਨੁਸੂਚਿਤ ਜਾਤੀ ਵਿੰਗ ਦੇ ਪ੍ਰਧਾਨ ਅਤੇ ਸਾਬਕਾ ਆਈ. ਏ. ਐੱਸ. ਅਧਿਕਾਰੀ ਸੁੱਚਾ ਰਾਮ ਲਾਧਰ ਨੇ ਰਾਸ਼ਟਰੀ ਅਨੂਸੂਚਿਤ ਜਾਤੀ ਕਮਿਸ਼ਨ, ਚੋਣ ਕਮਿਸ਼ਨ ਅਤੇ ਪੰਜਾਬ ਸਰਕਾਰ ਨੂੰ ਸ਼ਿਕਾਇਤ ਭੇਜ ਕੇ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਸੁਰਜੀਤ ਕੌਰ ਦੇ ਜਾਤੀ ਪ੍ਰਮਾਣ ਪੱਤਰ ਅਤੇ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ ਕਿਉਂਕਿ ਜਿਸ ਸੀਟ 'ਤੇ ਉਨ੍ਹਾਂ ਨੇ ਚੋਣ ਲੜੀ ਸੀ, ਉਹ ਐੱਸ. ਸੀ. ਸੀਟ ਹੈ। ਅਜਿਹੇ 'ਚ ਸਿ?ਕਾਇਤ 'ਚ ਕਿਹਾ ਗਿਆ ਹੈ ਕਿ ਉਕਤ ਸੁਰਜੀਤ ਕੌਰ ਐੱਸ. ਸੀ. ਭਾਈਚਾਰੇ ਨਾਲ ਸੰਬੰਧ ਨਹੀਂ ਰੱਖਦੀ ਹੈ। ਭਾਜਪਾ ਆਗੂ ਸੁੱਚਾ ਰਾਮ ਵੱਲੋਂ ਭੇਜੀ ਸਿ?ਕਾਇਤ ਵਿੱਚ ਉਨ੍ਹਾਂ ਦੋਸ ਲਗਾਇਆ ਹੈ ਕਿ ਵੋਟਾਂ 'ਤੇ ਅਸਰ ਪੈਣ ਕਾਰਨ ਚੋਣਾਂ ਦੌਰਾਨ ਕਿਸੇ ਵੀ ਸਿਆਸੀ ਪਾਰਟੀ ਜਾਂ ਆਗੂ ਨੇ ਸਿ?ਕਾਇਤ ਨਹੀਂ ਕੀਤੀ। ਹੁਣ ਚੋਣ ਪ੍ਰਕਿਰਿਆ ਖਤਮ ਹੋ ਚੁੱਕੀ ਹੈ। ਇਸ ਲਈ ਸੁਰਜੀਤ ਕੌਰ ਵੱਲੋਂ ਬਣਾਏ ਜਾਅਲੀ ਐੱਸ. ਸੀ. ਸਰਟੀਫਿ?ਕੇਟ

ਦੀ ਜਾਂਚ ਕੀਤੀ ਜਾਵੇ ਅਤੇ ਜਾਅਲੀ ਸਰਟੀਫਿ?ਕੇਟ ਬਣਾਉਣ ਦੇ ਦੋਸਾਂ ਤਹਿਤ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਸਾਬਕਾ ਆਈ. ਏ. ਐੱਸ. ਅਧਿਕਾਰੀ ਦਾ ਕਹਿਣਾ ਹੈ ਕਿ ਚੋਣਾਂ ਦੌਰਾਨ ਜਦੋਂ ਸ਼੍ਰੋਮਣੀ ਅਕਾਲੀ ਦਲ ਨੇ ਆਪਣੀ ਉਮੀਦਵਾਰੀ ਵਾਪਸ ਲੈਣ ਦਾ ਐਲਾਨ ਕੀਤਾ ਤਾਂ ਰਾਜਪੂਤ (ਸਿਰਕੀਬੰਦ) ਭਾਈਚਾਰੇ ਦੇ ਲੋਕਾਂ ਨੇ ਪ੍ਰੈੱਸ ਕਾਨਫਰੰਸ ਕਰਕੇ ਸੁਰਜੀਤ ਕੌਰ ਦੇ ਹੱਕ ਵਿੱਚ

ਪੰਜਾਬ ਪੁਲਸ ਦੀ ਵੱਡੀ ਕਾਰਵਾਈ, ਭਾਰੀ ਮਾਤਰਾ 'ਚ ਅਫੀਮ ਸਣੇ 2 ਗ੍ਰਿਫਤਾਰ

ਫਤਿਹਗੜ੍ਹ ਸਾਹਿਬ 19 ਜੁਲਾਈ। ਥਾਣਾ ਸਰਹਿੰਦ ਪੁਲਸ ਨੇ ਜ਼ਿਲ੍ਹਾ ਪੁਲਸ ਮੁਖੀ ਡਾ. ਰਵਜੋਤ ਗਰੇਵਾਲ ਦੇ ਹੁਕਮਾਂ ’ਤੇ ਚਲਾਈ ਨਸ਼ਾ ਵਿਰੋਧੀ

ਮੁਹਿੰਮ ਦੇ ਤਹਿਤ 2 ਕਿਲੋ ਅਫੀਮ ਸਣੇ 2 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀ. ਐੱਸ. ਪੀ. ਸੁਖਵੀਰ ਸਿੰਘ ਅਤੇ ਥਾਣਾ ਸਰਹਿੰਦ ਦੇ ਐੱਸ. ਐੱਚ. ਓ. ਨਰਪਿੰਦਰ ਸਿੰਘ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਜਸਵਿੰਦਰ ਸਿੰਘ ਨੇ ਪੁਲਸ ਪਾਰਟੀ ਸਣੇ ਟੀ-ਪੁਆਂਇਟ ਪਿੰਡ ਤਰਖਾਣ ਮਾਜਰਾ ਕੋਲੋਂ ਗਸ਼ਤ ਦੌਰਾਨ ਭਾਦਸੋਂ ਸਾਈਡ ਤੋਂ ਐਕਟਿਵਾ ਨੰਬਰ ਪੀ. ਬੀ. 10 ਐੱਚ. ਐੱਚ. 8616 ਤੇ ਆਉਂਦੇ 2 ਵਿਅਕਤੀਆਂ ਨੂੰ ਸ਼ੱਕ ਦੇ ਆਧਾਰ ’ਤੇ ਰੋਕ ਕੇ ਤਲਾਸ਼ੀ ਲਈ ਤਾਂ ਉਨ੍ਹਾਂ ਕੋਲੋਂ 2 ਕਿਲੋ ਅਫੀਮ ਬਰਾਮਦ ਹੋਈ। ਕਾਬੂ ਕੀਤੇ ਵਿਅਕਤੀਆਂ ਦੀ ਪਛਾਣ ਬਲਜੀਤ ਸਿੰਘ ਪੁੱਤਰ ਮਾੜਾ ਸਿੰਘ ਵਾਸੀ ਪਿੰਡ ਗੁਰਮ ਨੇੜੇ ਡੇਹਲੋਂ ਜ਼ਿਲ੍ਹਾ ਲੁਧਿਆਣਾ ਅਤੇ ਸ਼ਾਮ ਲਾਲ ਪੁੱਤਰ ਭਾਗਲ ਰਾਮ ਵਾਸੀ ਹਾਲਾਪੁਰ ਜ਼ਿਲ੍ਹਾ ਸੁਲਤਾਨਪੁਰ ਯੂ. ਪੀ., ਹਾਲ ਵਾਸੀ ਡੇਹਲੋਂ ਦੇ ਤੌਰ ’ਤੇ ਹੋਈ ਹੈ। ਬਲਜੀਤ ਸਿੰਘ ਅਤੇ ਸ਼ਾਮ ਲਾਲ ਦੇ ਖਿਲਾਫ ਐੱਨ. ਡੀ. ਪੀ. ਐੱਸ. ਐਕਟ ਅਧੀਨ ਥਾਣਾ ਸਰਹਿੰਦ ਵਿਖੇ ਮਾਮਲਾ ਦਰਜ ਕਰਕੇ ਮਾਨਯੋਗ ਅਦਾਲਤ ਫਤਿਹਗੜ੍ਹ ਸਾਹਿਬ ’ਚ ਪੇਸ਼ ਕਰਕੇ 2 ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਹੈ ਅਤੇ ਉਸ ਤੋਂ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ।

ਸਮਾਰਟ ਸਿਟੀ ਦੇ ਕੰਮਾਂ ਦੀ ਵਿਜੀਲੈਂਸ ਜਾਂਚ ਲਈ ਪੰਜਾਬ ਸਰਕਾਰ ਨੇ ਬਣਾਈਆਂ ਟੈਕਨੀਕਲ ਟੀਮਾਂ

ਜਲੰਧਰ 19 ਜੁਲਾਈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸਮਾਰਟ ਸਿਟੀ ਮਿਸ਼ਨ ਤਹਿਤ ਪਿਛਲੇ 5 ਸਾਲਾਂ ਦੌਰਾਨ ਜਲੰਧਰ ਸਮਾਰਟ ਸਿਟੀ ਨੇ ਕੁੱਲ 64 ਪ੍ਰਾਜੈਕਟ ਬਣਾਏ, ਜਿਨ੍ਹਾਂ ਵਿਚੋਂ ਲਗਭਗ 30 ਪ੍ਰਾਜੈਕਟ ਤਾਂ ਪੂਰੇ ਹੋ ਚੁੱਕੇ ਹਨ ਪਰ 30 ਪ੍ਰਾਜੈਕਟ ਅਜੇ ਵੀ ਅਜਿਹੇ ਹਨ, ਜਿਹੜੇ ਕਿਸੇ ਨਾ ਕਿਸੇ ਕਾਰਨ ਕਰਕੇ ਲਟਕ ਰਹੇ ਹਨ। ਬਾਕੀ ਬਚਦੇ 4-5 ਪ੍ਰਾਜੈਕਟ ਰੱਦ ਕੀਤੇ ਜਾ ਚੁੱਕੇ ਹਨ। ਸਮਾਰਟ ਸਿਟੀ ਦੇ ਲਟਕ ਰਹੇ ਪ੍ਰਾਜੈਕਟਾਂ ਕਾਰਨ ਸ਼ਹਿਰ ਨਿਵਾਸੀ ਲੰਮੇ ਸਮੇਂ ਤੋਂ ਸਮੱਸਿਆਵਾਂ ਝੱਲ ਰਹੇ ਹਨ, ਜਿਸ ਕਾਰਨ ਨਾ ਸਿਰਫ ਪਹਿਲੀ ਕਾਂਗਰਸ ਸਰਕਾਰ, ਸਗੋਂ ਮੌਜੂਦਾ ‘ਆਪ’ ਸਰਕਾਰ ਨੂੰ ਵੀ ਆਲੋਚਨਾ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੱਤਾ ’ਤੇ ਕਾਬਜ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲਗਭਗ 9 ਮਹੀਨੇ ਪਹਿਲਾਂ ਜਲੰਧਰ ਸਮਾਰਟ ਸਿਟੀ ਵੱਲੋਂ ਕਰਵਾਏ ਗਏ ਸਾਰੇ ਪ੍ਰਾਜੈਕਟਾਂ ਦੀ ਜਾਂਚ ਦਾ ਜ਼ਿਮਾ ਵਿਜੀਲੈਂਸ ਬਿਊਰੋ ਨੂੰ ਸੌਂਪ ਦਿੱਤਾ ਸੀ ਪਰ ਕਈ ਕਾਰਨਾਂ ਕਰਕੇ ਵਿਜੀਲੈਂਸ ਇਸ ਜਾਂਚ ਨੂੰ ਜ਼ਿਆਦਾ ਅੱਗੇ ਨਹੀਂ ਵਧਾ ਸਕੀ। ਵਿਜੀਲੈਂਸ ਨਾਲ ਜੁੜੇ ਅਧਿਕਾਰੀਆਂ ਨੇ ਇਸ ਜਾਂਚ ਲਈ ਪੰਜਾਬ ਸਰਕਾਰ ਤੋਂ ਟੈਕਨੀਕਲ ਟੀਮਾਂ ਦੀ ਮੰਗ ਕੀਤੀ ਸੀ। ਪਤਾ ਲੱਗਾ ਹੈ ਕਿ ਹੁਣ ਜਾ ਕੇ ਪੰਜਾਬ ਸਰਕਾਰ ਨੇ ਪੀ. ਡਬਲਯੂ. ਡੀ. ਅਤੇ ਹੋਰ ਵਿਭਾਗਾਂ ’ਤੇ ਆਧਾਰਿਤ

ਟੈਕਨੀਕਲ ਟੀਮਾਂ ਦਾ ਗਠਨ ਕਰ ਦਿੱਤਾ ਹੈ, ਜਿਸ ਵਿਚ ਜੇ. ਈ. ਅਤੇ ਐੱਸ. ਡੀ. ਓ. ਪੱਧਰ ਦੇ ਅਧਿਕਾਰੀ ਤੋਂ ਇਲਾਵਾ ਉੱਚ ਅਹੁਦਿਆਂ ’ਤੇ ਤਾਇਨਾਤ ਅਧਿਕਾਰੀ ਵੀ ਸ਼ਾਮਲ ਹਨ। ਇਹ ਟੀਮਾਂ ਜਲਦ ਵਿਜੀਲੈਂਸ ਬਿਊਰੋ ਦੀ ਸਹਾਇਤਾ ਲਈ ਭੇਜੀਆਂ ਜਾ ਰਹੀਆਂ ਹਨ, ਜਿਸ ਤੋਂ ਬਾਅਦ ਸਾਈਟ ’ਤੇ ਜਾ ਕੇ ਜਾਂਚ ਆਰੰਭ ਹੋ ਜਾਵੇਗੀ। ਹੁਣ ਤੱਕ ਵਿਜੀਲੈਂਸ ਬਿਊਰੋ ਨਾਲ ਜੁੜੇ ਅਧਿਕਾਰੀਆਂ ਨੇ ਕਈ ਪ੍ਰਾਜੈਕਟਾਂ ਦੀ ਜਿਹੜੀ ਦਸਤਾਵੇਜੀ ਜਾਂਚ ਕੀਤੀ ਹੈ, ਉਸ ਵਿਚ ਇਹ ਗੱਲ ਪ੍ਰਮੁੱਖ ਰੂਪ ਨਾਲ ਉਭਰ ਕੇ ਸਾਹਮਣੇ ਆ ਰਹੀ ਹੈ ਕਿ ਜਿਹੜੀ ਡੀ. ਪੀ. ਆਰ. ਬਣੀ ਜਾਂ ਟੈਂਡਰ ਲੱਗੇ, ਉਨ੍ਹਾਂ ਦੇ ਉਲਟ ਜਾ ਕੇ ਹੀ ਕਈ ਅਜਿਹੇ ਕੰਮ ਕਰਵਾਏ ਗਏ, ਜਿਨ੍ਹਾਂ ਦਾ ਵਰਣਨ ਹੀ ਡੀ. ਪੀ. ਆਰ. ਅਤੇ ਟੈਂਡਰ ਵਿਚ ਨਹੀਂ ਸੀ। 21 ਕਰੋੜ ਰੁਪਏ ਦੇ ਚੌਕ ਸੁੰਦਰੀਕਰਨ ਪ੍ਰਾਜੈਕਟ ਤਹਿਤ ਸ਼ਹਿਰ ਵਿਚ 2 ਥਾਵਾਂ ’ਤੇ ਸੜਕ ਪਾਰ ਕਰਨ ਲਈ ਐਸਕੇਲੇਟਰ ਵਾਲੇ ਫੁੱਟਓਵਰ ਬ੍ਰਿਜ ਬਣਾਉਣ ਦੇ ਐਸਟੀਮੇਟ ਪਾ ਦਿੱਤੇ ਗਏ, ਜਿਨ੍ਹਾਂ ’ਤੇ 6-7 ਕਰੋੜ ਰੁਪਏ ਦਾ ਖਰਚ ਆਉਣਾ ਸੀ। ਬਾਅਦ ਵਿਚ ਐਸਕੇਲੇਟਰ ਦੀ ਆਈਟਮ ਨੂੰ ਫਜੂਲ ਦੱਸ ਦਿੱਤਾ ਗਿਆ। ਹੁਣ ਸਵਾਲ ਇਹ ਉੱਠਦਾ ਹੈ ਕਿ ਜੇਕਰ ਜਲੰਧਰ ਵਿਚ ਸੜਕਾਂ ’ਤੇ ਐਸਕੇਲੇਟਰ ਲੱਗਣੇ ਹੀ ਨਹੀਂ ਸਨ ਤਾਂ ਫਿਰ ਉਨ੍ਹਾਂ ਨੂੰ ਡੀ. ਪੀ. ਆਰ. ਅਤੇ ਟੈਂਡਰ ਵਿਚ ਸ਼ਾਮਲ ਕਿਉਂ ਕੀਤਾ ਗਿਆ। ਟੈਂਡਰ ਵਿਚ 11 ਚੌਕ ਸੁੰਦਰੀਕਰਨ ਲਈ ਲਏ ਗਏ ਸਨ ਪਰ ਉਨ੍ਹਾਂ ਵਿਚੋਂ 3 ਨੂੰ ਕੱਢ ਦਿੱਤਾ ਗਿਆ ਅਤੇ 8 ਚੌਕਾਂ ’ਤੇ ਸਿਰਫ 8 ਕਰੋੜ ਰੁਪਏ ਖਰਚ ਹੋਏ। ਐੱਲ. ਈ. ਡੀ. ਸਟਰੀਟ ਲਾਈਟ ਪ੍ਰਾਜੈਕਟ ਵਿਚ ਸਿਰਫ ਪੁਰਾਣੀਆਂ ਲਾਈਟਾਂ ਨੂੰ ਬਦਲਣ ਦੀ ਹੀ ਵਿਵਸਥਾ ਸੀ ਪਰ ਕੰਪਨੀ ਨੇ ਲਗਭਗ 20 ਹਜਾਰ ਤੋਂ ਵੱਧ ਨਵੀਆਂ ਲਾਈਟਾਂ ਪਤਾ ਨਹੀਂ ਕਿਥੇ ਲਾ ਦਿੱਤੀਆਂ, ਜਿਨ੍ਹਾਂ ਨੂੰ ਹੁਣ ਜਾ ਕੇ ਗਿਣਿਆ ਜਾ ਰਿਹਾ ਹੈ। ਨਹਿਰ ਦੇ ਸੁੰਦਰੀਕਰਨ ਸਬੰਧੀ ਪ੍ਰਾਜੈਕਟ ਵਿਚ ਵੀ ਕਾਫੀ ਗੜਬੜੀ ਕੀਤੀ ਗਈ। ਪਹਿਲਾਂ ਨਹਿਰ ਕੰਢੇ ਬਣਨ ਵਾਲੇ ਵਾਕਿੰਗ ਟਰੈਕ ਨੂੰ ਮਿੱਟੀ ਦਾ ਬਣਾ ਦਿੱਤਾ ਗਿਆ ਪਰ ਬਾਅਦ ਵਿਚ ਉਸ ’ਤੇ ਟਾਈਲਾਂ ਲੁਆ ਦਿੱਤੀਆਂ ਗਈਆਂ। ਇਸੇ ਤਰ੍ਹਾਂ ਪਾਰਕਾਂ ਨਾਲ ਸਬੰਧਤ ਕੰਮਾਂ ਵਿਚ ਵੀ ਘਟੀਆ ਮਟੀਰੀਅਲ ਦੀ ਵਰਤੋਂ ਹੋਈ, ਜਿਸ ਸਬੰਧੀ ਸ਼ਿਕਾਇਤਾਂ ਨੂੰ ਦਬਾ ਦਿੱਤਾ ਗਿਆ। ਹੁਣ ਇਹ ਸਾਰੇ ਮਾਮਲੇ ਖੁੱਲ੍ਹ ਸਕਦੇ ਹਨ ਅਤੇ ਵਰਤੇ ਮਟੀਰੀਅਲ ਦੀ ਜਾਂਚ ਹੋ ਸਕਦੀ ਹੈ। ਸਮਾਰਟ ਸਿਟੀ ਦੇ ਵਧੇਰੇ ਕੰਮ ਪਿਛਲੀ ਕਾਂਗਰਸ ਸਰਕਾਰ ਦੇ ਆਖਰੀ 3 ਸਾਲਾਂ ਦੌਰਾਨ ਹੋਏ। ਉਸ ਸਮੇਂ ਸਮਾਰਟ ਸਿਟੀ ਵਿਚ ਰਹੇ ਅਧਿਕਾਰੀਆਂ ਨੇ ਨਾ ਸਿਰਫ ਹਰ ਡੀ. ਪੀ. ਆਰ. ਅਤੇ ਹਰ ਟੈਂਡਰ ਨੂੰ ਆਪਣੀ ਮਨਮਰਜੀ ਨਾਲ ਬਦਲ ਦਿੱਤਾ, ਸਗੋਂ ਚਹੇਤੇ ਠੇਕੇਦਾਰਾਂ ਤੋਂ ਵੀ ਮਨਮਰਜੀ ਦੇ ਹੀ ਕੰਮ ਕਰਵਾਏ। ਕੁਆਲਿਟੀ ਦਾ ਕੋਈ ਧਿਆਨ ਨਹੀਂ ਰੱਖਿਆ ਗਿਆ, ਨਾ ਕਿਸੇ ਠੇਕੇਦਾਰ ਨੂੰ ਨੋਟਿਸ ਜਾਰੀ ਹੋਇਆ, ਨਾ ਉਨ੍ਹਾਂ ਨੂੰ ਬਲੈਕਲਿਸਟ ਕੀਤਾ ਗਿਆ ਅਤੇ ਨਾ ਹੀ ਕਿਸੇ ਤਰ੍ਹਾਂ ਦਾ ਕੋਈ ਜੁਰਮਾਨਾ ਹੀ ਲਾਇਆ ਗਿਆ। ਸਮਾਰਟ ਸਿਟੀ ਦੇ ਵਧੇਰੇ ਪ੍ਰਾਜੈਕਟ ਗਲਤ ਡਿਜਾਈਨਿੰਗ ਅਤੇ ਕੰਸਲਟੈਂਸੀ ਦਾ ਸ਼ਿਕਾਰ ਹੋਏ।

ਕਈ ਪ੍ਰਾਜੈਕਟ ਕੁਝ ਅਜਿਹੇ ਠੇਕੇਦਾਰਾਂ ਨੂੰ ਅਲਾਟ ਕਰ ਦਿੱਤੇ ਗਏ, ਜਿਹੜੇ ਯਾਰੀ-ਦੋਸਤੀ ਦੀ ਸ਼੍ਰੇਣੀ ਵਿਚ ਆਉਂਦੇ ਸਨ। ਇਸੇ ਕਾਰਨ ਮੰਨਿਆ ਜਾ ਰਿਹਾ ਹੈ ਕਿ ਤਕਨੀਕੀ ਜਾਂਚ ਪੂਰੀ ਹੁੰਦੇ ਹੀ ਵਿਜੀਲੈਂਸ ਬਿਊਰੋ ਵੱਲੋਂ ਜਲੰਧਰ ਸਮਾਰਟ ਸਿਟੀ ਵਿਚ ਪਿਛਲੇ ਸਮੇਂ ਦੌਰਾਨ ਰਹੇ ਅਧਿਕਾਰੀਆਂ ਨੂੰ ਵੀ ਤਲਬ ਕੀਤਾ ਜਾ ਸਕਦਾ ਹੈ ਅਤੇ ਉਨ੍ਹਾਂ ’ਤੇ ਕੇਸ ਤੱਕ ਦਰਜ ਹੋਣ ਦੀਆਂ ਸੰਭਾਵਨਾਵਾਂ ਬਣ ਰਹੀਆਂ ਹਨ। ਜਿਹੜੇ ਅਧਿਕਾਰੀਆਂ ਨੇ ਪੰਜਾਬ ਸਰਕਾਰ ਵੱਲੋਂ ਭੇਜੀ ਗਈ ਥਰਡ ਪਾਰਟੀ ਏਜੰਸੀ ਦੀਆਂ ਸਿਫਾਰਿਸ਼ਾਂ ਨੂੰ ਵੀ ਰੱਦੀ ਦੀ ਟੋਕਰੀ ਵਿਚ ਸੁੱਟ ਦਿੱਤਾ ਸੀ, ਉਨ੍ਹਾਂ ਤੋਂ ਵੀ ਜਵਾਬਤਲਬੀ ਹੋ ਸਕਦੀ ਹੈ। ਜ਼ਿਕਰਯੋਗ ਹੈ ਕਿ ਕਾਂਗਰਸ ਸਰਕਾਰ ਦੇ ਸਮੇਂ ਸਮਾਰਟ ਸਿਟੀ ਵਿਚ ਰਹੇ ਕਈ ਅਧਿਕਾਰੀ ਹੁਣ ਜਾਂ ਤਾਂ ਰਿਟਾਇਰ ਹੋ ਚੁੱਕੇ ਹਨ ਜਾਂ ਨੌਕਰੀ ਛੱਡ ਕੇ ਜਾ ਚੁੱਕੇ ਹਨ ਪਰ ਪੰਜਾਬ ਸਰਕਾਰ ਤੋਂ ਭਾਰੀ-ਭਰਕਮ ਪੈਨਸ਼ਨਾਂ ਲੈ ਰਹੇ ਹਨ।

ਬਹੁ-ਚਰਚਿਤ ਮਲਸੀਆਂ ਗੋਲੀ ਕਾਂਡ: ਹੁਣ ਤੱਕ ਦੋਹਾਂ ਧਿਰਾਂ ਦੇ 10 ਦੋਸੀ ਗ੍ਰਿਫਤਾਰ, ਕੁਝ ਦੇ ਵਿਦੇਸ ਭੱਜਣ ਦੀ ਚਰਚਾ

ਮਲਸੀਆਂ 19 ਜੁਲਾਈ। ਮਲਸੀਆਂ ਵਿਖੇ ਨਗਰ ਕੀਰਤਨ ਦੌਰਾਨ 4 ਜਨਵਰੀ ਨੂੰ 2 ਧਿਰਾਂ ’ਚ ਅੰਨ੍ਹੇਵਾਹ ਚੱਲੀਆਂ ਗੋਲੀਆਂ ਦੇ 10 ਦੋਸੀਆਂ ਨੂੰ ਹੁਣ ਤੱਕ ਪੁਲਸ ਗ੍ਰਿਫਤਾਰ ਕਰਨ ’ਚ ਸਫਲ ਰਹੀ ਹੈ, ਜਿਨ੍ਹਾਂ ’ਚ ਇਕ ਧਿਰ ਦੇ 4 ਅਤੇ ਦੂਜੀ ਧਿਰ



ਦੇ 6 ਦੋਸੀ ਸਾਮਲ ਹਨ। ਦੋਹਾਂ ਧਿਰਾਂ ਦੇ 9 ਦੋਸੀ ਅਤੇ ਕੁਝ ਅਣਪਛਾਤੇ ਅਜੇ ਵੀ ਫਰਾਰ ਹਨ। ਇੱਥੇ ਇਹ ਵਰਣਨਯੋਗ ਹੈ ਕਿ ਉਕਤ ਗੋਲੀਕਾਂਡ ’ਚ ਦੋਹਾਂ ਧਿਰਾਂ ਦੇ 4 ਨੌਜਵਾਨ ਗੋਲੀ ਲੱਗਣ ਕਾਰਨ ਜਖਮੀ ਹੋਏ ਸਨ। ਇਸ ਸਬੰਧੀ ਐੱਸਐੱਚਓ ਸਾਹਕੋਟ ਗੁਰਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਹੁਣ ਤੱਕ ਗ੍ਰਿਫਤਾਰ ਕੀਤੇ ਦੋਸੀਆਂ ’ਚ ਅਰਸਦੀਪ ਸਿੰਘ ਉਰਫ ਅਰਸ ਪੁੱਤਰ ਰਾਜ ਕੁਮਾਰ ਵਾਸੀ ਪਿੰਡ ਫਕਰੂਵਾਲ, ਅਸਮਨਦੀਪ ਸਿੰਘ ਉਰਫ ਅਸਮਨ ਪੁੱਤਰ ਬਲਦੇਵ ਵਾਸੀ ਪਿੰਡ ਨਿਹਾਲੂਵਾਲ, ਗੁਰਵਿੰਦਰ ਸਿੰਘ ਉਰਫ ਗਿੰਦਾ ਪੁੱਤਰ ਮਲਕੀਤ ਸਿੰਘ ਵਾਸੀ ਪੱਤੀ ਲਕਸੀਆਂ (ਮਲਸੀਆਂ), ਸੁਰਜੀਤ ਸਿੰਘ ਵਿਰਕ ਉਰਫ ਬਾਬਾ ਪੁੱਤਰ ਹਰਜਿੰਦਰ ਸਿੰਘ ਵਿਰਕ ਵਾਸੀ ਦਾਨੇਵਾਲ, ਇੰਦਰਜੀਤ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਢੰਡੋਵਾਲ, ਹਰਜਿੰਦਰ ਸਿੰਘ ਉਰਫ ਜਿੰਦੂ ਪੁੱਤਰ ਰੇਸਮ ਸਿੰਘ ਵਾਸੀ ਸ਼ਾਲਾ ਨਗਰ (ਮਲਸੀਆਂ), ਰਾਜਬੀਰ ਸਿੰਘ ਉਰਫ ਰਾਜਾ ਪੁੱਤਰ ਕੁਲਵਿੰਦਰ ਸਿੰਘ ਵਾਸੀ ਪੱਤੀ ਸਾਲਾ ਨਗਰ ਮਲਸੀਆਂ, ਰਾਜਵਿੰਦਰ ਸਿੰਘ ਉਰਫ ਇੰਦਾ ਪੁੱਤਰ ਬਲਕਾਰ ਸਿੰਘ ਵਾਸੀ ਮੁਹੱਲਾ ਬਾਗਵਾਲਾ ਸਾਹਕੋਟ, ਬਲਜਿੰਦਰ ਸਿੰਘ ਉਰਫ ਜਸਨ ਪੁੱਤਰ ਅਜੈਬ ਸਿੰਘ ਵਾਸੀ ਤਲਵੰਡੀ ਬੂਟੀਆਂ, ਵਿਨੋਦ ਕੁਮਾਰ ਉਰਫ ਮੋਟਾ ਪੁੱਤਰ ਪੱਪੂ ਵਾਸੀ ਸਾਹਕੋਟ ਸਾਮਲ ਹਨ। ਉਨ੍ਹਾਂ ਦੱਸਿਆ ਕਿ ਹੁਣ ਤੱਕ 9 ਦੋਸੀ ਫਰਾਰ ਹਨ, ਜਦ ਕਿ ਕੁਝ ਅਣਪਛਾਤਿਆਂ ਦੀ ਪਛਾਣ ਹੋਣੀ ਅਜੇ ਬਾਕੀ ਹੈ। ਕੁਲ 19 ਦੋਸੀਆਂ ‘ਚੋਂ 5 ਨੂੰ ‘ਏ’ ਕੈਟਾਗਰੀ, ਜਦ ਕਿ 14 ਨੂੰ ‘ਬੀ’ ਕੈਟਾਗਰੀ ’ਚ ਰੱਖਿਆ ਗਿਆ ਹੈ। ਦੋਸੀਆਂ ਕੋਲੋਂ ਤਿੰਨ 32 ਬੋਰ ਨਾਜਾਇਜ ਪਿਸਟਲ, 7 ਜ਼ਿੰਦਾ ਕਾਰਤੂਸ ਅਤੇ 18 ਖੋਲ ਬਰਾਮਦ ਹੋਏ ਹਨ। ਇਸ ਤੋਂ ਇਲਾਵਾ ਇਕ ਟਕੂਆ, ਇਕ ਕਰੋਲਾ ਕਾਰ ਅਤੇ ਇਕ ਮੋਟਰਸਾਈਕਲ ਬਰਾਮਦ ਹੋਇਆ ਹੈ। ਫਰਾਰ ਦੋਸੀਆਂ ਨੂੰ ਗ੍ਰਿਫਤਾਰ ਕਰਨ ਲਈ ਛਾਪੇਮਾਰੀ ਅਤੇ ਅਦਾਲਤ ’ਚ ਭਗੌੜਾ ਕਰਾਰ ਦਿੱਤੇ ਜਾਣ ਦੀ ਕਾਰਵਾਈ ਚੱਲ ਰਹੀ ਹੈ। ਉਨ੍ਹਾਂ ਦੱਸਿਆ ਕਿ ਫਰਾਰ ਦੋਸੀਆਂ ਲਈ ਐੱਲਓਸੀ ਵੀ ਜਾਰੀ ਕੀਤੀ ਜਾ ਚੁੱਕੀ ਹੈ। ਕੁਝ ਦੋਸੀਆਂ ਦੇ ਵਿਦੇਸ ਭੱਜਣ ਦੀ ਚਰਚਾ: ਇਲਾਕੇ ’ਚ ਇਹ ਵੀ ਚਰਚਾ ਹੈ ਕਿ ਮਲਸੀਆਂ ਗੋਲੀਕਾਂਡ ਦੇ ਕੁਝ ਦੋਸੀ ਪੁਲਸ ਕਾਰਵਾਈ ਤੋਂ ਬਚਣ ਲਈ ਵਿਦੇਸ ਭੱਜ ਗਏ ਹਨ ਜਾਂ ਵਿਦੇਸ ਭੱਜਣ ਦੀ ਫਰਾਕ ’ਚ ਹਨ।

263 ਇਮੀਗ੍ਰੇਸ਼ਨ ਕੰਸਲਟੈਂਸੀ ਤੇ ਆਇਲੈਟਸ ਸੈਂਟਰਾਂ ਖਿਲਾਫ ਜਲੰਧਰ ਪ੍ਰਸ਼ਾਸਨ ਦੀ ਵੱਡੀ ਕਾਰਵਾਈ

ਜਲੰਧਰ 19 ਜੁਲਾਈ। ਪੰਜਾਬ ਟਰੈਵਲ ਪ੍ਰੋਫੈਸ਼ਨਲਜ ਰੈਗੂਲੇਸ਼ਨ ਐਕਟ 2014 ਤਹਿਤ ਨਿਰਧਾਰਿਤ ਨਿਯਮਾਂ ਦਾ ਉਲੰਘਣ ਕਰਨ ’ਤੇ ਡੀ. ਸੀ. ਜਸਪ੍ਰੀਤ ਸਿੰਘ ਨੇ ਜ਼ਿਲ੍ਹੇ ਨਾਲ ਸਬੰਧਤ 263 ਇਮੀਗ੍ਰੇਸ਼ਨ ਕੰਸਲਟੈਂਸੀ ਅਤੇ ਆਇਲੈਟਸ ਸੈਂਟਰਾਂ ਦੇ ਲਾਇਸੈਂਸ ਰੱਦ ਕਰ ਦਿੱਤੇ। ਵਰਣਨਯੋਗ ਹੈ ਕਿ ‘ਜਗ ਬਾਣੀ’ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਿਯਮਾਂ ਦਾ ਪਾਲਣ ਨਾ ਕਰਨ ਵਾਲੇ ਇਮੀਗ੍ਰੇਸ਼ਨ ਕੰਸਲਟੈਂਸੀ ਅਤੇ ਆਇਲੈਟਸ ਸੈਂਟਰਾਂ ਦੇ ਲਾਇਸੈਂਸ ਰੱਦ ਕਰਨ ਸਬੰਧੀ 5 ਮਾਰਚ ਨੂੰ ਹੀ ਖੁਲਾਸਾ ਕਰ ਦਿੱਤਾ ਸੀ। ਇਸ ਸਬੰਧ ਵਿਚ ਜ਼ਿਆਦਾ ਜਾਣਕਾਰੀ ਦਿੰਦਿਆਂ ਡੀ. ਸੀ. ਨੇ ਕਿਹਾ ਕਿ ਇਸ ਤੋਂ ਪਹਿਲਾਂ ਪ੍ਰਸ਼ਾਸਨ ਵੱਲੋਂ ਜਾਰੀ ਕਾਰਨ ਦੱਸੋ ਨੋਟਿਸ ਦਾ ਲਿਖਤੀ ਜਵਾਬ ਨਾ ਦੇਣ ਕਾਰਨ 495 ਇਮੀਗ੍ਰੇਸ਼ਨ ਕੰਸਲਟੈਂਟ ਅਤੇ ਟਿਕਟਿੰਗ ਏਜੰਟ ਅਤੇ ਆਇਲੈਟਸ ਸੈਂਟਰਾਂ ਦੇ ਲਾਇਸੈਂਸ ਸਸਪੈਂਡ ਕਰ ਦਿੱਤੇ ਸਨ। ਜ਼ਿਲ੍ਹਾ ਪ੍ਰਸ਼ਾਸਨ ਦੀ ਇਸ ਕਾਰਵਾਈ ਤੋਂ ਬਾਅਦ 232 ਕੰਸਲਟੈਂਟਸ ਨੇ ਆਪਣੀ ਮਹੀਨਾਵਾਰ ਕਾਰਵਾਈ ਰਿਪੋਰਟ ਦੇ ਨਾਲ ਆਪਣਾ ਜਵਾਬ ਜਮ੍ਹਾ ਕਰਵਾ ਦਿੱਤਾ ਸੀ, ਜਦਕਿ ਬਾਕੀਆਂ ਨੇ ਉਨ੍ਹਾਂ ਨੂੰ ਜਾਰੀ ਕੀਤੇ ਗਏ ਨੋਟਿਸਾਂ ਦਾ ਕੋਈ ਜਵਾਬ ਨਹੀਂ ਦਿੱਤਾ, ਜਿਸ ਨੂੰ ਵੇਖਦੇ ਹੋਏ ਅਜਿਹੇ ਸਾਰੇ ਇਮੀਗ੍ਰੇਸ਼ਨ ਕੰਸਲਟੈਂਸੀ ਅਤੇ ਆਇਲੈਟਸ ਸੈਂਟਰਾਂ ਦੇ ਲਾਇਸੈਂਸ ਤੁਰੰਤ ਪ੍ਰਭਾਵ ਨਾਲ ਰੱਦ ਕਰ ਦਿੱਤੇ ਗਏ ਹਨ। ਡੀ. ਸੀ. ਨੇ ਸਾਰੇ ਲਾਇਸੈਂਸ ਪ੍ਰਾਪਤ ਕੰਸਲਟੈਂਸੀ ਅਤੇ ਆਇਲੈਟਸ ਸੈਂਟਰਾਂ ਨੂੰ ਐਕਟ ਦੇ ਤਹਿਤ ਨਿਰਧਾਰਿਤ ਨਿਯਮਾਂ ਦਾ ਸਖਤੀ ਨਾਲ ਪਾਲਣ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਜਿਹੜੇ ਇਮੀਗ੍ਰੇਸ਼ਨ ਕੰਸਲਟੈਂਸੀ ਅਤੇ ਆਈਲੈਟਸ ਸੈਂਟਰਾਂ ਦੇ ਲਾਇਸੈਂਸ ਰੱਦ ਕੀਤੇ ਗਏ ਹਨ, ਉਨ੍ਹਾਂ ਦੀ ਸੂਚੀ ਐੱਨ. ਆਈ. ਸੀ. ਜਲੰਧਰ ਦੀ ਅਧਿਕਾਰਤ ਵੈੱਬਸਾਈਟ ’ਤੇ ਵੀ ਦੇਖੀ ਜਾ ਸਕਦੀ ਹੈ। ਵਰਣਨਯੋਗ ਹੈ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ ਬੀਤੀ 7 ਜਨਵਰੀ ਨੂੰ ਪੰਜਾਬ ਟਰੈਵਲ ਪ੍ਰੋਫੈਸ਼ਨਲਜ ਰੈਗੂਲੇਸ਼ਨ ਐਕਟ 2014 ਤਹਿਤ ਨਿਰਧਾਰਿਤ ਨਿਯਮਾਂ ਦੀ ਉਲੰਘਣਾ ਕਰਨ ਵਾਲੇ 495 ਇਮੀਗ੍ਰੇਸ਼ਨ ਕੰਸਲਟੈਂਸੀ ਅਤੇ ਆਇਲੈਟਸ ਸੈਂਟਰਾਂ ਦੇ ਲਾਇਸੈਂਸ ਸਸਪੈਂਡ

ਹਰਿਆਣਾ ਵਿਧਾਨ ਸਭਾ ਚੋਣਾਂ ਵਿੱਚ ਕਿਸੇ ਨਾਲ ਸਮਝੌਤਾ ਨਹੀਂ ਕਰੇਗੀ 'ਆਪ' : ਭਗਵੰਤ ਮਾਨ

'ਆਪ' ਆਗੂਆਂ ਵੱਲੋਂ ਆਪਣੇ ਬਲਬੂਤੇ 'ਤੇ ਸਾਰੀਆਂ 90 ਵਿਧਾਨ ਸਭਾ ਸੀਟਾਂ ਤੋਂ ਚੋਣ ਲੜਨ ਦਾ ਐਲਾਨ

ਚੰਡੀਗੜ੍ਹ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਇਸ ਸਾਲ ਦੇ ਅਖ਼ੀਰ ਵਿਚ ਹਰਿਆਣਾ ਵਿਧਾਨ ਸਭਾ ਚੋਣਾਂ ਹੋਣਗੀਆਂ ਚੋਣਾਂ ਨੂੰ ਲੈ ਕੇ ਸਿਆਸੀ ਪਾਰਟੀਆਂ ਹੁਣ ਤੋਂ ਹੀ ਸਰਗਰਮ ਹੋ ਗਈਆਂ ਹਨ ਇਸ ਨੂੰ ਲੈ ਕੇ ਆਮ ਆਦਮੀ ਪਾਰਟੀ ਨੇ ਚੰਡੀਗੜ੍ਹ 'ਚ ਮਹੱਤਵਪੂਰਨ ਪ੍ਰੈੱਸ ਕਾਨਫਰੰਸ ਕੀਤੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਪ੍ਰੈੱਸ ਕਾਨਫਰੰਸ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਇਕ ਨੈਸ਼ਨਲ ਪਾਰਟੀ ਹੈ ਦੋ ਸੂਬਿਆਂ-ਪੰਜਾਬ ਅਤੇ ਦਿੱਲੀ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਹੈ ਪਾਰਟੀ ਨੇ ਫ਼ੈਸਲਾ ਕੀਤਾ ਹੈ ਕਿ ਆਮ ਆਦਮੀ ਪਾਰਟੀ ਪੂਰੀ ਤਾਕਤ ਨਾਲ ਹਰਿਆਣਾ ਵਿਧਾਨ ਸਭਾ ਚੋਣਾਂ ਲੜੇਗੀ

ਮੁੱਖ ਮੰਤਰੀ ਨੇ ਕਿਹਾ ਕਿ ਇਸ ਤੋਂ ਪਹਿਲਾਂ ਅਸੀਂ ਰੋਹਤਕ, ਜੀਂਦ, ਟੋਹਾਨਾ ਅਤੇ ਸੋਨੀਪਤ ਗਏ, ਇੱਥੋਂ ਦੇ ਲੋਕਾਂ ਨੇ ਅਪੀਲ ਕੀਤੀ ਕਿ ਤੁਸੀਂ ਹਰਿਆਣਾ ਵਿਚ ਕਿਉਂ ਨਹੀਂ ਆਉਂਦੇ ਮਾਨ ਨੇ ਕਿਹਾ ਕਿ ਹਰਿਆਣਾ ਨੇ ਹਰ ਇਕ ਪਾਰਟੀ ਨੂੰ ਸਮਾਂ ਦਿੱਤਾ ਪਰ ਕਿਸੇ ਨੇ ਵੀ ਹਰਿਆਣਾ ਦੇ ਲੋਕਾਂ ਨਾਲ ਵਫ਼ਾ ਨਹੀਂ ਕੀਤੀ, ਜੋ ਵੀ ਆਇਆ ਉਸ ਨੇ ਸਿਰਫ ਲੁੱਟਿਆ ਹਰਿਆਣਾ ਦੇ ਲੋਕ ਬਦਲਾਅ ਚਾਹੁੰਦੇ ਹਨ

ਮਾਨ ਨੇ ਅੱਗੇ ਕਿਹਾ ਕਿ ਕੇਜਰੀਵਾਲ ਹਰਿਆਣਾ ਨਾਲ ਸਬੰਧ ਰੱਖਦੇ ਹਨ ਇਹ ਉਨ੍ਹਾਂ ਲਈ ਮਾਣ ਦੀ ਗੱਲ ਹੈ ਕਿ ਦਿੱਲੀ ਜਾ ਕੇ ਦੇਸ਼ ਦੀ ਸਿਆਸਤ ਨੂੰ ਬਦਲ ਦਿੱਤਾ

ਮੁੱਖ ਮੰਤਰੀ ਕਿਹਾ ਕਿ 'ਬਦਲਾਂਗੇ ਹਰਿਆਣਾ ਦਾ ਹਾਲ, ਹੁਣ ਲਿਆਵਾਂਗੇ ਕੇਜਰੀਵਾਲ' ਸਭ ਤੋਂ ਵੱਡੀ ਗੱਲ ਇਹ ਹੈ ਕਿ ਪੰਜਾਬ ਦਾ, ਦਿੱਲੀ ਦਾ ਹਰਿਆਣਾ ਨਾਲ ਸੱਭਿਆਚਾਰ ਮਿਲਦਾ ਹੈ ਕੁਝ ਲੋਕਾਂ ਨੂੰ ਦਿੱਲੀ ਦੇ ਕੰਮ ਪਤਾ ਹੈ ਤੇ ਕੁਝ ਲੋਕਾਂ ਨੂੰ ਪੰਜਾਬ ਦੇ ਇਹ ਪੂਰਾ ਪੰਜਾਬ ਹੀ ਹੈ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹੁਣ ਜਲੰਧਰ ਜ਼ਿਮਨੀ ਚੋਣ ਵੱਡੇ ਮਾਰਜਨ ਨਾਲ ਜਿੱਤੀ ਕਰੀਬ 60 ਫ਼ੀਸਦੀ ਵੋਟਾਂ ਪਈਆਂ, ਆਮ ਤੌਰ 'ਤੇ ਜ਼ਿਮਨੀ ਚੋਣਾਂ ਵਿਚ ਅਜਿਹਾ ਨਹੀਂ ਹੁੰਦਾ

ਮਾਨ ਨੇ ਕਿਹਾ ਕਿ ਮੁੱਖ ਮੰਤਰੀ ਦੇ ਨਾਅਤੇ ਮੇਰਾ ਵੀ ਫਰਜ਼ ਬਣਦਾ ਹੈ ਕਿ ਜਿੱਥੇ ਵੀ ਮੇਰੀ ਡਿਊਟੀ ਲੱਗਦੀ ਹੈ, ਮੈਂ ਦੇਸ਼ ਭਰ ਵਿਚ ਪ੍ਰਚਾਰ ਕਰਨ ਜਾਵਾਂਗਾ ਉਨ੍ਹਾਂ ਕਿਹਾ ਕਿ ਅੱਧਾ ਹਰਿਆਣਾ ਪੰਜਾਬੀ ਬੋਲਦਾ ਹੈ ਜਿੱਥੇ ਵੀ ਡਿਊਟੀ ਲੱਗੇਗੀ, ਅਸੀਂ ਇਕਜੁਟ ਹੋ ਕੇ ਪੂਰੀ ਤਾਕਤ ਨਾਲ ਇਕ ਟੀਮ ਬਣਾ ਕੇ ਲੜਾਂਗੇ ਮਾਨ ਮੁਤਾਬਕ ਸਾਡੀ ਟੀਮ ਬਹੁਤ ਚੰਗੀ ਹੈ ਅਤੇ ਹਰਿਆਣਾ ਵਿਚ ਵੀ ਅਸੀਂ ਪੂਰੀ ਤਾਕਤ ਨਾਲ ਵਿਧਾਨ ਸਭਾ ਚੋਣਾਂ ਲੜਾਂਗੇ

ਨਕਸਲੀ ਹਮਲੇ 'ਚ ਆਈਈਡੀ ਧਮਾਕੇ ਵਿਚ ਐੱਸਟੀਐੱਫ਼ ਦੇ ਦੋ ਜਵਾਨਾਂ ਦੀ ਮੌਤ, ਚਾਰ ਜ਼ਖ਼ਮੀ

ਬੀਜਾਪੁਰ (ਛੱਤੀਸਗੜ੍ਹ), 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਛੱਤੀਸਗੜ੍ਹ ਦੇ ਬੀਜਾਪੁਰ ਜ਼ਿਲ੍ਹੇ ਵਿਚ ਨਕਸਲਵਾਦੀਆਂ ਵਲੋਂ ਕੀਤੇ ਆਈਈਡੀ ਧਮਾਕੇ ਵਿਚ ਸਪੈਸ਼ਲ ਟਾਸਕ ਫੋਰਸ ਦੇ ਦੋ ਜਵਾਨ ਮਾਰੇ ਗਏ ਅਤੇ ਚਾਰ ਹੋਰ ਜ਼ਖਮੀ ਹੋ ਗਏ ਇੱਕ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਇਹ ਘਟਨਾ ਬੁੱਧਵਾਰ ਰਾਤ ਨੂੰ ਤਰੇਮ ਖੇਤਰ ਵਿੱਚ ਵਾਪਰੀ ਜਦੋਂ ਸੁਰੱਖਿਆ ਕਰਮੀਆਂ ਦੀ ਇੱਕ ਸਾਂਝੀ ਟੀਮ ਬੀਜਾਪੁਰ-ਸੁਕਮਾ-ਦਾਂਤੇਵਾੜਾ ਜ਼ਿਲ੍ਹਿਆਂ ਦੇ ਜੰਗਲਾਂ ਵਿੱਚ ਨਕਸਲ ਵਿਰੋਧੀ ਮੁਹਿੰਮ ਤੋਂ ਬਾਅਦ ਵਾਪਸ ਪਰਤ ਰਹੀ ਸੀ ਅਧਿਕਾਰੀ ਨੇ ਕਿਹਾ ਕਿ ਨਕਸਲੀਆਂ ਵੱਲੋਂ ਕੀਤੇ ਗਏ ਧਮਾਕੇ ਵਿੱਚ ਐਸਟੀਐਫ ਕਾਂਸਟੇਬਲ ਭਰਤ ਸਾਹੂ ਅਤੇ ਸਤੀਰ ਸਿੰਘ ਕਾਂਗੇ ਦੀ ਮੌਤ ਹੋ ਗਈ, ਜਦੋਂ ਕਿ ਚਾਰ ਹੋਰ ਜਵਾਨ ਜ਼ਖ਼ਮੀ ਹੋ ਗਏ

ਉਨ੍ਹਾਂ ਨੇ ਦੱਸਿਆ ਕਿ ਘਟਨਾ ਤੋਂ ਬਾਅਦ ਇਲਾਕੇ 'ਚ ਫੋਰਸ ਭੇਜੀ ਗਈ ਅਤੇ ਜ਼ਖਮੀ ਕਰਮਚਾਰੀਆਂ ਨੂੰ ਬੀਜਾਪੁਰ ਜ਼ਿਲਾ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ ਹੈ

ਸੁਪਰੀਮ ਕੋਰਟ ਵੱਲੋਂ ਨੀਟ ਨੂੰ ਸ਼ਹਿਰਾਂ ਤੇ ਕੇਂਦਰਾਂ ਅਨੁਸਾਰ ਨਤੀਜਾ ਐਲਾਨਣ ਦੇ ਹੁਕਮ

20 ਜੁਲਾਈ ਦੁਪਹਿਰ ਤਕ ਨਤੀਜਾ ਦੇਣ ਲਈ ਕਿਹਾ; ਸਰਵਉਚ ਅਦਾਲਤ ਨੇ ਪ੍ਰੀਖਿਆ ਕੇਂਦਰ ਬਦਲਣ ਵਾਲੇ ਪ੍ਰੀਖਿਆਰਥੀਆਂ ਦੀ ਜਾਣਕਾਰੀ ਮੰਗੀ

ਨਵੀਂ ਦਿੱਲੀ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਸੁਪਰੀਮ ਕੋਰਟ ਨੇ ਅੱਜ ਨੀਟ-ਯੂਜੀ 2024 ਸਬੰਧੀ ਪਟੀਸ਼ਨਾਂ 'ਤੇ ਸੁਣਵਾਈ ਕਰਦਿਆਂ ਨੈਸ਼ਨਲ ਟੈਸਟਿੰਗ ਏਜੰਸੀ (ਐਨਟੀਏ) ਨੂੰ ਹੁਕਮ ਜਾਰੀ ਕੀਤਾ ਹੈ ਕਿ ਉਹ 20 ਜੁਲਾਈ ਦੁਪਹਿਰ 12 ਵਜੇ ਤੱਕ ਨੀਟ-ਯੂਜੀ 2024 ਦੇ ਕੇਂਦਰ ਅਤੇ ਸ਼ਹਿਰਾਂ ਅਨੁਸਾਰ ਨਤੀਜਿਆਂ ਦਾ ਐਲਾਨ ਕਰੇ ਇਹ ਹੁਕਮ ਚੀਫ਼ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੇ ਬੈਂਚ ਨੇ ਜਾਰੀ ਕੀਤੇ ਸਰਵਉਚ ਅਦਾਲਤ 22 ਜੁਲਾਈ ਨੂੰ ਇਸ ਪ੍ਰੀਖਿਆ ਨੂੰ ਰੱਦ ਕਰਨ, ਮੁੜ ਪ੍ਰੀਖਿਆ ਕਰਵਾਉਣ ਤੇ ਅਦਾਲਤ ਦੀ ਨਿਗਰਾਨੀ ਹੇਠ ਜਾਂਚ ਦੀ ਮੰਗ ਕਰਨ ਵਾਲੀਆਂ ਪਟੀਸ਼ਨਾਂ 'ਤੇ ਮੁੜ ਸੁਣਵਾਈ ਕਰੇਗੀ ਅਦਾਲਤ ਨੇ

ਕਿਹਾ ਕਿ ਇਹ ਪਹਿਲੀ ਨਜ਼ਰੇ ਜਾਪਦਾ ਹੈ ਕਿ ਪ੍ਰਸ਼ਨ ਪੱਤਰ ਲੀਕ ਪਟਨਾ ਅਤੇ ਹਜ਼ਾਰੀਬਾਗ ਤੱਕ ਸੀਮਤ ਸੀ ਇਸ ਮਾਮਲੇ ਦੀ ਮੁੜ ਤੋਂ ਜਾਂਚ ਕਰਵਾਉਣ ਤੋਂ ਇਨਕਾਰ ਕਰ ਦਿੱਤਾ ਹੈ ਸਰਵਉਚ ਅਦਾਲਤ ਨੇ ਨਾਲ ਹੀ ਸਪਸ਼ਟ ਕੀਤਾ ਹੈ ਕਿ ਜੇ ਇਸ ਪ੍ਰੀਖਿਆ ਦੀ ਪਵਿੱਤਰਤਾ ਭੰਗ ਹੋਈ ਹੈ ਤਾਂ ਹੀ ਇਸ ਪ੍ਰੀਖਿਆ ਨੂੰ ਮੁੜ ਕਰਵਾਉਣਾ ਚਾਹੀਦਾ ਹੈ ਉਨ੍ਹਾਂ ਕਿਹਾ ਕਿ ਪ੍ਰੀਖਿਆ ਨਵੇਂ ਸਿਰੇ ਤੋਂ ਕਰਵਾਉਣ ਦਾ ਕੋਈ ਠੋਸ ਆਧਾਰ ਹੋਣਾ ਚਾਹੀਦਾ ਹੈ ਭਾਰਤ ਦੇ ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇਬੀ ਪਾਰਦੀਵਾਲਾ ਅਤੇ ਮਨੋਜ ਮਿਸ਼ਰਾ ਦੇ ਬੈਂਚ ਨੇ ਵਿਵਾਦਗ੍ਰਸਤ ਮੈਡੀਕਲ ਦਾਖਲਾ ਪ੍ਰੀਖਿਆ ਨੀਟ-ਯੂਜੀ 2024 ਨਾਲ ਸਬੰਧਤ ਪਟੀਸ਼ਨਾਂ ਦੇ ਬੈਚ 'ਤੇ ਸੁਣਵਾਈ ਕੀਤੀ ਸਰਵਉਚ ਅਦਾਲਤ ਵਿਚ ਸੁਣਵਾਈ ਦੌਰਾਨ ਸਾਲਿਸਟਰ ਜਨਰਲ ਨੇ ਸੁਪਰੀਮ ਕੋਰਟ ਨੂੰ ਦੱਸਿਆ ਕਿ ਉਨ੍ਹਾਂਨੂੰ ਕਰੀਬ 15,000 ਨਵੀਆਂ ਰਜਿਸਟ੍ਰੇਸ਼ਨਾਂ ਮਿਲੀਆਂ ਹਨ

ਬੰਗਲਾਦੇਸ਼ 'ਚ ਵਿਗੜੇ ਹਾਲਾਤ, ਭਾਰਤੀਆਂ ਲਈ ਐਡਵਾਈਜ਼ਰੀ ਜਾਰੀ

ਢਾਕਾ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਢਾਕਾ ਵਿੱਚ ਭਾਰਤੀ ਹਾਈ ਕਮਿਸ਼ਨ ਨੇ ਬੰਗਲਾਦੇਸ਼ ਵਿੱਚ ਰਹਿ ਰਹੇ ਭਾਰਤੀ ਨਾਗਰਿਕਾਂ ਅਤੇ ਵਿਦਿਆਰਥੀਆਂ ਲਈ ਜ਼ਰੂਰੀ ਐਡਵਾਈਜ਼ਰੀ ਜਾਰੀ ਕੀਤੀ ਹੈ ਕਿ ਉਹ ਦੇਸ਼ ਵਿੱਚ ਵਧਦੀ ਅਸ਼ਾਂਤੀ ਕਾਰਨ ਗੈਰ-ਜ਼ਰੂਰੀ ਯਾਤਰਾ ਤੋਂ ਬਚਣ ਅਤੇ ਆਪਣੇ ਘਰਾਂ ਤੋਂ ਬਾਹਰ ਘੱਟ ਨਿਕਲਣ ਬੰਗਲਾਦੇਸ਼ ਸਰਕਾਰ ਵੱਲੋਂ ਸਾਰੀਆਂ ਜਨਤਕ ਅਤੇ ਨਿੱਜੀ ਯੂਨੀਵਰਸਿਟੀਆਂ ਨੂੰ ਬੰਦ ਕਰਨ ਦੇ ਫ਼ੈਸਲੇ ਤੋਂ ਬਾਅਦ, ਢਾਕਾ ਵਿੱਚ ਵਿਦਿਆਰਥੀਆਂ ਅਤੇ ਪੁਲਸ ਵਿਚਕਾਰ ਹਾਲ ਹੀ ਵਿੱਚ ਹੋਈਆਂ ਹਿੰਸਕ ਝੜਪਾਂ ਦੇ ਜਵਾਬ ਵਿੱਚ ਇਹ ਸਲਾਹ ਜਾਰੀ ਕੀਤੀ ਗਈ ਹੈ ਇਹ ਵਿਰੋਧ ਪ੍ਰਦਰਸ਼ਨ ਸਿਵਲ ਸੇਵਾ ਦੀਆਂ ਨੌਕਰੀਆਂ ਲਈ ਦੇਸ਼ ਦੀ ਕੋਟਾ ਪ੍ਰਣਾਲੀ ਵਿੱਚ ਸੁਧਾਰ ਦੀ

ਮੰਗ ਦੁਆਰਾ ਚਲਾਇਆ ਗਿਆ ਹੈ, ਜੋ ਕਿ ਪਾਕਿਸਤਾਨ ਵਿਰੁੱਧ 1971 ਦੀ ਆਜ਼ਾਦੀ ਦੀ ਲੜਾਈ ਵਿੱਚ ਹਿੱਸਾ ਲੈਣ ਵਾਲਿਆਂ ਦੇ ਵੰਸ਼ਜਾਂ ਸਮੇਤ ਖਾਸ ਸਮੂਹਾਂ ਲਈ ਅਹੁਦਿਆਂ ਨੂੰ ਰਾਖਵਾਂ ਕਰਦਾ ਹੈ

ਵੀਰਵਾਰ ਨੂੰ ਢਾਕਾ ਦੇ ਵੱਖ-ਵੱਖ ਸਥਾਨਾਂ 'ਤੇ ਵਿਦਿਆਰਥੀਆਂ ਦੀ ਕਾਨੂੰਨ ਲਾਗੂ ਕਰਨ ਵਾਲਿਆਂ ਨਾਲ ਝੜਪ ਹੋਣ ਕਾਰਨ ਵਿਰੋਧ ਪ੍ਰਦਰਸ਼ਨ ਤੇਜ਼ ਹੋ ਗਿਆ ਬਰੈਕ ਯੂਨੀਵਰਸਿਟੀ ਨੇੜੇ ਮੇਰੁਲ ਬੱਡਾ ਵਿੱਚ ਪ੍ਰਦਰਸ਼ਨਕਾਰੀਆਂ ਨੇ ਸੜਕਾਂ ਨੂੰ ਜਾਮ ਕਰ ਦਿੱਤਾ ਅਤੇ ਪੁਲਸ ਨਾਲ ਹਿੰਸਕ ਟਕਰਾਅ ਵਿੱਚ ਸ਼ਾਮਲ ਹੋ ਗਏ, ਨਤੀਜੇ ਵਜੋਂ ਕਈ ਲੋਕ ਜ਼ਖਮੀ ਹੋਏ ਢਾਕਾ ਟ੍ਰਿਬਿਊਨ ਦੀ ਰਿਪੋਰਟ ਮੁਤਾਬਕ ਦੇਰ ਸਵੇਰ ਤੱਕ, ਪੁਲਸ ਨੇ ਭੀੜ ਨੂੰ ਖਿੰਡਾਉਣ ਲਈ ਅੱਥਰੂ ਗੈਸ ਦੇ ਗੋਲੇ ਛੱਡੇ, ਜਿਸ ਨਾਲ ਖੇਤਰ ਵਿੱਚ ਆਵਾਜਾਈ ਵਿੱਚ ਕਾਫ਼ੀ ਵਿਘਨ ਪਿਆ ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਪ੍ਰਗਤੀ ਸਰਾਨੀ 'ਤੇ ਬਸ਼ੁੰਧਰਾ ਰਿਹਾਇਸ਼ੀ ਖੇਤਰ ਦੇ ਪ੍ਰਵੇਸ਼ ਦੁਆਰ 'ਤੇ ਰੋਕ ਲਗਾ ਦਿੱਤੀ ਅਤੇ ਜਾਤਰਬਾੜੀ ਵਿੱਚ ਢਾਕਾ-ਚਟਗਾਂਵ ਹਾਈਵੇਅ ਨੂੰ ਰੋਕ ਦਿੱਤਾ, ਜਿਸ ਨਾਲ ਜਨਤਕ ਆਵਾਜਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਅਤੇ ਵਿਆਪਕ ਅਸੁਵਿਧਾ ਪੈਦਾ ਹੋਈ ਮੀਰਪੁਰ 10 ਚੌਕ ਅਤੇ ਆਸਪਾਸ ਦੇ ਖੇਤਰਾਂ ਵਿੱਚ ਵੀ ਭਾਰੀ ਪੁਲਸ ਮੌਜੂਦਗੀ ਦਾ ਅਨੁਭਵ ਕੀਤਾ ਗਿਆ, ਬਹੁਤ ਸਾਰੇ ਸਥਾਨਕ ਬਾਜ਼ਾਰ ਅਤੇ ਦੁਕਾਨਾਂ ਬੰਦ ਰਹੀਆਂ

ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਦੇ ਅੱਠ ਹੋਰ ਕੈਡਿਟਾਂ ਦੀ ਐਨ.ਡੀ.ਏ. ਲਈ ਚੋਣ

ਹੁਣ ਤੱਕ ਸੰਸਥਾ ਦੇ 160 ਸਾਬਕਾ ਕੈਡਿਟ ਰੱਖਿਆ ਸੇਵਾਵਾਂ ਵਿੱਚ ਕਮਿਸ਼ਨਡ ਅਫ਼ਸਰ ਵਜੋਂ ਹੋਏ ਸ਼ਾਮਲ: ਅਮਨ ਅਰੋੜਾ

ਚੰਡੀਗੜ੍ਹ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਐਸ.ਏ.ਐਸ. ਨਗਰ ਦੇ ਅੱਠ ਹੋਰ ਸਾਬਕਾ ਕੈਡਿਟਾਂ ਦੀ ਇਸੇ ਮਹੀਨੇ ਨੈਸ਼ਨਲ ਡਿਫੈਂਸ ਅਕੈਡਮੀ (ਐਨ.ਡੀ.ਏ.) ਅਤੇ ਹੋਰ ਸਰਵਿਸ ਸਿਖਲਾਈ ਅਕੈਡਮੀਆਂ ਲਈ ਚੋਣ ਹੋਈ ਹੈ ਇਨ੍ਹਾਂ ਵਿੱਚੋਂ ਕੈਡਿਟ ਨਵਜੋਤ ਸਿੰਘ ਗਿੱਲ ਨੇ ਆਲ ਇੰਡੀਆ ਮੈਰਿਟ ਵਿੱਚ 11ਵਾਂ ਰੈਂਕ ਹਾਸਲ ਕੀਤਾ ਹੈ

ਇਨ੍ਹਾਂ ਕੈਡਿਟਾਂ ਨੂੰ ਹਥਿਆਰਬੰਦ ਸੈਨਾਵਾਂ ਵਿੱਚ ਕਮਿਸ਼ਨਡ ਅਫ਼ਸਰ ਬਣਨ ਲਈ ਐਨ.ਡੀ.ਏ. ਵਿੱਚ ਸ਼ਾਮਲ ਹੋਣ @ਤੇ ਵਧਾਈ ਦਿੰਦਿਆਂ ਪੰਜਾਬ ਦੇ ਰੋਜ਼ਗਾਰ ਉੱਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਇਨ੍ਹਾਂ 08

ਕੈਡਿਟਾਂ- ਨਵਜੋਤ ਸਿੰਘ ਗਿੱਲ, ਵਿਵਾਨ ਸੂਦਨ, ਕਰਨਵੀਰ ਸਿੰਘ ਗਿੱਲ, ਪ੍ਰਤਿਊਸ਼ ਸਿੰਘ ਬੇਦੀ, ਮਨਕਰਨ ਸਿੰਘ ਢਿੱਲੋਂ, ਅਨਮੋਲ ਬਾਂਕਾ, ਪ੍ਰਣਵ ਠਾਕੁਰ ਅਤੇ ਅੱਕੀਰੇਡੀ ਸਾਈ ਵੇਦਾਂਸ਼, ਦੀ ਚੋਣ ਨਾਲ ਇਸ ਸੰਸਥਾ ਦੀ ਸਥਾਪਨਾ ਤੋਂ ਹੁਣ ਤੱਕ ਇਸ ਦੇ ਕੁੱਲ 237 ਕੈਡਿਟ ਵੱਖ-ਵੱਖ ਸਰਵਿਸਿਜ਼ ਸਿਖਲਾਈ ਅਕੈਡਮੀਆਂ ਵਿੱਚ ਸ਼ਾਮਲ ਹੋਏ ਹਨ

ਉਨ੍ਹਾਂ ਦੱਸਿਆ ਕਿ ਇਸ ਸੰਸਥਾ ਦੇ 160 ਸਾਬਕਾ ਕੈਡਿਟ ਰੱਖਿਆ ਸੇਵਾਵਾਂ ਵਿੱਚ ਅਫ਼ਸਰ ਵਜੋਂ ਨਿਯੁਕਤ ਹੋ ਚੁੱਕੇ ਹਨ

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਰੱਖਿਆ ਸੇਵਾਵਾਂ ਵਿੱਚ ਸ਼ਾਮਲ ਹੋਣ ਦੇ ਚਾਹਵਾਨ ਨੌਜਵਾਨਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਵਚਨਬੱਧ ਹੈ ਉਨ੍ਹਾਂ ਕਿਹਾ ਕਿ ਇਹ ਸੂਬੇ ਲਈ ਮਾਣ ਵਾਲੀ ਗੱਲ ਹੈ ਕਿ 56.64 ਫ਼ੀਸਦੀ ਚੋਣ ਦਰ ਨਾਲ ਇਹ ਸੰਸਥਾ ਦੇਸ਼ ਵਿੱਚ ਆਪਣੀ ਕਿਸਮ ਦੀ ਸਭ ਤੋਂ ਸਫ਼ਲ ਸੰਸਥਾ ਹੈ

ਮਹਾਰਾਜਾ ਰਣਜੀਤ ਸਿੰਘ ਏ.ਐਫ.ਪੀ.ਆਈ. ਦੇ ਡਾਇਰੈਕਟਰ ਮੇਜਰ ਜਨਰਲ ਅਜੈ ਐਚ. ਚੌਹਾਨ (ਸੇਵਾਮੁਕਤ) ਨੇ ਇਹਨਾਂ ਕੈਡਿਟਾਂ ਨੂੰ ਦੇਸ਼ ਦੇ ਸੱਚੇ ਸਿਪਾਹੀਆਂ ਬਣਨ ਦੀ ਪ੍ਰੇਰਨਾ ਦਿੰਦਿਆਂ ਕਿਹਾ ਕਿ ਇਹ ਸਾਡੇ ਦੇਸ਼ ਦਾ ਸਰਮਾਇਆ ਹਨ ਉਨ੍ਹਾਂ ਦੱਸਿਆ ਕਿ ਕੋਰਸਾਂ ਲਈ ਐਸ.ਐਸ.ਬੀਜ਼ ਚੱਲ ਰਹੀ ਹੈ, ਜਿਸ ਵਿੱਚ ਇਸ ਸੰਸਥਾ ਦੇ ਕੈਡਿਟਾਂ ਦੀ ਚੋਣ ਕੀਤੀ ਜਾ ਰਹੀ ਹੈ ਕੈਡਿਟਾਂ ਨੂੰ ਕਾਲ ਲੈਟਰ ਮਿਲਣ ਤੋਂ ਪਹਿਲਾਂ ਮੈਡੀਕਲ ਕਰਵਾਉਣਾ ਲਾਜ਼ਮੀ ਹੈ

ਚੰਡੀਗੜ੍ਹ-ਡਿਬਰੂਗੜ੍ਹ ਐਕਸਪ੍ਰੈੱਸ ਗੋਂਡਾ ਵਿਚ ਪਟੜੀ ਤੋਂ ਲੱਥੀ; ਪੰਜ ਮੌਤਾਂ; 25 ਜ਼ਖ਼ਮੀ

ਚੰਡੀਗੜ੍ਹ ਤੋਂ ਬੁੱਧਵਾਰ ਰਾਤ ਚੱਲੀ ਸੀ ਰੇਲ ਗੱਡੀ; ਪਟੜੀ ਤੋਂ ਲੱਥਣ ਮਗਰੋਂ ਲੋਕਾਂ ਨੇ ਗੱਡੀ ਵਿੱਚੋਂ ਛਾਲਾਂ ਮਾਰੀਆਂ

ਉੱਤਰ ਪ੍ਰਦੇਸ਼, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਚੰਡੀਗੜ੍ਹ-ਡਿਬਰੂਗੜ੍ਹ ਰੇਲਗੱਡੀ ਗੋਂਡਾ-ਮਾਨਕਪੁਰ ਸੈਕਸ਼ਨ 'ਤੇ ਪਟੜੀ ਤੋਂ ਉਤਰ ਗਈ ਹੈ ਇਹ ਜਾਣਕਾਰੀ ਮਿਲੀ ਹੈ ਕਿ ਇਹ ਹਾਦਸਾ ਦੁਪਹਿਰ ਢਾਈ ਵਜੇ ਦੇ ਕਰੀਬ ਵਾਪਰਿਆ ਇਸ ਹਾਦਸੇ ਵਿਚ ਪੰਜ ਯਾਤਰੀਆਂ ਦੀ ਮੌਤ ਹੋਣ ਦੀ ਖਬਰ ਹੈ ਇਸ ਤੋਂ ਇਲਾਵਾ 25 ਹੋਰ ਯਾਤਰੀ ਜ਼ਖਮੀ ਹੋਏ ਹਨ ਇਸ ਹਾਦਸੇ ਕਾਰਨ ਇਸ ਮਾਰਗ 'ਤੇ ਕਈ ਰੇਲ ਗੱਡੀਆਂ ਦੀ ਆਵਾਜਾਈ ਪ੍ਰਭਾਵਿਤ ਹੋਣ ਦੀ ਸੂਚਨਾ ਮਿਲੀ ਹੈ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਅਧਿਕਾਰੀਆਂ ਨੂੰ ਹੁਕਮ ਦਿੱਤਾ ਹੈ ਕਿ ਉਹ ਤੁਰੰਤ ਘਟਨਾ ਸਥਾਨ 'ਤੇ ਜਾਣ ਤੇ ਜ਼ਖਮੀਆਂ ਲਈ ਰਾਹਤ ਕਾਰਜ

ਆਰੰਭਣ ਜ਼ਿਕਰਯੋਗ ਹੈ ਕਿ ਇਹ ਰੇਲ ਗੱਡੀ ਚੰਡੀਗੜ੍ਹ ਤੋਂ ਹਫਤੇ ਵਿਚ ਦੋ ਦਿਨ ਬੁੱਧਵਾਰ ਤੇ ਸ਼ਨਿਚਰਵਾਰ ਚਲਦੀ ਹੈ ਤੇ ਇਸ ਗੱਡੀ ਦੇ ਚੰਡੀਗੜ੍ਹ ਤੋਂ ਬੁੱਧਵਾਰ ਦੇਰ ਰਾਤ ਚੱਲਣ ਦੀ ਖਬਰ ਹੈ ਉਤਰ ਪ੍ਰਦੇਸ਼ ਦੇ ਉਪ ਮੁੱਖ ਮੰਤਰੀ ਬ੍ਰਿਜੇਸ਼ ਪਾਠਕ ਨੇ ਦੱਸਿਆ ਕਿ ਰੇਲ ਹਾਦਸੇ ਵਿਚ ਚਾਰ ਜਣਿਆਂ ਦੀ ਮੌਤ ਹੋ

ਮੁੱਖ ਸਕੱਤਰ ਵੱਲੋਂ ਸੂਬੇ ਵਿੱਚ ਡਾਇਰੀਆ ਦੇ ਫੈਲਾਅ ਨੂੰ ਰੋਕਣ ਲਈ ਡਿਪਟੀ ਕਮਿਸ਼ਨਰਾਂ ਨੂੰ ਪੂਰੀ ਤਰ੍ਹਾਂ ਤਿਆਰ ਰਹਿਣ ਦੇ ਨਿਰਦੇਸ਼

ਚੰਡੀਗੜ੍ਹ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਸੂਬੇ ਦੇ ਕੁਝ ਕਸਬਿਆਂ ਵਿੱਚ ਡਾਇਰੀਆ ਦੇ ਫੈਲਾਅ ਨੂੰ ਗੰਭੀਰਤਾ ਨਾਲ ਲੈਂਦਿਆਂ ਮੁੱਖ ਸਕੱਤਰ ਸ੍ਰੀ ਅਨੁਰਾਗ ਵਰਮਾ ਨੇ ਅੱਜ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ ਨਾਲ ਇੱਕ ਹੰਗਾਮੀ ਮੀਟਿੰਗ ਕੀਤੀ ਮੀਟਿੰਗ ਵਿੱਚ ਸਬੰਧਤ ਵਿਭਾਗਾਂ ਦੇ ਸੀਨੀਅਰ ਅਧਿਕਾਰੀ, ਨਗਰ ਨਿਗਮ ਕਮਿਸ਼ਨਰ, ਏ.ਡੀ.ਸੀਜ਼ (ਸ਼ਹਿਰੀ ਵਿਕਾਸ), ਐਕਸੀਅਨ, ਈਓਜ਼ ਅਤੇ ਸਿਵਲ ਸਰਜਨ ਵੀ ਹਾਜ਼ਰ ਸਨ

ਸ੍ਰੀ ਵਰਮਾ ਨੇ ਕਿਹਾ ਕਿ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਨੇ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਹਨ ਕਿ ਸਾਰੀਆਂ ਨਗਰ ਨਿਗਮਾਂ ਅਤੇ ਮਿਉਂਸਪਲ ਕਮੇਟੀਆਂ ਆਪੋ-ਆਪਣੇ ਅਧਿਕਾਰ ਖੇਤਰਾਂ ਵਿੱਚ ਲੋਕਾਂ ਦੇ ਪੀਣ ਲਈ ਮੌਜੂਦ ਪਾਣੀ 100 ਫੀਸਦੀ ਸਾਫ ਹੋਣ ਯਕੀਨੀ ਬਣਾਉਣ ਜੋ ਪੂਰੀ ਤਰ੍ਹਾਂ ਦੂਸ਼ਿਤ ਮੁਕਤ ਹੋਵੇ ਉਨ੍ਹਾਂ ਡਿਪਟੀ ਕਮਿਸ਼ਨਰਾਂ, ਨਗਰ ਨਿਗਮ ਕਮਿਸ਼ਨਰਾਂ ਅਤੇ ਕਾਰਜਕਾਰੀ ਅਧਿਕਾਰੀਆਂ (ਈ.ਓਜ਼) ਨੂੰ ਆਪਣੇ ਅਧਿਕਾਰ ਖੇਤਰ ਵਿੱਚ ਪੈਂਦੇ ਸੰਵੇਦਨਸ਼ੀਲ ਅਤੇ ਝੁੱਗੀ-ਝੌਂਪੜੀ ਵਾਲੇ ਇਲਾਕਿਆਂ ਦਾ ਨਿੱਜੀ ਤੌਰ 'ਤੇ ਦੌਰਾ ਕਰਨ ਦੇ ਨਿਰਦੇਸ਼ ਦਿੱਤੇ ਉਨ੍ਹਾਂ ਕਿਹਾ ਕਿ ਜਿੱਥੇ ਕਿਤੇ ਵੀ ਪੀਣ ਵਾਲੇ ਪਾਣੀ ਦੇ ਦੂਸ਼ਿਤ ਹੋਣ ਦੀ ਸੰਭਾਵਨਾ ਨਜ਼ਰ ਆਵੇ ਤਾਂ ਤੁਰੰਤ ਜ਼ਰੂਰੀ ਕਦਮ ਚੁੱਕੇ ਜਾਣ ਸ੍ਰੀ ਵਰਮਾ ਨੇ ਸਥਾਨਕ ਸਰਕਾਰ ਵਿਭਾਗ ਦੇ ਸਕੱਤਰ ਨੂੰ ਹਦਾਇਤ ਕੀਤੀ ਕਿ ਉਹ ਸਾਰੇ ਕਮਿਸ਼ਨਰਾਂ ਅਤੇ ਈਓਜ਼ ਤੋਂ ਸਰਟੀਫਿਕੇਟ ਲੈਣ ਕਿ ਉਨ੍ਹਾਂ ਦੇ ਅਧਿਕਾਰ ਖੇਤਰ ਵਿੱਚ ਸਾਰੇ ਖੇਤਰਾਂ ਦੇ ਸਾਰੇ ਇਲਾਕਿਆਂ ਵਿੱਚ ਪੂਰੀ ਤਰ੍ਹਾਂ ਗੰਦਗੀ ਰਹਿਤ ਸਾਫ਼-ਸੁਥਰਾ ਪੀਣ ਵਾਲਾ ਪਾਣੀ ਸਪਲਾਈ ਕੀਤਾ ਜਾ ਰਿਹਾ ਹੈ

ਸ੍ਰੀ ਵਰਮਾ ਨੇ ਜਲ ਸਪਲਾਈ ਅਤੇ ਸੈਨੀਟੇਸ਼ਨ ਦੇ ਪ੍ਰਮੁੱਖ ਸਕੱਤਰ ਨੂੰ ਦਿਹਾਤੀ ਖੇਤਰਾਂ ਵਿੱਚ ਵੀ ਇਸੇ ਕਵਾਇਦ ਨੂੰ ਅਪਨਾਉਣ ਦੇ ਨਿਰਦੇਸ਼ ਦਿੱਤੇ ਉਨ੍ਹਾਂ ਕਿਹਾ ਕਿ ਸਾਰੇ ਐਕਸੀਅਨਾਂ ਅਤੇ ਐਸ.ਡੀ.ਓਜ਼ ਨੂੰ ਹਦਾਇਤ ਕੀਤੀ ਜਾਵੇ ਕਿ ਉਹ ਸਾਰੇ ਪਿੰਡਾਂ ਅਤੇ ਖਾਸ ਤੌਰ 'ਤੇ ਸੰਵੇਦਨਸ਼ੀਲ ਖੇਤਰਾਂ ਦਾ ਨਿੱਜੀ ਤੌਰ 'ਤੇ ਦੌਰਾ ਕਰਨ ਉਨ੍ਹਾਂ ਪ੍ਰਮੁੱਖ ਸਕੱਤਰ ਜਲ ਸਪਲਾਈ ਅਤੇ ਸੈਨੀਟੇਸ਼ਨ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਐਕਸੀਅਨਾਂ ਅਤੇ ਐਸ.ਡੀ.ਓਜ਼ ਤੋਂ ਵੀ ਉਨ੍ਹਾਂ ਦੇ ਅਧਿਕਾਰ ਖੇਤਰ ਦੇ ਸਾਰੇ ਇਲਾਕਿਆ ਵਿੱਚ ਗੰਦਗੀ ਰਹਿਤ ਸਾਫ਼ ਪਾਣੀ ਦੀ ਸਪਲਾਈ ਸਬੰਧੀ ਸਰਟੀਫਿਕੇਟ ਲੈਣ ਲਈ ਕਿਹਾ ਹੈ

ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਸ੍ਰੀ ਵਰਮਾ ਨੇ ਸਕੱਤਰ ਸਿਹਤ ਨੂੰ ਪਾਣੀ ਦੇ ਸੈਂਪਲਾਂ ਦੀ ਗਿਣਤੀ ਦੁੱਗਣੀ ਕਰਨ ਦੇ ਨਿਰਦੇਸ਼ ਦਿੱਤੇ ਉਨ੍ਹਾਂ ਕਿਹਾ ਕਿ ਇਸ ਸਬੰਧੀ ਝੁੱਗੀਆਂ-ਝੌਂਪੜੀਆਂ ਅਤੇ ਸੰਵੇਦਨਸ਼ੀਲ ਖੇਤਰਾਂ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਣਾ ਚਾਹੀਦਾ ਹੈ ਕੋਈ ਵੀ ਸੈਂਪਲ ਫੇਲ੍ਹ ਹੋਣ ਦੀ ਸੂਰਤ ਵਿੱਚ ਤੁਰੰਤ ਇਸ ਮਾਮਲੇ ਦੀ ਰਿਪੋਰਟ ਸਬੰਧਤ ਡਿਪਟੀ ਕਮਿਸ਼ਨਰ ਨੂੰ ਕੀਤੀ ਜਾਵੇ, ਜੋ ਉਸ ਖੇਤਰ ਵਿੱਚ ਪਾਣੀ ਦੀ ਸਪਲਾਈ ਲਈ ਜ਼ਿੰਮੇਵਾਰ ਅਧਿਕਾਰੀ ਵਿਰੁੱਧ ਬਣਦੀ ਕਾਰਵਾਈ ਕਰੇ ਉਨ੍ਹਾਂ ਅੱਗੇ ਕਿਹਾ ਕਿ ਅਜਿਹੇ ਖੇਤਰਾਂ ਵਿੱਚ ਪੀਣ ਯੋਗ ਪਾਣੀ ਤੁਰੰਤ ਟੈਂਕਰਾਂ ਰਾਹੀਂ ਉਪਲੱਬਧ ਕਰਵਾਇਆ ਜਾਵੇ ਇਸ ਤੋਂ ਇਲਾਵਾ ਲੋੜੀਂਦੀ ਮਾਤਰਾ ਵਿੱਚ ਕਲੋਰੀਨ ਦੀਆਂ ਗੋਲੀਆਂ ਦੀ ਸਪਲਾਈ ਯਕੀਨੀ ਬਣਾਈ ਜਾਵੇ ਸ੍ਰੀ ਵਰਮਾ ਨੇ ਸਕੱਤਰ ਸਿਹਤ ਨੂੰ ਹੁਣ ਤੱਕ ਬਿਮਾਰ ਪਏ ਵਿਅਕਤੀਆਂ ਦਾ ਮੁਫ਼ਤ ਅਤੇ ਢੁੱਕਵਾਂ ਇਲਾਜ ਯਕੀਨੀ ਬਣਾਉਣ ਲਈ ਹਦਾਇਤ ਵੀ ਕੀਤੀ ਉਨ੍ਹਾਂ ਡਿਪਟੀ ਕਮਿਸ਼ਨਰਾਂ ਨੂੰ ਸਥਿਤੀ ਦੀ ਰੋਜ਼ਾਨਾ ਨਿਗਰਾਨੀ ਕਰਨ ਅਤੇ ਉਪਰੋਕਤ ਨਿਰਦੇਸ਼ਾਂ ਦੇ ਸਖ਼ਤੀ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਉਨ੍ਹਾਂ ਸਪੱਸ਼ਟ ਕਿਹਾ ਕਿ ਇਸ ਸਬੰਧੀ ਕਿਸੇ ਵੱਲੋਂ ਕੋਈ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ

ਮੀਟਿੰਗ ਵਿੱਚ ਵਿੱਤ ਕਮਿਸ਼ਨਰ ਪੇਂਡੂ ਵਿਕਾਸ ਤੇ ਪੰਚਾਇਤਾਂ ਆਲੋਕ ਸ਼ੇਖਰ, ਪ੍ਰਮੁੱਖ ਸਕੱਤਰ ਜਲ ਸਪਲਾਈ ਤੇ ਸੈਨੀਟੇਸ਼ਨ ਨੀਲਕੰਠ ਐਸ ਅਵਹਾਡ, ਸਕੱਤਰ ਸਿਹਤ ਡਾ. ਅਭਿਨਵ, ਸਕੱਤਰ ਸਥਾਨਕ ਸਰਕਾਰਾਂ ਰਵੀ ਭਗਤ ਤੇ ਡਾਇਰੈਕਟਰ ਸਥਾਨਕ ਸਰਕਾਰਾਂ ਓਮਾ ਸ਼ੰਕਰ ਗੁਪਤਾ ਹਾਜ਼ਰ ਸਨ

ਐਨ ਆਰ ਆਈ ਸੁਰੇਸ਼ ਬਾਂਸਲ ਸੀ ਐਮ ਵਿੰਡੋ ਵਿੱਚ ਦਰਖਾਸਤ ਦੇ ਕੇ ਮਿਲੇ ਡੀਸੀ ਨੂੰ

ਮੇਰੀ ਜਾਨ ਮਾਲ ਨੂੰ ਖਤਰਾ ਕਿਸੇ ਪਾਸੋਂ ਨਹੀਂ ਮਿਲ ਰਿਹਾ ਇਨਸਾਫ : ਸੁਰੇਸ਼ ਬਾਂਸਲ

ਪਟਿਆਲਾ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਬੀਤੇ ਦਿਨੀ ਨਗਰ ਨਿਗਮ ਕਰਮਚਾਰੀਆਂ ਅਤੇ ਇੱਕ ਠੇਕੇਦਾਰ ਵਿਰੁੱਧ ਐਨ ਆਰ ਆਈ ਸੁਰੇਸ਼ ਬਾਂਸਲ ਵੱਲੋਂ ਵਿਜੀਲੈਂਸ ਨੂੰ ਦਿੱਤੀ ਦਰਖਾਸਤ ਤੇ ਵਿਜੀਲੈਂਸ ਵਿਭਾਗ ਵੱਲੋਂ ਜਤਿੰਦਰ ਕੁਮਾਰ ਬਬਲੂ ਦੇ ਨਾਮ ਮਾਮਲਾ ਦਰਜ ਕੀਤਾ ਗਿਆ ਸੀ ਜਿਸ ਤੋਂ ਬਾਅਦ ਮੁਲਜ਼ਮ ਵੱਲੋਂ ਜਮਾਨਤ ਅਰਜੀ ਸੈਸ਼ਨ ਕੋਰਟ ਵਿੱਚ ਲਗਾਈ ਗਈ ਜਿਸ ਵਿੱਚ ਮਾਨਯੋਗ ਅਦਾਲਤ ਵੱਲੋਂ ਇਸ ਜਮਾਨਤ ਅਰਜੀ ਨੂੰ ਮੁਦਈ ਦੇ ਵਕੀਲ ਦੀਆਂ ਦਲੀਲਾਂ ਅਤੇ ਵਿਜੀਲੈਂਸ ਵਿਭਾਗ ਵੱਲੋਂ ਮੁਦਈ ਦਾ ਪੱਖ ਜ਼ੋਰਦਾਰ ਤਰੀਕੇ ਨਾਲ ਪੇਸ਼ ਕਰਨ ਤੋਂ ਬਾਅਦ ਖਾਰਜ ਕਰ ਦਿੱਤਾ ਗਿਆ ਸੀ ਇੱਥੇ ਹੀ ਬਾਂਸਲ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਦੇ ਇਮਾਨਦਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹਰੇਕ ਡਿਪਟੀ ਕਮਿਸ਼ਨਰ ਦਫਤਰ ਵਿੱਚ ਸੀ ਐਮ ਵਿੰਡੋ ਦੀ ਸ਼ੁਰੂਆਤ ਭਰਿਸ਼ਟਾਚਾਰ ਦੇ ਖਾਤਮੇ ਲਈ ਕੀਤੀ ਗਈ ਹੈ ਅਤੇ ਮੈਂ ਹਰ ਪਾਸੇ ਧੱਕੇ ਖਾ ਕੇ ਪਰੇਸ਼ਾਨ ਹੋਣ ਤੋਂ ਬਾਅਦ ਇਸ ਵਿੰਡੋ ਅਧੀਨ ਆਪਣੀ ਦਰਖਾਸਤ ਅੱਗੇ ਭੇਜੀ ਹੈ ਅਤੇ ਟੋਕਨ ਲੈ ਕੇ ਅੱਜ ਹੀ ਪਟਿਆਲਾ ਦੇ ਡਿਪਟੀ ਕਮਿਸ਼ਨਰ ਨਾਲ ਮੁਲਾਕਾਤ ਵੀ ਹੋਈ ਮੈਂ ਉਹਨਾਂ ਨੂੰ ਅਰਜੀ ਰਾਹੀਂ ਆਪਣੇ ਤੇ ਬੀਤੀ ਹਰ ਗੱਲ ਅਤੇ ਉਸ ਗੱਲ ਨਾਲ ਸੰਬੰਧਿਤ ਹਰੇਕ ਸਬੂਤ ਮੁਹਈਆ ਕਰਵਾਇਆ ਹੈ ਉਸ ਅਰਜੀ ਰਾਹੀਂ ਮੈਂ ਇਹ ਮੰਗ ਕਰਦਾ ਹਾਂ ਕਿ ਮੈਂ ਇਕੱਲਾ ਹੀ ਇੰਡੀਆ ਵਿੱਚ ਰਹਿ ਰਿਹਾ ਹਾਂ ਮੇਰਾ ਸਾਰਾ ਪਰਿਵਾਰ ਆਸਟਰੇਲੀਆ ਵਿੱਚ ਹੈ ਅਤੇ ਇਹਨਾਂ ਭਰਸ਼ਟਾਚਾਰੀ ਲੋਕਾਂ ਤੋਂ ਮੈਨੂੰ ਜਾਨ ਅਤੇ ਮਾਲ ਦੀ ਹਾਨੀ ਹੋਣ ਦਾ ਖਦਸਾ ਹੈ ਮੇਰੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ ਮੇਰੀ ਢੈ ਢੇਰੀ ਕੀਤੀ ਅਤੇ ਸੀਲ ਕੀਤੀ ਬਿਲਡਿੰਗ ਬਾਰੇ ਬਣਦੇ ਕਾਨੂੰਨਾਂ ਦੀ ਮੈਨੂੰ ਪੂਰਨ ਜਾਣਕਾਰੀ ਦਿੱਤੀ ਜਾਵੇ ਜੇਕਰ ਉਹਨਾਂ ਬਿਲਡਿੰਗਾਂ ਵਿੱਚ ਕੋਈ ਤਰੁਟੀ ਹੈ ਤਾਂ ਮੈਨੂੰ ਠੀਕ ਕਰਾਉਣ ਦਾ ਅਧਿਕਾਰ ਦਿੱਤਾ ਜਾਵੇ ਕਿਉਂਕਿ ਜੇਕਰ ਬਿਲਡਿੰਗ ਵਿੱਚ ਕੋਈ ਮਜ਼ਦੂਰ ਨਹੀਂ ਜਾਏਗਾ ਤਾਂ ਉਹ ਤਰੁਟੀ ਨੂੰ ਦੂਰ ਕਿਸ ਤਰਾਂ ਕੀਤਾ ਜਾ ਸਕਦਾ ਹੈ ਇਥੇ ਹੀ ਬਾਂਸਲ ਨੇ ਡਿਪਟੀ ਕਮਿਸ਼ਨਰ ਪਟਿਆਲਾ ਤੇ ਪੂਰਾ ਭਰੋਸਾ ਜਤਾਇਆ ਅਤੇ ਉਹਨਾਂ ਮੁੱਖ ਮੰਤਰੀ ਪੰਜਾਬ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਵੀ ਪੂਰਾ ਯਕੀਨ ਦਿਖਾਇਆ ਕਿ ਮੈਨੂੰ ਇਨਸਾਫ ਮਿਲੇਗਾ ਅਤੇ ਭਰਿਸ਼ਟਾਚਾਰੀਆਂ ਨੂੰ ਤੇ ਧਮਕੀਆ ਦੇਣ ਵਾਲਿਆਂ ਨੂੰ ਸਰਕਾਰ ਬਣਦੇ ਕਾਨੂੰਨ ਮੁਤਾਬਕ ਸਜ਼ਾ ਦਏਗੀ ਸੁਰੇਸ਼ ਬਾਂਸਲ ਦਾ ਕਹਿਣਾ ਹੈ ਕਿ ਬਹੁਤ ਸਾਰੇ ਐਨ ਆਰ ਆਈ ਮੇਰੇ ਵਾਂਗ ਆਪਣੇ ਪੰਜਾਬ ਨੂੰ ਪਿਆਰ ਕਰਦੇ ਹਨ ਅਤੇ ਪੰਜਾਬ ,ਪੰਜਾਬੀਅਤ ਅਤੇ ਪੰਜਾਬੀਆਂ ਲਈ ਕੁਝ ਕਰਨ ਦੀ ਇੱਛਾ ਰੱਖਦੇ ਹਨ ਪਰ ਅਜਿਹੇ ਭਰਿਸ਼ਟ ਤੰਤਰ ਨੂੰ ਦੇਖਦੇ ਹੋਏ ਅਤੇ ਸਮਾਜ ਵਿਰੋਧੀ ਅਨਸਰਾਂ ਤੋਂ ਡਰਦੇ ਹੋਏ ਪੰਜਾਬ ਵੱਲ ਤੋਂ ਮੂੰਹ ਮੋੜਦੇ ਜਾ ਰਹੇ ਹਨ ਸਰਕਾਰ ਨੂੰ ਚਾਹੀਦਾ ਹੈ ਕਿ ਮੇਰੀ ਚੁੱਕੀ ਆਵਾਜ਼ ਨੂੰ ਬੁਲੰਦ ਕਰਕੇ ਅਜਿਹਾ ਫੈਸਲਾ ਕੀਤਾ ਜਾਵੇ ਅਤੇ ਮੈਨੂੰ ਅਜਿਹਾ ਇਨਸਾਫ ਦਵਾਇਆ ਜਾਵੇ ਜਿਸ ਨਾਲ ਇੱਕ ਉਦਾਹਰਣ ਬਣੇ ਅਤੇ ਐਨ ਆਰ ਆਈ ਪੰਜਾਬੀਆਂ ਦਾ ਆਪਣੇ ਰੰਗਲੇ ਪੰਜਾਬ ਵਿੱਚ ਭਰੋਸਾ ਬਣੇ ਅਤੇ ਉਹ ਫਿਰ ਵਿਦੇਸ਼ਾਂ ਦੀ ਧਰਤੀ ਤੇ ਪੱਕੇ ਹੋਣ ਦੇ ਬਾਵਜੂਦ ਵੀ ਆਪਣੇ ਪੰਜਾਬ ਅਤੇ ਪੰਜਾਬ ਦੇ ਨੌਜਵਾਨਾਂ ਲਈ ਕੁਝ ਕਰ ਸਕਣ ਇਥੇ ਹੀ ਬਾਂਸਲ ਨੇ ਕਿਹਾ ਕਿ ਚਾਹੇ ਮੈਨੂੰ ਜਿੰਨੀ ਵੀ ਖੱਜਲ ਖੁਆਰੀ ਦਾ ਸਾਹਮਣਾ ਕਰਨਾ ਪਵੇ ਅੱਜ ਮੈਂ ਮੁੱਖ ਮੰਤਰੀ ਤੱਕ ਪਹੁੰਚਿਆ ਹਾਂ ਪਰ ਮੈਂ ਕਦੇ ਵੀ ਬਿਨਾਂ ਇਨਸਾਫ ਲਏ ਘਰ ਨਹੀਂ ਬੈਠਾਂਗਾ ਹਰ ਦਿਨ ਮੈਂ ਡਰ ਦੇ ਮਾਹੌਲ ਵਿੱਚ ਜੀ ਰਿਹਾ ਹਾਂ ਮੇਰਾ ਬਹੁਤ ਨੁਕਸਾਨ ਹੋ ਰਿਹਾ ਹੈ ਪਰ ਉਹ ਸਾਰਾ ਕੁਝ ਨਗਰ ਨਿਗਮ ਦੇ ਅਧਿਕਾਰੀਆਂ ਕਰਕੇ, ਬਲੈਕਮੇਲਰ ਸਮਾਜ ਸੇਵਕਾਂ ਕਰਕੇ ਅਤੇ ਕਾਲੀਆਂ ਭੇਡਾਂ ਦੇ ਰੂਪ ਵਿੱਚ ਪੱਤਰਕਾਰੀ ਦਾ ਚੋਲਾ ਪਾ ਕੇ ਘੁੰਮ ਰਹੇ ਅਖੌਤੀ ਪੱਤਰਕਾਰਾਂ ਕਰਕੇ ਹੋ ਰਿਹਾ ਹੈ

ਸੂਬਾ ਸਰਕਾਰ ਆਮ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਗੰਭੀਰਤਾ ਨਾਲ ਕਰ ਰਹੀ ਹੈ ਕੰਮ : ਚੀਫ਼ ਵਿੱਪ ਬਲਜਿੰਦਰ ਕੌਰ

ਬਠਿੰਡਾ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਆਮ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਗੰਭੀਰਤਾ ਨਾਲ ਕੰਮ ਕਰਦੇ ਹੋਏ ਸਮੂਹ ਜ਼ਿਲ੍ਹਾਂ ਅਧਿਕਾਰੀਆਂ ਨੂੰ ਸਖ਼ਤ ਆਦੇਸ਼ ਦਿੱਤੇ ਹਨ ਕਿ ਲੋਕਾਂ ਦੀਆਂ ਸ਼ਿਕਾਇਤਾਂ ਦਾ ਤਹਿ ਸਮੇਂ ਅਨੁਸਾਰ ਨਿਪਟਾਰਾ ਕਰਨਾ ਯਕੀਨੀ ਬਣਾਉਣ ਤਾਂ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਵਿੱਚ ਕਿਸੇ ਕਿਸਮ ਦੀ ਦੇਰੀ ਨਾ ਹੋਵੇ ਇੰਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਵਿਧਾਇਕ ਤਲਵੰਡੀ ਸਾਬੋ ਚੀਫ ਵਿੱਪ ਸ਼੍ਰੀਮਤੀ ਬਲਜਿੰਦਰ ਕੌਰ ਨੇ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ "ਆਪ ਦੀ ਸਰਕਾਰ ਆਪ ਦੇ ਦੁਆਰ" ਤਹਿਤ ਜ਼ਿਲ੍ਹੇ ਅਧੀਨ ਪੈਂਦੇ ਪਿੰਡ ਸੇਖੂਪੁਰਾ ਵਿਖੇ ਲਗਾਏ ਗਏ ਸਪੈਸ਼ਲ ਕੈਂਪ ਦੌਰਾਨ ਆਮ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਉਪਰੰਤ ਕੀਤਾ ਇਸ ਮੌਕੇ ਉਨ੍ਹਾਂ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਲਤੀਫ ਅਹਿਮਦ ਤੇ ਐਸਡੀਐਮ ਤਲਵੰਡੀ ਸਾਬੋ ਸ ਹਰਜਿੰਦਰ ਸਿੰਘ ਜੱਸਲ ਵਿਸ਼ੇਸ਼ ਤੌਰ ਤੇ ਮੌਜੂਦ ਰਹੇ

ਇਸ ਮੌਕੇ ਚੀਫ ਵਿੱਪ ਸ਼੍ਰੀਮਤੀ ਬਲਜਿੰਦਰ ਕੌਰ ਨੇ ਕਿਹਾ ਕਿ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਹਲ ਲਈ ਲਗਾਏ ਜਾ ਰਹੇ ਸਪੈਸ਼ਲ ਕੈਂਪ ਲਾਹੇਵੰਦ ਸਾਬਿਤ ਹੋ ਰਹੇ ਹਨ ਇਸ ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਉਨ੍ਹਾਂ ਦੇ ਦਰਾਂ ਨੇੜੇ ਸਪੈਸ਼ਲ ਕੈਂਪ ਲਗਾ ਕੇ ਉਨ੍ਹਾਂ ਦੀਆਂ ਸਾਂਝੀਆਂ, ਨਿੱਜੀ ਅਤੇ ਜਾਇਜ਼ ਸਮੱਸਿਆਵਾਂ ਦਾ ਮੌਕੇ @ਤੇ ਹੀ ਨਿਪਟਾਰਾ ਕੀਤਾ ਜਾਂਦਾ ਹੈ

ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਆਪ ਦੀ ਸਰਕਾਰ ਆਪ ਦੇ ਦੁਆਰ" ਮੁਹਿੰਮ ਨੂੰ ਨਿਵੇਕਲੀ ਪਹਿਲਕਦਮੀ ਦੱਸਦਿਆਂ ਪ੍ਰੋ: ਬਲਜਿੰਦਰ ਕੌਰ ਨੇ ਕਿਹਾ ਕਿ ਇਸ ਮੁਹਿੰਮ ਤਹਿਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਇੱਕੋ ਹੀ ਛੱਤ ਹੇਠਾਂ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਿਰਫ਼ ਸੁਣਿਆ ਹੀ ਨਹੀਂ ਜਾਂਦਾ ਸਗੋਂ ਮੌਕੇ ਤੇ ਹੀ ਨਿਪਟਾਰਾ ਵੀ ਕੀਤਾ ਜਾਂਦਾ ਹੈ, ਇਸ ਨਾਲ ਆਮ ਲੋਕਾਂ ਦੇ ਸਮੇਂ ਅਤੇ ਪੈਸੇ ਦੀ ਵੀ ਬੱਚਤ ਹੁੰਦੀ ਹੈ ਇਸ ਮੌਕੇ ਪਿੰਡ ਸ਼ੇਖੁਪੁਰਾ ਤੋਂ ਇਲਾਵਾ ਫ਼ਤਿਹਗੜ੍ਹ ਨੋ ਆਬਾਦ, ਸਗ੍ਹਾ ਰਾਮ ਤੀਰਥ, ਭਗਵਾਨਪੁਰਾ, ਲੇਲੇਵਾਲ, ਨੱਤ ਅਤੇ ਗੁਰੂਸਰ ਜਗ੍ਹਾ ਆਦਿ ਪਿੰਡਾਂ ਦੇ ਲੋਕ ਆਪਣੀਆਂ ਸਾਂਝੀਆਂ ਤੇ ਨਿੱਜੀ ਸਮੱਸਿਆਵਾਂ ਲੈ ਕੇ ਪਹੁੰਚੇ, ਜਿਨ੍ਹਾਂ 'ਚ ਜ਼ਿਆਦਾਤਰ ਮਾਲ ਵਿਭਾਗ, ਸਿੰਚਾਈ, ਬਿਜਲੀ, ਪੁਲਿਸ ਵਿਭਾਗ ਤੋਂ ਇਲਾਵਾ ਸ਼ਗਨ ਸਕੀਮ, ਵਿਕਾਸ ਕਾਰਜਾਂ, ਪੀਣ ਵਾਲੇ ਪਾਣੀ, ਗੰਦੇ ਪਾਣੀ ਦੀ ਨਿਕਾਸੀ ਨਾਲ ਸਬੰਧਤ ਸਮੱਸਿਆਵਾਂ ਸਨ ਇਨ੍ਹਾਂ 'ਚੋਂ ਬਹੁਤੀਆਂ ਸਮੱਸਿਆਵਾਂ ਦਾ ਨਿਪਟਾਰਾ ਮੌਕੇ 'ਤੇ ਹੀ ਕੀਤਾ ਗਿਆ ਤੇ ਰਹਿੰਦੀਆਂ ਸਮੱਸਿਆਵਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ

ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਲਤੀਫ ਅਹਿਮਦ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਸ ਜਸਪ੍ਰੀਤ ਸਿੰਘ ਦੀ ਅਗਵਾਈ ਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹੁਣ ਹਰੇਕ ਹਫਤੇ ਵਿੱਚ ਦੋ ਵਾਰ ਵੱਖ-ਵੱਖ ਪਿੰਡਾਂ ਵਿੱਚ ਸਪੈਸ਼ਲ ਕੈਂਪ ਲਗਾਏ ਜਾ ਰਹੇ ਹਨ ਤਾਂ ਜੋ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਨਿਪਟਾਰਾ ਹੋ ਸਕੇ

ਉਨ੍ਹਾਂ ਇਹ ਵੀ ਕਿਹਾ ਕਿ ਜ਼ਿਲ੍ਹਾ ਪੱਧਰ 'ਤੇ ਡੀ.ਸ਼ੀ. ਦਫ਼ਤਰ ਵਿਖੇ ਮੁੱਖ ਮੰਤਰੀ ਸਹਾਇਤਾ ਕੇਂਦਰ ਤੇ ਸੀ.ਐਮ. ਵਿੰਡੋ ਸਥਾਪਤ ਕਰਨ ਨਾਲ ਹੁਣ ਆਮ ਲੋਕਾਂ ਨੂੰ ਆਪਣੀਆਂ ਸ਼ਿਕ

ਸੰਪਾਦਕੀ

ਬਿਜਲੀ ਸਬਸਿਡੀ 'ਤੇ ਕੈਂਚੀ

ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਦੀ ਅਗਵਾਈ ਵਾਲੀ ਹਿਮਾਚਲ ਪ੍ਰਦੇਸ਼ ਸਰਕਾਰ ਨੇ ਕਰਦਾਤਾਵਾਂ ਲਈ ਮੁਫ਼ਤ ਬਿਜਲੀ ਸਕੀਮ ਬੰਦ ਕਰਨ ਦਾ ਫ਼ੈਸਲਾ ਕੀਤਾ ਹੈ ਇਹ ਕਦਮ ਹਿਮਾਚਲ ਪ੍ਰਦੇਸ਼ ਰਾਜ ਬਿਜਲੀ ਬੋਰਡ (ਐੱਚਪੀਐੱਸਈਬੀ) ਦੀ ਮਾੜੀ ਵਿੱਤੀ ਹਾਲਤ ਦੇ ਮੱਦੇਨਜ਼ਰ ਚੁੱਕਿਆ ਗਿਆ ਹੈ ਜੋ ਰਿਪੋਰਟਾਂ ਮੁਤਾਬਿਕ ਵਿੱਤੀ ਸਾਲ 2023-24 ਵਿੱਚ 1800 ਕਰੋੜ ਰੁਪਏ ਦੇ ਘਾਟੇ ਵਿੱਚ ਰਿਹਾ ਹੈ ਇਸ ਫ਼ੈਸਲੇ ਦਾ ਅਸਰ ਭਾਵੇਂ ਸੂਬੇ ਦੇ ਵੱਡੀ ਗਿਣਤੀ ਟੈਕਸ ਅਦਾ ਕਰਨ ਵਾਲੇ ਲੋਕਾਂ ਉੱਤੇ ਪਏਗਾ ਪਰ ਗ਼ਰੀਬੀ ਰੇਖਾ ਤੋਂ ਹੇਠਲੇ (ਬੀਪੀਐੱਲ) ਤੇ ਹੋਰਨਾਂ ਕਮਜ਼ੋਰ ਵਰਗਾਂ ਨੂੰ ਇਸ ਫ਼ੈਸਲੇ ਦੀ ਜ਼ੱਦ ਵਿੱਚੋਂ ਬਾਹਰ ਰੱਖਿਆ ਗਿਆ ਹੈ ਹਿਮਾਚਲ ਪ੍ਰਦੇਸ਼ ਰਾਜ ਬਿਜਲੀ ਬੋਰਡ 'ਤੇ ਬਣੇ ਵਿੱਤੀ ਦਬਾਅ ਤੋਂ ਮੁਨਕਰ ਨਹੀਂ ਹੋਇਆ ਜਾ ਸਕਦਾ ਜੋ ਵੱਡੇ ਕਰਜ਼ੇ ਦੇ ਭਾਰ ਹੇਠ ਹੈ ਇਸ ਤੋਂ ਇਲਾਵਾ ਬੋਰਡ ਨੂੰ ਸੂਬੇ ਤੋਂ ਗਰਾਟਾਂ ਦੇ ਰੂਪ ਵਿਚ ਮਿਲਣ ਵਾਲਾ ਪੈਸਾ ਤੇ ਵਸਤੂ ਅਤੇ ਸੇਵਾ ਕਰ (ਜੀਐੱਸਟੀ) ਦੇ ਰੂਪ ਵਿੱਚ ਮਿਲਣ ਵਾਲਾ ਮਾਲੀਆ ਵੀ ਘਟਿਆ ਹੈ ਹਿਮਾਚਲ ਪ੍ਰਦੇਸ਼ ਕੈਬਨਿਟ ਵੱਲੋਂ 'ਜ਼ੀਰੋ' ਬਿਜਲੀ ਬਿੱਲ ਦੀ ਤਜਵੀਜ਼ ਨੂੰ ਤਰਕਸੰਗਤ ਬਣਾਉਣ ਲਈ ਕੀਤਾ ਗਿਆ ਫ਼ੈਸਲਾ ਚੰਗੀ ਸੋਚ ਵਾਲਾ ਕਦਮ ਮੰਨਿਆ ਜਾ ਸਕਦਾ ਹੈ ਜਿਸ ਦਾ ਮੰਤਵ ਸਾਲਾਨਾ 200 ਕਰੋੜ ਰੁਪਏ ਬਚਾਉਣਾ ਹੈ ਸਰਕਾਰ ਵੱਲੋਂ ਇਸ ਨੂੰ 'ਇੱਕ ਪਰਿਵਾਰ, ਇੱਕ ਮੀਟਰ' ਤੱਕ ਸੀਮਤ ਕੀਤਾ ਜਾਵੇਗਾ ਅਤੇ ਕੁਨੈਕਸ਼ਨਾਂ ਨੂੰ ਆਧਾਰ ਨਾਲ ਜੁੜੇ ਰਾਸ਼ਨ ਕਾਰਡਾਂ ਨਾਲ ਜੋੜਿਆ ਜਾਵੇਗਾ

ਇਹ ਕਦਮ ਚੁਣਾਵੀ ਸੌਗਾਤਾਂ ਦੇ ਅਸਥਿਰ ਮਿਜ਼ਾਜ ਦਾ ਪ੍ਰਤੀਕ ਹੈ ਜਿਨ੍ਹਾਂ ਨੂੰ ਕਠੋਰ ਵਿੱਤੀ ਅਸਲੀਅਤਾਂ ਅੱਗੇ ਸਿਰੇ ਚੜ੍ਹਾਉਣਾ ਮੁਸ਼ਕਿਲ ਹੋ ਜਾਂਦਾ ਹੈ ਆਲੋਚਕਾਂ ਨੇ ਕਾਂਗਰਸ ਸਰਕਾਰ ਦੀ ਵਾਅਦਿਆਂ ਤੋਂ ਮੂੰਹ ਫੇਰਨ ਲਈ ਨਿਖੇਧੀ ਕੀਤੀ ਹੈ ਮੁਫ਼ਤ ਬਿਜਲੀ ਸਕੀਮ 2022 ਵਿੱਚ ਤਤਕਾਲੀ ਮੁੱਖ ਮੰਤਰੀ ਜੈ ਰਾਮ ਠਾਕੁਰ ਵੱਲੋਂ ਕਾਫ਼ੀ ਜ਼ੋਰ-ਸ਼ੋਰ ਨਾਲ ਲਾਂਚ ਕੀਤੀ ਗਈ ਸੀ ਕਰੀਬ 14 ਲੱਖ ਖ਼ਪਤਕਾਰਾਂ ਨੂੰ ਲਾਭ ਦੇਣ ਵੱਲ ਸੇਧਿਤ ਇਸ ਸਕੀਮ ਦਾ ਘੇਰਾ ਹੁਣ ਵਿੱਤੀ ਤੰਗੀਆਂ ਕਾਰਨ ਘਟਾ ਦਿੱਤਾ ਗਿਆ ਹੈ ਆਮ ਲੋਕਾਂ ਨੂੰ ਰਾਹਤ ਦੇਣ ਦਾ ਇਰਾਦਾ ਭਾਵੇਂ ਸ਼ਲਾਘਾਯੋਗ ਸੀ ਪਰ ਰਾਜ ਦੀ ਵਿੱਤੀ ਹਾਲਤ ਨੂੰ ਵੀ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ

ਇਹ ਸਥਿਤੀ ਇਸ ਵਿਆਪਕ ਮੁੱਦੇ ਵੱਲ ਧਿਆਨ ਦਿਵਾਉਂਦੀ ਹੈ: ਵਿੱਤੀ ਜਿ?ਮੇਵਾਰੀਆਂ ਦਾ ਖਿਆਲ ਰੱਖ ਕੇ ਹੀ ਚੋਣਾਂ 'ਚ ਵਾਅਦੇ ਕੀਤੇ ਜਾਣ ਸੌਗਾਤਾਂ ਤੇ ਸਬਸਿਡੀਆਂ ਭਾਵੇਂ ਸਿਆਸੀ ਤੌਰ 'ਤੇ ਲੋਕਾਂ ਨੂੰ ਖਿੱਚਣ ਵਾਲੀਆਂ ਹੋਣ ਪਰ ਇਨ੍ਹਾਂ ਦੇ ਲੰਮੇ ਸਮੇਂ ਲਈ ਪੈਣ ਵਾਲੇ ਅਸਰਾਂ ਉੱਤੇ ਗੰਭੀਰਤਾ ਨਾਲ ਵਿਚਾਰ ਹੋਵੇ ਟਿਕਾਊ ਵਿਕਾਸ ਤੇ ਵਿੱਤੀ ਸਥਿਰਤਾ ਨੀਤੀ ਨਿਰਧਾਰਨ ਦੀ ਪਹਿਲੀ ਸ਼ਰਤ ਹੋਣੇ ਚਾਹੀਦੇ ਹਨ, ਯਕੀਨੀ ਬਣਾਉਣਾ ਜ਼ਰੂਰੀ ਹੈ ਕਿ ਥੋੜ੍ਹੇ ਸਮੇਂ ਦੇ ਲਾਭ, ਕਿਤੇ ਲੰਮੇ ਸਮੇਂ ਲਈ ਹੋਣ ਵਾਲਾ ਨੁਕਸਾਨ ਨਾ ਬਣ ਜਾਣ ਹਾਲਾਂਕਿ ਚੁਣਾਵੀ ਵਾਅਦੇ ਮਹੱਤਵਪੂਰਨ ਹਨ ਪਰ ਇਹ ਰਾਜ ਦੀਆਂ ਵਿੱਤੀ ਅਸਲੀਅਤਾਂ ਮੁਤਾਬਿਕ ਸੰਤੁਲਿਤ ਹੋਣੇ ਚਾਹੀਦੇ ਹਨ ਇੱਕ ਵਾਰ ਦਿੱਤਾ ਲਾਭ ਜਿਸ ਨੂੰ ਮਗਰੋਂ ਜਾਰੀ ਰੱਖਣਾ ਸੰਭਵ ਨਾ ਰਹੇ, ਜਦੋਂ ਵਾਪਸ ਲੈ ਲਿਆ ਜਾਂਦਾ ਹੈ ਤਾਂ ਇਸ ਦੇ ਵੀ ਆਪਣੇ ਵੱਖਰੇ ਸਿੱਟੇ ਨਿਕਲਦੇ ਹਨ

ਉਪ ਰਾਜਪਾਲ ਦੀਆਂ ਸ਼ਕਤੀਆਂ

ਕੇਂਦਰੀ ਗ੍ਰਹਿ ਮੰਤਰਾਲੇ ਨੇ ਜੰਮੂ ਕਸ਼ਮੀਰ ਮੁੜ ਗਠਨ ਐਕਟ-2019 ਤਹਿਤ ਕਾਰ-ਵਿਹਾਰ ਦੇ ਨੇਮਾਂ ਵਿੱਚ ਸੋਧ ਕਰ ਕੇ ਜੰਮੂ ਕਸ਼ਮੀਰ ਦੇ ਉਪ ਰਾਜਪਾਲ ਨੂੰ ਹੋਰ ਸ਼ਕਤੀਆਂ ਦੇਣ ਦਾ ਫ਼ੈਸਲਾ ਕੀਤਾ ਹੈ ਵਿਰੋਧੀ ਪਾਰਟੀਆਂ, ਖ਼ਾਸਕਰ ਜੰਮੂ ਕਸ਼ਮੀਰ ਨਾਲ ਸਬੰਧਿਤ ਸਿਆਸੀ ਪਾਰਟੀਆਂ ਨੇ ਕੇਂਦਰ ਸਰਕਾਰ ਦੇ ਇਸ ਫ਼ੈਸਲੇ ਦੀ ਨੁਕਤਾਚੀਨੀ ਕੀਤੀ ਹੈ ਇਸ ਪਹਿਲਕਦਮੀ ਤਹਿਤ ਉਪ ਰਾਜਪਾਲ ਨੂੰ ਪੁਲੀਸ, ਜਨਤਕ ਵਿਵਸਥਾ ਤੇ ਕੁੱਲ ਹਿੰਦ ਸੇਵਾਵਾਂ ਦੇ ਅਫਸਰਾਂ ਅਤੇ ਇਨ੍ਹਾਂ ਤੋਂ ਇਲਾਵਾ ਵੱਖ-ਵੱਖ ਕੇਸਾਂ ਵਿੱਚ ਅਦਾਲਤੀ ਕਾਰਵਾਈ ਲਈ ਮਨਜ਼ੂਰੀ ਦੇਣ ਨਾਲ ਜੁੜੇ ਮਾਮਲਿਆਂ ਬਾਰੇ ਫ਼ੈਸਲੇ ਕਰਨ ਦੇ ਅਖ਼ਤਿਆਰ ਦਿੱਤੇ ਗਏ ਹਨ ਕੇਂਦਰ ਦਾ ਦਾਅਵਾ ਹੈ ਕਿ ਵਿਧਾਨ ਸਭਾ ਅਤੇ ਉਪ ਰਾਜਪਾਲ ਦੇ ਕੰਮਕਾਜ ਵਿਚਕਾਰ ਨਿਖੇੜਾ ਕਰਨ ਅਤੇ ਸਪੱਸ਼ਟਤਾ ਲਿਆਉਣ ਦੇ ਮਨਸ਼ੇ ਨਾਲ ਇਹ ਸੋਧ ਕੀਤੀ ਗਈ ਹੈ ਤਾਂ ਕਿ ਕੇਂਦਰ ਸ਼ਾਸਿਤ ਪ੍ਰਦੇਸ਼ ਦਾ ਪ੍ਰਸ਼ਾਸਨ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ ਉਂਝ, ਵਿਰੋਧੀ ਧਿਰ ਦੀਆਂ ਪਾਰਟੀਆਂ ਇਸ ਪਹਿਲਕਦਮੀ ਨੂੰ ਚੁਣੀ ਹੋਈ ਸਰਕਾਰ ਦੀਆਂ ਸ਼ਕਤੀਆਂ 'ਤੇ ਛਾਪਾ ਮਾਰਨ ਦੀ ਕਾਰਵਾਈ ਵਜੋਂ ਦੇਖ ਰਹੀਆਂ ਹਨ ਜੰਮੂ ਕਸ਼ਮੀਰ ਵਿੱਚ ਸ਼ਾਸਨ ਦੀ ਵਾਗਡੋਰ 2018 ਤੱਕ ਚੁਣੀ ਹੋਈ ਸਰਕਾਰ ਦੇ ਹੱਥਾਂ ਵਿੱਚ ਸੀ ਜਦੋਂ ਭਾਰਤੀ ਜਨਤਾ ਪਾਰਟੀ ਅਤੇ ਮਹਿਬੂਬਾ ਮੁਫ਼ਤੀ ਦੀ ਅਗਵਾਈ ਵਾਲੀ ਪੀਡੀਪੀ ਦਾ ਗੱਠਜੋੜ ਸੱਤਾ ਵਿੱਚ ਸੀ; ਫਿਰ ਇਹ ਗੱਠਜੋੜ ਟੁੱਟਣ ਤੋਂ ਬਾਅਦ ਉੱਥੇ ਗਵਰਨਰੀ ਰਾਜ ਲਾਗੂ ਕਰ ਦਿੱਤਾ ਗਿਆ ਸੀ ਜਿਸ ਦੌਰਾਨ ਅਗਸਤ 2019 ਵਿੱਚ ਧਾਰਾ 370 ਅਤੇ 35ਏ ਮਨਸੂਖ ਕਰ ਦਿੱਤੀ ਗਈ ਸੀ

ਧਾਰਾ 370 ਦੀ ਮਨਸੂਖੀ ਖਿ?ਲਾਫ਼ ਸੁਪਰੀਮ ਕੋਰਟ ਵਿੱਚ ਦਾਇਰ ਪਟੀਸ਼ਨਾਂ 'ਤੇ ਪਿਛਲੇ ਸਾਲ ਸੁਣਵਾਈ ਦੌਰਾਨ ਜੰਮੂ ਕਸ਼ਮੀਰ ਵਿੱਚ ਇਸ ਸਾਲ 30 ਸਤੰਬਰ ਤੱਕ ਵਿਧਾਨ ਸਭਾ ਚੋਣਾਂ ਕਰਾਉਣ ਦੇ ਨਿਰਦੇਸ਼ ਦਿੱਤੇ ਗਏ ਸਨ ਜਿਸ ਦੇ ਪੇਸ਼ੇਨਜ਼ਰ ਕੇਂਦਰ ਦੀ ਚਾਰਾਜੋਈ ਨੂੰ ਲੈ ਕੇ ਸ਼ੰਕੇ ਅਤੇ ਖ਼ਦਸ਼ੇ ਪੈਦਾ ਹੋ ਗਏ ਹਨ ਹਾਲਾਂਕਿ ਸੁਪਰੀਮ ਕੋਰਟ ਵੱਲੋਂ ਇਸ ਪ੍ਰਕਿਰਿਆ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਨ ਦੇ ਸਪੱਸ਼ਟ ਨਿਰਦੇਸ਼ ਦਿੱਤੇ ਗਏ ਸਨ ਪਰ ਹੁਣ ਜੰਮੂ ਕਸ਼ਮੀਰ ਦਾ ਰਾਜ ਦਾ ਦਰਜਾ ਬਹਾਲ ਕਰਨ ਬਾਰੇ ਕੇਂਦਰ ਦੇ ਫ਼ੈਸਲੇ ਨੂੰ ਲੈ ਕੇ ਸਵਾਲੀਆ ਨਿਸ਼ਾਨ ਲਗਾਏ ਜਾ ਰਹੇ ਹਨ ਇੱਕ ਤੋਂ ਬਾਅਦ ਇੱਕ, ਕਈ ਅਤਿਵਾਦੀ ਹਮਲਿਆਂ ਕਾਰਨ ਵਿਗੜੀ ਸੁਰੱਖਿਆ ਹਾਲਾਤ ਦੇ ਮੱਦੇਨਜ਼ਰ ਸਰਕਾਰ ਨੂੰ ਸੁਤੰਤਰ, ਨਿਰਪੱਖ ਅਤੇ ਸ਼ਾਂਤੀਪੂਰਨ ਚੋਣਾਂ ਕਰਵਾਉਣਾ ਔਖਾ ਕੰਮ ਲੱਗ ਸਕਦਾ ਹੈ ਇਸ ਪੂਰੀ ਚੁਣਾਵੀ ਪ੍ਰਕਿਰਿਆ ਦੌਰਾਨ ਸਾਰੇ ਹਿੱਤ ਧਾਰਕਾਂ ਨੂੰ ਨਾਲ ਲੈ ਕੇ ਚੱਲਣ ਦੀ ਜਿ?ਮੇਵਾਰੀ ਉਪ ਰਾਜਪਾਲ ਦੀ ਹੋਵੇਗੀ

ਦਿੱਲੀ ਦੇ ਉਪ ਰਾਜਪਾਲ ਅਤੇ ਮੁੱਖ ਮੰਤਰੀ ਦਰਮਿਆਨ ਵਾਰ-ਵਾਰ ਹੁੰਦੇ ਰਹੇ ਟਕਰਾਅ ਨੇ ਹਾਲ ਦੇ ਸਾਲਾਂ 'ਚ ਰਾਜਧਾਨੀ ਵਿੱਚ ਸ਼ਾਸਕੀ ਢਾਂਚੇ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ ਜੰਮੂ ਤੇ ਕਸ਼ਮੀਰ ਵਿੱਚ ਇਸ ਤਰ੍ਹਾਂ ਦੇ ਅਸ਼ਾਂਤ ਮਾਡਲ ਨੂੰ ਲਾਗੂ ਕਰਨ ਤੋਂ ਬਚ ਕੇ ਕੇਂਦਰ ਸਰਕਾਰ ਚੰਗਾ ਕੰਮ ਕਰ ਸਕਦੀ ਹੈ ਜਿ?ਕਰਯੋਗ ਹੈ ਕਿ ਜੰਮੂ ਕਸ਼ਮੀਰ ਵਾਸੀਆਂ ਨੇ ਹਾਲੀਆ ਲੋਕ ਸਭਾ ਚੋਣਾਂ 'ਚ ਆਪਣੀ ਉਤਸ਼ਾਹਜਨਕ ਹਾਜ਼ਰੀ ਦਰਜ ਕਰਵਾ ਕੇ ਜਮਹੂਰੀਅਤ 'ਚ ਭਰੋਸਾ ਜਤਾਇਆ ਹੈ ਜਿਸ ਨੂੰ ਕਾਇਮ ਰੱਖਿਆ ਜਾਣਾ ਚਾਹੀਦਾ ਹੈ ਇਹ ਗੜਬੜ ਵਾਲੇ ਖੇਤਰ ਦੇ ਲੋਕਾਂ ਲਈ ਨਵੀਂ ਸ਼ੁਰੂਆਤ ਦਾ ਵੇਲਾ ਹੈ ਸੰਭਾਵੀ ਨਵੀਂ ਸਵੇਰ 'ਤੇ ਮਤਭੇਦ ਅਤੇ ਬਦਗੁਮਾਨੀ ਭਾਰੂ ਨਹੀਂ ਪੈਣ ਦਿੱਤੇ ਜਾਣੇ ਚਾਹੀਦੇ

ਕੈਬਨਿਟ ਮੰਤਰੀ ਵੱਲੋਂ ਸ਼ਹਿਰ 'ਚ ਚੱਲ ਰਹੇ ਵਿਕਾਸ ਪ੍ਰਾਜੈਕਟਾਂ ਨੂੰ ਤੇਜ਼ੀ ਨਾਲ ਮੁਕੰਮਲ ਕਰਨ ਦੇ ਨਿਰਦੇਸ਼

ਮਾਨਸੂਨ ਸੀਜ਼ਨ ਦੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਨਗਰ ਨਿਗਮ ਦੇ ਪ੍ਰਬੰਧਾਂ ਦਾ ਲਿਆ ਜਾਇਜ਼ਾ

ਜਲੰਧਰ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਨੇ ਸ਼ਹਿਰ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਇਨ੍ਹਾਂ ਪ੍ਰਾਜੈਕਟਾਂ ਨੂੰ ਤੇਜ਼ੀ ਨਾਲ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ

ਇਥੇ ਨਗਰ ਨਿਗਮ ਦਫ਼ਤਰ ਵਿਖੇ ਵਿਧਾਇਕ ਰਮਨ ਅਰੋੜਾ ਤੇ ਮਹਿੰਦਰ ਭਗਤ, ਨਗਰ ਨਿਗਮ ਦੇ ਕਮਿਸ਼ਨਰ ਗੌਤਮ ਜੈਨ ਅਤੇ ਹੋਰ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਕਿਹਾ ਕਿ ਅਧਿਕਾਰੀ ਸ਼ਹਿਰ ਵਿੱਚ ਵੱਖ-ਵੱਖ ਸਕੀਮਾਂ ਤਹਿਤ ਚੱਲ ਰਹੇ ਵਿਕਾਸ ਕਾਰਜਾਂ ਦੀ ਵਿਅਕਤੀਗਤ ਨਿਗਰਾਨੀ ਯਕੀਨੀ ਬਣਾਉਣ ਤਾਂ ਜੋ ਇਨ੍ਹਾਂ ਕੰਮਾਂ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾ ਸਕੇ

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਿਕਾਸ ਮੁਖੀ ਏਜੰਡੇ 'ਤੇ ਕੰਮ ਕਰਦੀ ਹੋਈ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਤੇ ਸਾਫ-ਸੁਥਰਾ ਵਾਤਾਵਰਣ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਪਿਮਸ ਰੋਡ, ਜਮਸ਼ੇਰ ਰੋਡ ਸਮੇਤ ਸ਼ਹਿਰ ਦੀਆਂ ਹੋਰ ਸੜਕਾਂ ਦੇ ਨਿਰਮਾਣ, ਡਾ. ਬੀ.ਆਰ.ਅੰਬੇਡਕਰ ਪਾਰਕ ਬੂਟਾ ਮੰਡੀ ਵਿਖੇ ਚੱਲ ਰਹੇ ਵਿਕਾਸ ਕਾਰਜਾਂ ਸਮੇਤ ਹੋਰ ਕੰਮਾਂ ਦਾ ਜਾਇਜ਼ਾ ਲੈਂਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ ਅਤੇ ਅਧਿਕਾਰੀ ਅਧਿਕਾਰੀ ਸਮੇਂ-ਸਮੇਂ 'ਤੇ ਮੌਕੇ ਦਾ ਮੁਆਇਨਾ ਕਰਨ

ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕਿਸੇ ਕਿਸਮ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਸਥਾਨਕ ਸਰਕਾਰਾਂ ਮੰਤਰੀ ਨੇ ਮਾਨਸੂਨ ਸੀਜ਼ਨ ਦੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਨਗਰ ਨਿਗਮ ਵੱਲੋਂ ਪਾਣੀ ਦੀ ਨਿਕਾਸੀ, ਸੀਵਰੇਜ ਦੀ ਸਫਾਈ, ਮੱਛਰ-ਮੱਖੀ ਦੀ ਰੋਕਥਾਮ ਲਈ ਦਵਾਈਆਂ ਆਦਿ ਪ੍ਰਬੰਧਾਂ ਦਾ ਵੀ ਜਾਇਜ਼ਾ ਲਿਆ ਉਨ੍ਹਾਂ ਕਿਹਾ ਕਿ ਸੀਵਰੇਜ ਸਫਾਈ ਵੱਲ ਵਿਸ਼ੇਸ਼ ਤਵਜੋਂ ਦਿੱਤੀ ਜਾਵੇ ਅਤੇ ਜੇਕਰ ਕਿਤੇ ਕੋਈ ਸੀਵਰੇਜ ਜਾਮ ਦੀ ਸਮੱਸਿਆ ਆਉਂਦੀ ਹੈ ਤਾਂ ਉਸ ਨੂੰ ਚਾਲੂ ਕਰਨ ਲਈ ਲੋੜੀਂਦੀ ਮਸ਼ੀਨਰੀ ਸਮੇਤ ਹੋਰ ਇੰਤਜ਼ਾਮ ਪਹਿਲਾਂ ਹੀ ਕੀਤੇ ਜਾਣੇ ਚਾਹੀਦੇ ਹਨ ਉਨ੍ਹਾਂ ਕਿਹਾ ਕਿ ਬਰਸਾਤ ਦੌਰਾਨ ਮੀਂਹ ਦੇ ਪਾਣੀ ਦੀ ਮੁਕੰਮਲ ਨਿਕਾਸੀ ਹੋਣੀ ਚਾਹੀਦੀ ਹੈ ਤਾਂ ਜੋ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ ਉਨ੍ਹਾਂ ਇਸ ਦੌਰਾਨ ਸ਼ਹਿਰ ਚੱਲ ਰਹੇ 8 ਸੀਵਰੇਜ ਟ੍ਰੀਟਮੈਂਟ ਪਲਾਂਟਾ ਦੀ ਕਾਰਗੁਜ਼ਾਰੀ ਦਾ ਵੀ ਜਾਇਜ਼ਾ ਲਿਆ

ਮੰਤਰੀ ਨੇ ਪ੍ਰਾਪਰਟੀ ਟੈਕਸ ਇਕੱਤਰ ਕਰਨ ਦੀ ਲੋੜ 'ਤੇ ਵੀ ਜ਼ੋਰ ਦਿੱਤਾ ਉਨ੍ਹਾਂ ਨਗਰ ਨਿਗਮ ਅਧਿਕਾਰੀਆਂ ਨੂੰ ਕਿਹਾ ਕਿ ਸੌ ਫੀਸਦੀ ਪ੍ਰਾਪਰਟੀ ਟੈਕਸ ਇਕੱਤਰ ਕੀਤਾ ਜਾਵੇ ਅਤੇ ਇਸ ਕੰਮ ਵਿੱਚ ਕਿਸੇ ਕਿਸਮ ਦੀ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਉਨ੍ਹਾਂ ਅਧਿਕਾਰੀਆਂ ਨੂੰ ਇਸ ਸਬੰਧੀ ਪਹਿਲੀ ਅਗਸਤ ਤੱਕ ਰਿਪੋਰਟ ਪੇਸ਼ ਕਰਨ ਲਈ ਵੀ ਕਿਹਾ

ਕੈਬਨਿਟ ਮੰਤਰੀ ਨੇ ਇਸ ਦੌਰਾਨ ਵਿਧਾਇਕਾਂ ਵੱਲੋਂ ਆਪੋ-ਆਪਣੇ ਹਲਕਿਆਂ ਨਾਲ ਸਬੰਧਤ ਮੁਸ਼ਕਲਾਂ ਸੁਣਦਿਆਂ ਅਧਿਕਾਰੀਆਂ ਨੂੰ ਉਨ੍ਹਾਂ ਦਾ ਤਰਜੀਹ ਦੇ ਆਧਾਰ 'ਤੇ ਨਿਪਟਾਰਾ ਕਰਨ ਦੀਆਂ ਹਦਾਇਤਾਂ ਦਿੱਤੀਆਂ ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਪੂਰੀ ਤਨਦੇਹੀ ਅਤੇ ਤਾਲਮੇਲ ਨਾਲ ਕੰਮ ਕਰਨ ਨੂੰ ਯਕੀਨੀ ਬਣਾਇਆ ਜਾਵੇ

ਇਸ ਮੌਕੇ ਸੀਨੀਅਰ 'ਆਪ' ਆਗੂ ਰਾਜਵਿੰਦਰ ਕੌਰ ਥਿਆੜਾ, ਦਿਨੇਸ਼ ਢੱਲ, ਵਧੀਕ ਕਮਿਸ਼ਨਰ ਨਗਰ ਨਿਗਮ ਅਮਰਜੀਤ ਬੈਂਸ, ਜੁਆਇੰਟ ਕਮਿਸ਼ਨਰ ਪੁਨੀਤ ਸ਼ਰਮਾ ਵੀ ਮੌਜੂਦ ਸਨ

ਜ਼ਿਲ੍ਹੇ ਅੰਦਰ ਮਾਨਸੂਨ ਸੀਜ਼ਨ ਦੌਰਾਨ ਪੰਜ ਲੱਖ ਪੌਦੇ ਲਗਾਉਣ ਦਾ ਟੀਚਾ ਨਿਰਧਾਰਿਤ : ਡਾ ਪੱਲਵੀ

➢ ਸਾਡਾ ਸਾਰਿਆਂ ਦਾ ਆਪਣੀ ਨੈਤਿਕ ਜਿੰਮੇਵਾਰੀ ਸਮਝਦੇ ਹੋਏ ਮਾਨਸੂਨ ਸੀਜ਼ਨ ਦੌਰਾਨ ਵੱਧ ਤੋਂ ਵੱਧ ਬੂਟੇ ਲਗਾਉਣ ਲਈ ਸਮਪਰਨ ਦੀ ਭਾਵਨਾਂ ਨਾਲ ਅੱਗੇ ਆਉਣਾ ਸਮੇਂ ਦੀ ਲੋੜ ➢ ਵੱਧ ਤੋਂ ਵੱਧ ਬੂਟੇ ਲਗਾਕੇ ਵਾਤਾਵਰਣ ਨੂੰ ਹਰਿਆ ਭਰਿਆ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਂਣ ਜ਼ਿਲ੍ਹਾ ਨਿਵਾਸੀ- ਡੀ.ਐਫ.ਓ ➢ ਸਰਕਾਰੀ ਵਿਭਾਗਾਂ, ਪੰਚਾਇਤਾਂ, ਐਨ.ਜੀ.ਓ., ਸਕੂਲਾਂ ਆਦਿ ਨੂੰ ਮਿਲਣਗੇ ਮੁਫ਼ਤ ਬੂਟੇ : ਡਾ ਮੋਨਿਕਾ ਯਾਦਵ

ਮਲੇਰਕੋਟਲਾ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹੇ ਨੂੰ ਹਰਿਆ-ਭਰਿਆ, ਸੁੰਦਰ ਬਣਾਉਣ ਅਤੇ ਵਾਤਾਵਰਨ ਦੀ ਸੰਭਾਲ ਤੇ ਸ਼ੁੱਧਤਾ ਲਈ ਆਉਣ ਵਾਲੇ ਮਾਨਸੂਨ ਸੀਜ਼ਨ ਦੌਰਾਨ ਜ਼ਿਲ੍ਹੇ ਅੰਦਰ ਵੱਖ-ਵੱਖ ਵਿਭਾਗਾਂ ਅਧੀਨ ਆਉਂਦੀਆਂ ਸਰਕਾਰੀ/ ਗ਼ੈਰ ਸਰਕਾਰੀ ਜ਼ਮੀਨਾਂ 'ਤੇ ਪੰਜ ਲੱਖ ਪੌਦੇ ਲਗਾਉਣ ਦਾ ਟੀਚਾ ਨਿਰਧਾਰਿਤ ਕੀਤਾ ਗਿਆ ਹੈ ਤਾਂ ਜੋ ਅਸੀਂ ਆਪਣੀਆਂ ਆਉਂਣ ਵਾਲੀਆਂ ਪੀੜੀਆਂ ਨੂੰ ਸਾਫ ਸੁਥਰੇ ਵਾਤਾਵਰਣ ਦੀ ਸੁਗਾਤ ਦੇ ਸਕੀਏ ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਜ਼ਿਲ੍ਹੇ ਦੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆ ਕੀਤਾ

ਸਵੱਛ ਅਤੇ ਹਰਿਆ-ਭਰਿਆ ਜ਼ਿਲ੍ਹਾ ਬਣਾਉਣ ਲਈ ਪ੍ਰਸ਼ਾਸ਼ਨ ਦੀ ਵਚਨਬੱਧਤਾ ਨੂੰ ਦੁਹਰਾਉਂਦ

ਯਿਸੂ ਮਸੀਹ ਦੇ ਮੁਢਲੇ ਵਰ੍ਹੇ

ਈਸਾਈ ਧਰਮ ਦੇ ਬਾਨੀ ਯਿਸੂ ਮਸੀਹ ਦੇ ਬਚਪਨ ਦੇ ਉਹ ਅਦਭੁੱਤ 18 ਸਾਲ, ਜਿਨ੍ਹਾਂ ਦੇ ਵੇਰਵੇ ਪਵਿੱਤਰ ਬਾਈਬਲ ਵਿਚ ਨਹੀਂ ਮਿਲਦੇ।

(ਆਧਾਰ/ਸਰੋਤ - ਇੰਗਲੈਂਡ ਦੇ 'ਬਾਈਬਲ ਡੌਟ ਔਰਗ ਡੌਟ ਯੂ.ਕੇ.' ਵੱਲੋਂ ਪ੍ਰਕਾਸ਼ਿਤ 1,262 ਪੰਨਿਆਂ ਦੀ ਵਿਸ਼ਵ ਪ੍ਰਸਿੱਧ ਪੁਸਤਕ 'ਯੂਰੈਸ਼ੀਆ', ਜੋ ਪਹਿਲੀ ਵਾਰ 1925 ਤੋਂ ਲੈ ਕੇ 1955 ਦੌਰਾਨ ਕਿਸੇ ਵੇਲੇ ਅਮਰੀਕੀ ਸੂਬੇ ਇਲੀਨੋਇ ਦੇ ਸ਼ਹਿਰ ਸ਼ਿਕਾਗੋ 'ਚ ਸਾਹਮਣੇ ਆਈ ਸੀ)

ਪਹਿਲਾਂ ਤਾਂ ਮਾਂ ਮਰੀਅਮ ਹਾਕਮਾਂ ਦੇ ਤਾਨਾਸ਼ਾਹੀ ਹੁਕਮਾਂ ਦੇ ਡਰ ਤੋਂ ਨਿੱਕੇ ਯਿਸੂ ਨੂੰ ਬਿਲਕੁਲ ਵੀ ਘਰੋਂ ਬਾਹਰ ਨਹੀਂ ਜਾਣ ਦਿੰਦੇ ਸਨ। ਜਿਸ ਘਰ ਵਿਚ ਉਹ ਰਹਿ ਰਹੇ ਸਨ, ਉੱਥੇ ਦੋ ਹੋਰ ਬੱਚੇ ਯਿਸੂ ਦੀ ਉਮਰ ਦੇ ਸਨ ਅਤੇ ਗੁਆਂਢ ਵਿਚ ਛੇ ਹੋਰ ਬੱਚੇ ਵੀ ਉਨ੍ਹਾਂ ਦੀ ਉਮਰ ਦੇ ਸਨ ਪਰ ਮਰੀਅਮ ਉਨ੍ਹਾਂ ਨਾਲ ਵੀ ਯਿਸੂ ਨੂੰ ਖੇਡਣ ਨਹੀਂ ਦਿੰਦੇ ਸਨ। ਪਰ ਜਦੋਂ ਯਿਸੂ ਦੇ ਪਿਤਾ ਯੂਸਫ਼ ਨੇ ਉਨ੍ਹਾਂ ਨੂੰ ਸਮਝਾਇਆ ਇਸ ਬੱਚਾ ਦੁਨਿਆਵੀ ਗੱਲਾਂ ਨਹੀਂ ਸਿੱਖ ਸਕੇਗਾ, ਤਦ ਉਨ੍ਹਾਂ ਯਿਸੂ ਨੂੰ ਕੇਵਲ ਲਾਗਲੀ ਬਗ਼ੀਚੀ ਤਕ ਜਾਣ ਦੀ ਇਜਾਜ਼ਤ ਦੇ ਦਿੱਤੀ ਸੀ। ਪਰ ਤਦ ਵੀ ਉਹ ਦੂਰੋਂ ਯਿਸੂ ਉੱਤੇ ਨਜ਼ਰ ਜ਼ਰੂਰ ਰੱਖਦੇ ਸਨ (ਯੂਰੈਸ਼ੀਆ 123:0. 2)

ਅਲੈਕਸਾਂਦਰੀਆ 'ਚ ਯਿਸੂ ਆਪਣੇ ਮਾਤਾ-ਪਿਤਾ ਨਾਲ ਦੋ ਸਾਲ ਰਹੇ। ਉਨ੍ਹਾਂ ਦੀ ਸਿਹਤ ਵਧੀਆ ਸੀ। ਤਦ ਤਕ ਆਂਢ-ਗੁਆਂਢ ਵਿਚ ਬਹੁਤ ਸਾਰੇ ਲੋਕਾਂ ਨੂੰ ਇਹ ਵੀ ਪਤਾ ਨਹੀਂ ਸੀ ਕਿ ਇੱਥੇ ਕੋਈ ਬੱਚਾ ਵੀ ਰਹਿੰਦਾ ਹੈ, ਜੋ ਅੱਗੇ ਚੱਲ ਕੇ ਸੰਪੂਰਨ ਮਾਨਵਤਾ ਨੂੰ ਇਕ ਨਵੀਂ ਦਿਸ਼ਾ ਤੇ ਮੁਕਤੀ ਦਾ ਰਾਹ ਵਿਖਾਉਣ ਵਾਲਾ ਹੈ। ਪਿਤਾ ਯੂਸਫ਼ ਦੇ ਇਕ ਰਿਸ਼ਤੇਦਾਰ ਨੇ ਮਿਸਰ ਦੇ ਮੇਂਫ਼ਿਸ ਵਿਖੇ ਰਹਿਣ ਵਾਲੇ ਆਪਣੇ ਕੁਝ ਦੋਸਤਾਂ ਨੂੰ ਉਸ ਅਦਭੁਤ ਬੱਚੇ ਬਾਰੇ ਦੱਸਿਆ। ਤਾਂ ਉਹ ਸਾਰੇ ਲੋਕ ਬੱਚਿਆਂ ਨੂੰ ਵੇਖਣ ਲਈ ਇੰਨੀ ਦੂਰ ਤੋਂ ਉੱਥੇ ਪੁੱਜੇ। ਉੱਥੇ ਇਕ ਵਿਅਕਤੀ ਨੇ ਯਿਸੂ ਨੂੰ ਹਿਬ੍ਰੂ ਭਾਸ਼ਾ ਵਿਚ ਉਸ ਵੇਲੇ ਦੇ ਧਰਮ-ਗ੍ਰੰਥਾਂ ਦੀ ਇਕ ਕਾਪੀ, ਜੋ ਅਸਲ ਵਿਚ ਯੂਨਾਨੀ ਭਾਸ਼ਾ ਵਿਚ ਅਨੁਵਾਦ ਕੀਤੀ ਗਈ ਸੀ, ਭੇਟ ਕੀਤੀ। ਦੂਰੋਂ ਮਿਲਣ ਆਏ ਉਨ੍ਹਾਂ ਲੋਕਾਂ ਦਾ ਮੰਨਣਾ ਸੀ ਕਿ ਯਿਸੂ ਦਾ ਫ਼ਲਸਤੀਨ ਵਿਚ ਨਹੀਂ, ਸਗੋਂ ਅਲੈਕਸਾਂਦਰੀਆ 'ਚ ਰਹਿਣਾ ਠੀਕ ਰਹੇਗਾ। ਇਸੇ ਲਈ ਉਨ੍ਹਾਂ ਨੇ ਯਿਸੂ ਦੇ ਪਰਿਵਾਰ ਨੂੰ ਕਿਹਾ ਕਿ ਉਹ ਮਿਸਰ 'ਚ ਹੀ ਰਹਿਣ ਪਰ ਮਾਂ ਮਰੀਅਮ ਤੇ ਯੂਸਫ਼ ਦੋਵਾਂ ਨੇ ਇਨਕਾਰ ਕਰ ਦਿੱਤਾ। ਇੰਨੇ ਨੂੰ ਉਨ੍ਹਾਂ ਨੂੰ ਖ਼ਬਰ ਮਿਲੀ ਕਿ ਰਾਜਾ ਹੈਰੋਦੇਸ ਦਾ ਦੇਹਾਂਤ ਹੋ ਗਿਆ ਹੈ, ਇਸੇ ਲਈ ਹੁਣ ਉਹ ਫ਼ਲਸਤੀਨ ਵਾਪਸ ਜਾਣਾ ਚਾਹੁੰਦੇ ਸਨ ਪਰ ਮੇਂਫ਼ਿਸ ਤੋਂ ਮਿਲਣ ਆਏ ਲੋਕਾਂ ਕਾਰਨ ਉਨ੍ਹਾਂ ਨੂੰ ਚੱਲਣ ਵਿਚ ਕੁਝ ਦਿਨਾਂ ਦੀ ਦੇਰੀ ਹੋ ਗਈ ਸੀ (ਯੂਰੈਸ਼ੀਆ 123:0. 3)

ਯੂਸਫ਼ ਅਤੇ ਮਰੀਅਮ ਤਦ 4 ਬੀ. ਸੀ. ਦੇ ਅਗਸਤ ਮਹੀਨੇ ਵਿਚ ਨਿੱਕੇ ਯਿਸੂ ਨੂੰ ਆਪਣੇ ਨਾਲ ਲੈ ਕੇ ਅਲੈਕਸਾਂਦਰੀਆ ਤੋਂ ਰਵਾਨਾ ਹੋਏ। ਪਿਤਾ ਯੂਸਫ਼ ਨੇ ਆਪਣੇ ਇਕ ਦੋਸਤ ਐਜ਼ਰੀਅਨ ਦੀ ਜੋਪਾ (ਇਜ਼ਰਾਈਲ ਦਾ ਇਕ ਪ੍ਰਸਿੱਧ ਬੰਦਰਗਾਹ ਸ਼ਹਿਰ, ਜਿਸ ਨੂੰ ਅੱਜ ਜੈਫ਼ਾ ਜਾਂ ਯੈਫ਼ੋ ਕਹਿੰਦੇ ਹਨ) ਜਾ ਰਹੀ ਵੱਡੀ ਸਾਰੀ ਕਿਸ਼ਤੀ ਵਿਚ ਯਾਤਰਾ ਕਰਨੀ ਪਸੰਦ ਕੀਤੀ। ਉੱਥੋਂ ਉਹ ਸਿੱਧੇ ਬੈਤਲਹੇਮ ਪੁੱਜੇ। ਉੱਥੇ ਉਹ ਆਪਣੇ ਕੁਝ ਜਾਣਕਾਰਾਂ ਕੋਲ ਪੂਰਾ ਸਤੰਬਰ ਮਹੀਨਾ ਰਹੇ ਅਤੇ ਉਨ੍ਹਾਂ ਤੋਂ ਇਹ ਸਲਾਹ ਲੈਂਦੇ ਰਹੇ ਕਿ ਕੀ ਉਨ੍ਹਾਂ ਨੂੰ ਇੱਥੇ ਰਹਿਣਾ ਚਾਹੀਦਾ ਹੈ ਜਾਂ ਨਾਸਰਤ ਪਰਤ ਜਾਣਾ ਚਾਹੀਦਾ ਹੈ (ਯੂਰੈਸ਼ੀਆ 123:0.4)

...ਜਾਰੀ

ਅਨੁਵਾਦ -ਮਹਿਤਾਬ-ਉਦ-ਦੀਨ

ਉਜੂ

ਉਜੂ ਕਹਿੰਦੇ ਹਨ ਵੁਜ਼ੂ ਕਰਨ ਨੂੰ। ਹਜ਼ਰਤ ਬਾਬਾ ਸ਼ੇਖ਼ ਫ਼ਰੀਦ ਦੀ ਬਾਣੀ ਵਿਚ ਵੁਜ਼ੂ ਲਈ ਉਜੂ ਸ਼ਬਦ ਦਾ ਇਸਤੇਮਾਲ ਕੀਤਾ ਗਿਆ ਹੈ। ਆਪ ਦਾ ਕਲਾਮ ਹੈ 'ਉਠੁ ਫਰੀਦਾ ਉਜੂ ਸਾਜਿ ਸੁਬਹ ਨਿਵਾਜ ਗੁਜਾਰਿ॥ ਜੋ ਸਿਰੁ ਸਾਂਈ ਨਾ ਨਿਵੈ ਸੋ ਸਿਰੁ ਕਪਿ ਉਤਾਰਿ।' ਹਰ ਨਮਾਜ਼ ਪੜ੍ਹਨ ਤੋਂ ਪਹਿਲਾਂ, ਕੁਰਆਨ ਮਜੀਦ ਦੀ ਤਿਲਾਵਤ ਕਰਨ ਤੋਂ ਪਹਿਲਾਂ ਉਜੂ ਜਾਂ ਵੁਜ਼ੂ ਕੀਤਾ ਜਾਂਦਾ ਹੈ।

ਕੁਰਆਨ ਮਜੀਦ ਦੀ ਤਿਲਾਵਤ ਕਰਨ ਤੋਂ ਪਹਿਲਾਂ ਉਜੂ ਜਾਂ ਵੁਜ਼ੂ ਕੀਤਾ ਜਾਂਦਾ ਹੈ। ਪਹਿਲਾਂ ਵੁਜ਼ੂ ਕਰਨ ਦੀ ਨੀਅਤ ਕੀਤੀ ਜਾਂਦੀ ਹੈ। ਸਾਫ਼ ਪਾਣੀ ਲੈ ਕੇ ਕੂਹਣੀਆਂ ਤਕ ਹੱਥ ਧੋਤੇ ਜਾਂਦੇ ਹਨ, ਕੁਰਲੀ ਕੀਤੀ ਜਾਂਦੀ ਹੈ। ਨੱਕ ਸਾਫ਼ ਕੀਤਾ ਜਾਂਦਾ ਹੈ। ਸਿਰ, ਕੰਨਾਂ ਅਤੇ ਗਰਦਨ ਦਾ ਮਸਹਾ ਕੀਤਾ ਜਾਂਦਾ ਹੈ। ਗਿੱਟਿਆਂ ਤਕ ਪੈਰ ਧੋਤੇ ਜਾਂਦੇ ਹਨ। ਉਜੂ ਜਾਂ ਵੁਜ਼ੂ ਤੋਂ ਬਿਨਾਂ ਨਮਾਜ਼ ਅਦਾ ਨਹੀਂ ਕੀਤੀ ਜਾ ਸਕਦੀ। ਕੁਝ ਖ਼ਾਸ ਹਾਲਤਾਂ ਵਿਚ ਉਜੂ ਦੀ ਥਾਂ ਤਯੱਮੁਮ ਕੀਤਾ ਜਾ ਸਕਦਾ ਹੈ।

• ਪ੍ਰੋ. ਗੁਰਚਰਨ ਸਿੰਘ ਤਲਵਾੜਾ

ਗੁਰਦੁਆਰਾ ਮਾਲਟੇਕੜੀ ਸਾਹਿਬ

ਗੁਰਦੁਆਰਾ ਮਾਲਟੇਕੜੀ ਸਾਹਿਬ ਨਾਂਦੇੜ ਦੇ ਬ੍ਰਹਮਪੁਰੀ ਮਹੱਲੇ ਵਿਖੇ ਗੋਦਾਵਰੀ ਦੇ ਕਿਨਾਰੇ ਸਥਿਤ ਹੈ। ਇਸ ਦੇ ਸ਼ਬਦੀ ਅਰਥਾਂ ਅਨੁਸਾਰ ਮਾਲ ਤੋਂ ਭਾਵ ਖਜ਼ਾਨਾ ਤੇ ਟੇਕੜੀ ਤੋਂ ਭਾਵ ਉੱਚੀ ਜਗ੍ਹਾ ਤੋਂ ਹੈ। ਇਸ ਪਵਿੱਤਰ ਅਸਥਾਨ 'ਤੇ ਪਹਿਲੇ ਪਾਤਸ਼ਾਹ ਗੁਰੂ ਨਾਨਕ ਦੇਵ ਜੀ ਜਦ ਮੱਕੇ ਮਦੀਨੇ ਨੂੰ ਗਏ ਸਨ, ਇਸ ਜਗ੍ਹਾ 'ਤੇ ਵੀ ਆਏ ਸਨ। ਇਹ ਗੁਰੂ ਨਾਨਕ ਦੇਵ ਜੀ ਦੇ ਸਮੇਂ ਦੀ ਗੁਪਤ ਖਜ਼ਾਨੇ ਦੀ ਜਗ੍ਹਾ ਦੱਸੀ ਜਾਂਦੀ ਹੈ। ਜਿਸ ਦੀ ਰੱਖਿਆ ਕਰਨ ਲਈ ਛੇਵੇਂ ਪਾਤਸ਼ਾਹ ਗੁਰੂ ਹਰਿਗੋਬਿੰਦ ਸਾਹਿਬ ਨੇ ਕਰਤਾਰਪੁਰ ਤੋਂ ਇਕ ਫ਼ਕੀਰ ਜਿਸ ਦਾ ਨਾਂ ਲੱਕੜਸ਼ਾਹ ਸੀ, ਭੇਜਿਆ। ਇਸ ਫ਼ਕੀਰ ਲੱਕੜਸ਼ਾਹ ਨੇ ਛੇਵੇਂ ਪਾਤਸ਼ਾਹ ਤੋਂ ਲੈ ਕੇ ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਦੇ ਆਉਣ ਤਕ ਇਸ ਖਜ਼ਾਨੇ ਦੀ ਰਖਵਾਲੀ ਕੀਤੀ।

ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜਦੋਂ ਨਾਂਦੇੜ ਸ਼ਹਿਰ ਵਿਚ ਆਏ ਤਾਂ ਉਨ੍ਹਾਂ ਨੇ ਗੁਰਦੁਆਰਾ ਸੰਗਤ ਸਾਹਿਬ ਵਾਲੀ ਥਾਂ ਡੇਰਾ ਲਾਇਆ। ਉਨ੍ਹਾਂ ਨਾਲ ਜੋ ਸਿੱਖ ਫ਼ੌਜਾਂ ਆਈਆਂ ਸਨ, ਜਦ ਉਨ੍ਹਾਂ ਨੇ ਗੁਰੂ ਜੀ ਨੂੰ ਘਰ ਵਾਪਸੀ ਦੀ ਬੇਨਤੀ ਕੀਤੀ ਤਾਂ ਦਸਮੇਸ਼ ਪਿਤਾ ਜੀ ਨੇ ਪੰਜ ਪਿਆਰੇ ਭਾਈ ਦਇਆ ਸਿੰਘ ਜੀ ਤੇ ਭਾਈ ਧਰਮ ਸਿੰਘ ਜੀ ਨੂੰ ਹੁਕਮ ਕੀਤਾ ਕਿ ਗੁਰੂ ਨਾਨਕ ਦੇਵ ਜੀ ਦਾ ਗੁਪਤ ਖਜ਼ਾਨਾ ਮਾਲਟੇਕੜੀ ਦੀ ਜਗ੍ਹਾ ਹੈ, ਲੈ ਕੇ ਆਓ।

ਭਾਈ ਦਇਆ ਸਿੰਘ, ਭਾਈ ਧਰਮ ਸਿੰਘ ਤੇ ਸਿੱਖ ਫੌਜਾਂ ਗੁਰੂ ਨਾਨਕ ਦੇਵ ਜੀ ਦੇ ਸਮੇਂ ਦੇ ਗੁਪਤ ਖਜ਼ਾਨੇ ਨੂੰ ਕੱਢਕੇ, ਖੱਚਰਾਂ, ਬੈਲ ਗੱਡੀਆਂ ਵਿਚ ਭਰਕੇ ਗੁਰਦੁਆਰਾ ਸੰਗਤ ਸਾਹਿਬ ਵਾਲੀ ਥਾਂ 'ਤੇ ਗੁਰੂ ਜੀ ਦੀ ਹਜ਼ੂਰੀ ਵਿਚ ਲੈ ਆਈਆਂ। ਦਸਮੇਸ਼ ਪਿਤਾ ਜੀ ਨੇ ਇਹ ਖਜ਼ਾਨਾ ਢਾਲਾਂ ਭਰ-ਭਰ ਕੇ ਫੌਜਾਂ ਨੂੰ ਵੰਡਿਆ ਅਤੇ ਬਾਕੀ ਜੋ ਖਜ਼ਾਨਾ ਬਚ ਗਿਆ, ਉਹ ਵਾਪਸ ਗੁਰਦੁਆਰਾ ਮਾਲਟੇਕੜੀ ਵਾਲੀ ਥਾਂ 'ਤੇ ਗੁਪਤ ਰੱਖ ਦਿੱਤਾ। ਸਿੰਘਾਂ ਨੇ ਪੁੱਛਿਆ ਮਹਾਰਾਜ ਇਹ ਬਚਿਆ ਖਜ਼ਾਨਾ ਇਸ ਥਾਂ 'ਤੇ ਗੁਪਤ ਰੱਖਣ ਦਾ ਕੀ ਕਾਰਨ ਹੈ? ਗੁਰੂ ਜੀ ਨੇ ਫਰਮਾਇਆ ਜਦੋਂ ਖ਼ਾਲਸਾ 96 ਕਰੋੜ ਸਜੇਗਾ, ਉਸ ਦਿਨ ਇਸ ਥਾਂ 'ਤੇ ਦੱਬੇ ਗੁਪਤ ਖਜ਼ਾਨੇ ਤੋਂ ਢਾਈ ਦਿਨ ਦਾ ਅਤੁੱਟ ਲੰਗਰ ਵਰਤੇਗਾ।

ਸ੍ਰੀ ਹਜ਼ੂਰ ਸਾਹਿਬ ਦੇ ਦਰਸ਼ਨਾਂ ਲਈ ਆਏ ਸ਼ਰਧਾਲੂ ਇਸ ਖ਼ਾਲਸਾਈ ਗੁਪਤ ਖਜ਼ਾਨੇ ਨਾਲ ਸਬੰਧਿਤ ਗੁਰਦੁਆਰਾ ਮਾਲਟੇਕੜੀ ਸਾਹਿਬ ਦੇ ਦਰਸ਼ਨ ਵੀ ਜ਼ਰੂਰ ਕਰਦੇ ਹਨ।

• ਕੁਲਦੀਪ ਸਿੰਘ ਬੰਗੀ
ਮੋਬਾਈਲ- 94174-07778

ਹਰਿਮੰਦਰੁ ਹਰਿ ਜੀਉ ਸਾਜਿਆ ਮੇਰੇ ਲਾਲ ਜੀਉ

ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਲਈ ਲੱਖਾਂ ਸ਼ਰਧਾਲੂ ਹਰ ਰੋਜ਼ ਸ੍ਹੈ-ਪ੍ਰੋਰਲਾ ਤਰਿਤ ਆਉਂਦੇ ਹਨ। ਉਹ ਲੰਬੀਆਂ ਲਾਈਨਾਂ 'ਚ ਲੱਗ ਕੇ ਮੱਥਾ ਟੇਕਦੇ ਤੇ ਪੰਗਤ 'ਚ ਬੈਠ ਕੇ ਲੰਗਰ ਛਕਦੇ ਹਨ...

ਡਾ. ਸਤਿੰਦਰ ਪਾਲ ਸਿੰਘ

ਸ੍ਰੀ ਹਰਿਮੰਦਰ ਸਾਹਿਬ ਸੰਸਾਰ ਦਾ ਵਿਲੱਖਣ ਪਵਿੱਤਰ ਅਸਥਾਨ ਹੈ ਜਿੱਥੇ ਦਿਨ ਰਾਤ ਪਰਮੇਸ਼ਵਰ ਦੀ ਮਹਿਮਾ ਦਾ ਗਾਇਨ ਹੁੰਦਾ ਰਹਿੰਦਾ ਹੈ। ਇਸ ਦੇ ਦੁਆਰ ਬਿਨਾ ਕਿਸੇ ਭੇਦਭਾਵ ਹਰ ਧਰਮ, ਵਰਣ, ਜਾਤ, ਨਸਲ ਦੇ ਲੋਕਾਂ ਲਈ ਸਦਾ ਖੁੱਲ੍ਹੇ ਰਹਿੰਦੇ ਹਨ। ਸ੍ਰੀ ਹਰਿਮੰਦਰ ਸਾਹਿਬ ਦੇ ਪ੍ਰਵੇਸ਼ ਦੁਆਰ ਦੇ ਠੀਕ ਸਾਮ੍ਹਣੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਰਚਨਾ ਨੇ ਇਸ ਅਸਥਾਨ ਨੂੰ ਰੂਹਾਨੀਅਤ ਦੇ ਸਿਖ਼ਰ 'ਤੇ ਪਹੁੰਚਾ ਦਿੱਤਾ। ਧਰਮ ਆਪਣੇ ਪੂਰਣ ਸਵਰੂਪ 'ਚ ਪਰਗਟ ਹੋਇਆ ਨਜ਼ਰ ਆਇਆ ਜਿਵੇਂ ਪੂਰਨਮਾਸੀ ਦਾ ਮੁਕੰਮਲ ਚੰਨ। ਸ੍ਰੀ ਹਰਿਮੰਦਰ ਸਾਹਿਬ ਦਾ ਪ੍ਰਭਾ ਮੰਡਲ ਸਰਬ ਕਲਿਆਣ, ਸਾਂਝੀਵਾਲਤਾ, ਸਿਦਕ ਤੇ ਸੰਜਮ ਦੀਆਂ ਕਿਰਣਾਂ ਨਾਲ ਪੂਰੇ ਬ੍ਰਹਿਮੰਡ ਨੂੰ ਰੋਸ਼ਨ ਕਰਨ ਲੱਗ ਪਿਆ। ਪਾਪ ਤੇ ਸੰਤਾਪ ਨਾਲ ਡੋਲ ਰਹੀ ਕਲਜੁਗੀ ਧਰਤੀ ਤੇ ਵਿਸਮਾਦ ਵਾਪਰਿਆ ਤੇ ਧਰਮ ਤੇ ਨਿਆਂ ਦੇ ਪੱਖ 'ਚ ਸੰਤੁਲਨ ਕਾਇਮ ਹੋ ਗਿਆ। ਧਰਮ ਦਾ ਇਹ ਜਲਾਲ ਹੰਕਾਰੀਆਂ, ਮੂਰਖ ਤਾਕਤਾਂ ਨੂੰ ਕਿਵੇਂ ਸੁਹਾਉਂਦਾ। ਉਨ੍ਹਾਂ ਨੂੰ ਆਪਣਾ ਝੂਠ ਦੀ ਨੀਂਹ ਤੇ ਬਣਿਆ ਸਿੰਘਾਸਨ ਡੋਲਦਾ ਨਜ਼ਰ ਆਇਆ। ਅਜਿਹੀਆਂ ਸ਼ਕਤੀਆਂ ਕਿਸੇ ਨਾ ਕਿਸੇ ਰੂਪ 'ਚ ਨਿਰੰਤਰ ਸ੍ਰੀ ਹਰਿਮੰਦਰ ਸਾਹਿਬ 'ਤੇ ਹਮਲੇ ਕਰਦਿਆਂ ਆਈਆਂ ਹਨ। ਸ੍ਰੀ ਹਰਿਮੰਦਰ ਸਾਹਿਬ ਦੀ ਮਹਾਨਤਾ ਨੂੰ ਸਮਝਣ ਤੇ ਵੇਖ ਪਾਉਣ ਦੀ ਸਮਰਥਾ ਇਨ੍ਹਾਂ ਅੰਦਰ ਸ਼ਾਇਦ ਪਰਮਾਤਮਾ ਨੇ ਹੀ ਨਹੀਂ ਸੀ ਬਖ਼ਸ਼ੀ। ਸ੍ਰੀ ਹਰਿਮੰਦਰ ਸਾਹਿਬ ਰੋਸ਼ਨੀ ਦਾ ਘਰ ਬਣ ਕੇ ਸਾਮ੍ਹਣੇ ਆਇਆ। ਜਿਨ੍ਹਾਂ ਅੰਦਰ ਕੁੜ੍ਹ, ਕਪਟ ਤੇ ਕਮਤਰੀ ਹੋਵੇ ਉਨ੍ਹਾਂ ਨੂੰ ਹਨੇਰੇ ਵਿਚ ਰਹਿਣ ਦੀ ਸੁਭਾਵਕ ਆਦਤ ਹੁੰਦੀ ਹੈ। ਰੋਸ਼ਨੀ ਉਨ੍ਹਾਂ ਨੂੰ ਆਪਣੀ ਸਭ ਤੋਂ ਵੱਡੀ ਦੁਸ਼ਮਣ ਲੱਗਦੀ ਹੈ। ਹਨੇਰੇ ਦੇ ਸਿਪਾਹੀ ਸਦਾ ਤੋਂ ਹੀ ਰੋਸ਼ਨੀ ਦੇ ਘਰ ਨੂੰ ਜਿੱਤਣ ਦੀਆਂ ਸਾਜਿਸ਼ਾਂ ਕਰਦੇ ਆਏ ਹਨ ਪਰ ਉਹ ਆਪ ਹਨੇਰੇ 'ਚ ਗੁੰਮ ਹੋ ਗਏ। ਰੋਸ਼ਨੀ ਦੀ ਰਾਹ ਕੋਈ ਰੋਕ ਨਹੀਂ ਸਕਿਆ।

ਸ੍ਰੀ ਹਰਿਮੰਦਰ ਸਾਹਿਬ ਆਪਣੀ ਉਸਾਰੀ ਦੇ ਦਿਨ ਤੋਂ ਹੀ ਨਿਡਰ ਸੋਚ ਤੇ ਅਟਲ ਸੰਕਲਪ ਦਾ ਪ੍ਰਤੀਕ ਬਣ ਗਿਆ ਸੀ। ਗੁਰੂ ਰਾਮ ਦਾਸ ਜੀ ਨੇ ਪ੍ਰਸਿੱਧ ਮੁਸਲਿਮ ਪੀਰ ਸਾਈਂ ਮੀਆਂ ਮੀਰ ਜੀ ਕੋਲੋਂ ਇਸ ਪਾਵਨ ਅਸਥਾਨ ਦੀ ਨੀਂਹ ਰਖਵਾ ਕੇ ਪੂਰੇ ਸੰਸਾਰ ਨੂੰ ਇਹ ਸੁਨੇਹਾ ਦਿੱਤਾ ਕਿ ਸਿੱਖ ਪੰਥ ਮਨੁੱਖਤਾ ਦਾ ਪੰਥ ਹੈ। ਇੱਥੇ ਪ੍ਰੇਮ, ਭਾਈਚਾਰੇ ਤੇ ਬਰਾਬਰੀ ਦੀ ਕਦਰ ਤੇ ਇਸ ਲਈ ਮਰ ਮਿਟਣ ਦਾ ਜਜ਼ਬਾ ਹੈ। ਸੰਸਾਰ ਅੰਦਰ ਸੱਚ ਦੇ ਮਾਰਗ 'ਤੇ ਚੱਲਣ ਵਾਲਿਆਂ ਦਾ ਸਹਾਈ ਆਪ ਪਰਮਾਤਮਾ ਹੁੰਦਾ ਹੈ। ਜਿਸ ਵੀ ਅਸਥਾਨ 'ਤੇ ਸੱਚ ਦੀ ਚਰਚਾ ਹੋਵੇ ਪਰਮਾਤਮਾ ਆਪ ਉਸ ਦੀ ਸ਼ੋਭਾ ਵਧਾਉਣ ਲਈ ਹਾਜ਼ਰ ਹੁੰਦਾ ਹੈ। ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਸੱਚ ਦੇ ਪ੍ਰਤੀਕ ਬਣ ਕੇ ਉਭਰੇ ਇਸ 'ਚ ਪਰਮਾਤਮਾ ਦੀ ਰਜਾ ਤੇ ਰਹਿਮਤ ਵਰਤ ਰਹੀ ਸੀ। ਗੁਰੂ ਅਰਜਨ ਸਾਹਿਬ ਨੇ ਗਵਾਹੀ ਦਿੱਤੀ ਕਿ ਹਰਿ ਮੰਦਰੁ ਹਰਿ ਜੀਉ ਸਾਜਿਆ ਮੇਰੇ ਲਾਲ ਜੀਉ ਹਰਿ ਤਿਸੁ ਮਹਿ ਰਹਿਆ ਸਮਾਏ ਰਾਮ, ਸਰਬੇ ਸਮਾਣਾ ਆਪਿ ਸੁਆਮੀ ਗੁਰਮੁਖਿ ਪਰਗਟੁ ਹੋਇਆ, ਮਿਟਿਆ ਅਧੇਰਾ ਦੂਖੁ ਨਾਠਾ ਅਮਿਉ ਹਰਿ ਰਸੁ ਚੋਇਆ।

ਪਰਮਾਤਮਾ ਦੀ ਹਰ ਰਚਨਾ ਪਾਵਨ ਹੈ ਜਿਸ ਨੂੰ ਪਰਮਾਤਮਾ ਨੇ ਗੁਣਾਂ ਨਾਲ ਭਰਪੂਰ ਕੀਤਾ ਹੈ। ਤਨ ਹੋਵੇ ਜਾਂ ਥਾਨ ਜੋ ਰੋਸ਼ਨੀ ਲਈ ਹੈ, ਪਰਮਾਤਮਾ ਉਸ ਲਈ ਹੈ, ਉਸ ਵਿਚ ਹੈ। ਜਿੱਥੇ ਰੋਸ਼ਨੀ ਹੈ ਉੱਥੇ ਅੰਮ੍ਰਿਤ ਬਰਸ ਰਿਹਾ ਹੈ। ਅਜਿਹਾ ਤਨ ਤੇ ਅਸਥਾਨ ਸੁੱਖਾਂ ਦਾ ਸੋਮਾ ਬਣ ਜਾਉਂਦਾ ਹੈ। ਹਨੇਰੇ ਦੇ ਵਾਸੀ ਇਸ ਫ਼ਰਕ ਨੂੰ ਨਹੀਂ ਵੇਖ ਪਾਉਂਦੇ ਤੇ ਹੰਕਾਰ 'ਚ ਚੂਰ ਹੋ ਆਪਣੇ ਆਪ ਨੂੰ ਜਗਤ ਦਾ ਸੁਆਮੀ ਮੰਨਦੇ ਆਏ ਹਨ। ਇਸ ਕਾਰਨ ਹੀ ਅਜਿਹੀਆਂ ਤਾਕਤਾਂ ਸ੍ਰੀ ਹਰਿਮੰਦਰ ਸਾਹਿਬ ਦੀ ਮਰਿਆਦਾ ਮਿਟਾਉਣ ਦੇ ਨਿਰੰਤਰ ਜਤਨ ਕਰਦਿਆਂ ਆਈਆਂ ਹਨ।

ਭਾਈ ਗੁਰਦਾਸ ਜੀ ਬੜੇ ਹੀ ਦੂਰਅੰਦੇਸ਼ ਵਿਦਵਾਨ ਸਨ। ਆਪ ਨੇ ਗੁਰੂ ਅਰਜਨ ਸਾਹਿਬ ਦੇ ਕਾਲ ਵਿਚ ਹੀ ਭਵਿੱਖ ਦੇ ਦਰਸ਼ਨ ਕਰ ਲਏ ਸਨ ਕਿ ਸ੍ਰੀ ਹਰਿਮੰਦਰ ਸਾਹਿਬ ਦੀ ਸ਼ੋਭਾ ਦੁਨਿਆਵੀ ਤਾਕਤਾਂ ਨੂੰ ਰਾਸ ਨਹੀਂ ਆਉਣੀ। ਭਾਈ ਸਾਹਿਬ ਨੇ ਰਾਜੇ ਮਹਾਰਾਜਿਆਂ ਨੂੰ ਆਈਨਾ ਦਿਖਾਉਂਦਿਆਂ ਕਿਹਾ ਕਿ ਤੁਸਾਂ ਤਾਂ ਆਪਣਾ ਰਾਜ ਪਾਟ, ਆਪਣੇ ਪੁੱਤਰ ਨੂੰ ਸੌਂਪ ਕੇ ਦੁਨੀਆ ਤੋਂ ਵਿਦਾ ਹੋ ਜਾਣਾ ਹੈ। ਦੁਨੀਆਵਾ ਪਾਤਿਸਾਹੁ ਹੋਇ ਦੇਇ ਮਰੈ ਪੁਤੈ ਪਾਤਿਸਾਹੀ। ਪਰ ਵਾਹਿਗੁਰੂ ਦਾ ਦਰਬਾਰ ਅਵਿਚਲ ਤੇ ਅਟਲ ਹੈ। ਇਹ ਸੱਚੀ ਦਰਗਾਹ ਸਦਾ ਹੀ ਇੱਕੋ ਅਕਾਲ ਪੁਰਖ ਦੇ ਹੁਕਮ ਵਿਚ ਕਾਇਮ ਰਹਿਣੀ ਹੈ। ਇਕ ਦੋਹੀ ਟਕਸਾਲ ਇਕ ਕੁਤਬਾ ਤਖਤੁ ਸਚਾ ਦਰਗਾਹੀ। ਸੰਸਾਰਕ ਤਾਕਤਾਂ ਲਈ ਭਾਈ ਗੁਰਦਾਸ ਜੀ ਨੇ ਕਿਹਾ ਕਿ ਜੋ ਵ

ਰਲ ਕੇ ਕੀਤਾ ਜਾਵੇ ਚਿੱਟੀ ਮੱਖੀ ਦਾ ਟਾਕਰਾ

ਡਾ. ਬਲਦੇਵ ਸਿੰਘ ਢਿੱਲੋਂ
ਵਾਈਸ ਚਾਂਸਲਰ, ਪੀਏਯੂ ਲੁਧਿਆਣਾ

ਨਰਮੇ 'ਤੇ ਚਿੱਟੀ ਮੱਖੀ ਦੀ ਰੋਕਥਾਮ ਲਈ ਕਿਸਾਨਾਂ, ਵਿਗਿਆਨੀਆਂ, ਕੀਟਨਾਸ਼ਕ ਵਿਕ੍ਰੇਤਾਵਾਂ ਨੂੰ ਮਿਲ ਕੇ ਯਤਨ ਜਾਰੀ ਰੱਖਣੇ ਚਾਹੀਦੇ ਹਨ...

ਸਾਲ 2015 ਦੌਰਾਨ ਪੰਜਾਬ ਅਤੇ ਗੁਆਂਢੀ ਸੂਬਿਆਂ ਦੀ ਨਰਮਾ ਪੱਟੀ ਵਿਚ ਚਿੱਟੀ ਮੱਖੀ ਨੇ ਬਹੁਤ ਨੁਕਸਾਨ ਕੀਤਾ। ਨਰਮੇ ਦੀ ਪਛੇਤੀ ਬਿਜਾਈ ਅਤੇ ਜੂਨ ਮਹੀਨੇ ਦੀ ਬਰਸਾਤ ਵਿਚ ਪੈਦਾ ਹੋਣ ਵਾਲੀ ਸਿੱਲ੍ਹ ਚਿੱਟੀ ਮੱਖੀ ਦੇ ਹਮਲੇ ਦੇ ਮੁਢਲੇ ਕਾਰਨ ਬਣੇ। ਗ਼ੈਰ-ਸਿਫਾਰਸ਼ੀ ਬੀਜ, ਜ਼ਿਆਦਾ ਕੀਟਨਾਸ਼ਕ, ਨਾਈਟ੍ਰੋਜਨ ਖਾਦਾਂ ਦੀ ਵਰਤੋਂ ਤੇ ਮੌਸਮੀ ਤਬਦੀਲੀਆਂ ਵੀ ਚਿੱਟੀ ਮੱਖੀ ਦੇ ਹਮਲੇ ਦਾ ਕਾਰਨ ਬਣੇ।

ਸਾਲ 2016 ਵਿਚ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਤੇ ਖੇਤੀਬਾੜੀ ਵਿਭਾਗ ਪੰਜਾਬ ਨੇ ਨਰਮੇ ਦੀ ਫ਼ਸਲ 'ਤੇ ਚਿੱਟੀ ਮੱਖੀ ਦੇ ਹਮਲੇ ਦੇ ਸੰਕਟ ਨੂੰ ਅਸਰਦਾਰ ਤਰੀਕੇ ਨਾਲ ਨਜਿੱਠਣ ਲਈ ਮੁਹਿੰਮ ਚਲਾਈ। ਯੂਨੀਵਰਸਿਟੀ ਦੀ ਫੈਕਲਟੀ ਤੇ ਵਿਦਿਆਰਥੀਆਂ ਨੇ ਖੇਤੀਬਾੜੀ ਵਿਭਾਗ ਦੇ ਪਸਾਰ ਮਾਹਿਰਾਂ ਨਾਲ ਮਿਲ ਕੇ ਲਗਾਤਾਰ ਇਸ ਸਮੱਸਿਆ ਉੱਪਰ ਨਜ਼ਰ ਰੱਖੀ। ਨਰਮਾ ਪੱਟੀ ਦੇ ਕਿਸਾਨਾਂ ਨੂੰ ਜਾਗਰੂਕ ਕੀਤਾ ਅਤੇ ਉਨ੍ਹਾਂ ਨੇ ਵੀ ਪੀਏਯੂ ਦੀਆਂ ਸਿਫਾਰਸ਼ਾਂ ਨੂੰ ਅਪਣਾਇਆ। ਚਿੱਟੀ ਮੱਖੀ ਦੇ ਹਮਲੇ 'ਤੇ ਕਾਬੂ ਪਾਉਣਾ ਕੋਈ ਕ੍ਰਿਸ਼ਮਾ ਨਹੀਂ ਸੀ, ਬਲਕਿ ਖੇਤੀ ਲਾਗਤਾਂ ਦੀ ਸਹੀ ਵਰਤੋਂ, ਕੀਟ ਨਾਸ਼ਕਾਂ ਦੀ ਸਮੇਂ ਸਿਰ ਤੇ ਸਹੀ ਮਾਤਰਾ ਵਿਚ ਵਰਤੋਂ ਕੀਤੇ ਜਾਣ ਨਾਲ ਹੀ ਇਹ ਸਫਲਤਾ ਸੰਭਵ ਹੋਈ, ਜਿਸ ਨਾਲ 756 ਕਿੱਲੋ ਰੂੰ ਪ੍ਰਤੀ ਹੈਕਟੇਅਰ ਦੀ ਰਿਕਾਰਡ ਤੋੜ ਪੈਦਾਵਾਰ ਹੋਈ।

ਇਸ ਵਾਰ ਫਰਵਰੀ ਮਹੀਨੇ ਤੋਂ ਹੀ ਖੇਤੀਬਾੜੀ ਵਿਭਾਗ ਪੰਜਾਬ ਅਤੇ ਪੀਏਯੂ ਵੱਲੋਂ ਨਰਮੇ ਦੀ ਫ਼ਸਲ ਉੱਪਰ ਚਿੱਟੀ ਮੱਖੀ ਦੇ ਹਮਲੇ ਨੂੰ ਰੋਕਣ ਲਈ ਨਦੀਨਾਂ ਦੀ ਸਫ਼ਾਈ ਦੀ ਮੁਹਿੰਮ ਚਲਾਈ ਗਈ। ਯੂਨੀਵਰਸਿਟੀ ਅਤੇ ਖੇਤੀਬਾੜੀ ਵਿਭਾਗ ਵੱਲੋਂ ਸਿਫਾਰਸ਼ ਕੀਤੀਆਂ ਬੀਟੀ ਨਰਮੇ ਦੀਆਂ ਦੋਗਲੀਆਂ ਕਿਸਮਾਂ ਤੇ ਸਿਫਾਰਸ਼ ਕੀਤੇ ਗਏ ਕੀਟਨਾਸ਼ਕਾਂ ਬਾਰੇ ਨਰਮਾ ਉਤਪਾਦਕਾਂ ਵਿਚ ਜਾਗਰੂਕਤਾ ਪੈਦਾ ਕੀਤੀ ਜਾ ਰਹੀ ਹੈ।

ਪੀਏਯੂ ਵੱਲੋਂ ਚਿੱਟੀ ਮੱਖੀ ਦੀ ਸੁਚੱਜੀ ਰੋਕਥਾਮ ਲਈ ਕਿਸਾਨਾਂ, ਸਕਾਊਟਸ, ਪਸਾਰ ਮਾਹਿਰਾਂ ਤੇ

ਕੀਟਨਾਸ਼ਕ ਵਪਾਰੀਆਂ ਨੂੰ ਸਿਖਲਾਈ ਦਿੱਤੀ ਗਈ। ਇਸ ਤੋਂ ਇਲਾਵਾ ਕਿਸਾਨਾਂ ਲਈ ਪਰਚੇ, ਖੇਤੀ ਪਸਾਰ ਮਾਹਿਰਾਂ ਲਈ ਕਿਤਾਬਚੇ ਤੇ ਕੀਟ ਨਾਸ਼ਕ ਵਪਾਰੀਆਂ ਲਈ ਸਿਫਾਰਿਸ਼ ਕੀਤੇ ਗਏ ਕੀਟਨਾਸ਼ਕਾਂ ਦੇ ਕੈਲੰਡਰ ਛਾਪੇ ਗਏ ਤੇ ਨਰਮਾ ਪੱਟੀ ਦੇ ਖੇਤੀਬਾੜੀ ਅਫਸਰਾਂ ਨੇ ਇਨ੍ਹਾਂ ਨੂੰ ਵੰਡਣ ਦਾ ਪ੍ਰਬੰਧ ਕੀਤਾ। ਇਸ ਸਾਲ ਨਰਮੇ ਹੇਠ ਰਕਬਾ ਵਧਣ, ਨਰਮੇ ਦੀ ਪਛੇਤੀ ਬਿਜਾਈ ਦੇ ਰੁਝਾਨ ਅਤੇ ਚੱਲ ਰਹੇ ਗਰਮੀ-ਬਰਸਾਤ ਵਾਲੇ ਮੌਸਮ ਕਰਕੇ ਕਿਸਾਨਾਂ ਤੇ ਖੇਤੀ ਪਸਾਰ ਮਾਹਿਰਾਂ ਨੂੰ ਚਿੱਟੀ ਮੱਖੀ ਦੀ ਰੋਕਥਾਮ ਲਈ ਲਗਾਤਾਰ ਸੁਚੇਤ ਰਹਿਣ ਦੀ ਲੋੜ ਹੈ। ਕਿਸਾਨਾਂ ਨੂੰ ਚਿੱਟੀ ਮੱਖੀ ਦੇ ਹਮਲੇ ਦੀ ਘਣਤਾ ਦੇ ਆਧਾਰ 'ਤੇ ਹੀ ਕੀਟਨਾਸ਼ਕਾਂ ਦਾ ਛਿੜਕਾਅ ਕਰਨਾ ਚਾਹੀਦਾ ਹੈ।

ਚਿੱਟੀ ਮੱਖੀ ਦੀ ਰੋਕਥਾਮ ਲਈ ਛਿੜਕਾਅ ਉਸ ਸਮੇਂ ਕਰੋ ਜਦੋਂ ਬੂਟੇ ਦੇ ਉਪਰਲੇ ਹਿੱਸੇ 'ਤੇ ਸਵੇਰੇ 10 ਵਜੇ ਤੋਂ ਪਹਿਲਾਂ ਮੱਖੀ ਦੇ ਬਾਲਗ ਕੀੜਿਆਂ ਦੀ ਗਿਣਤੀ ਪ੍ਰਤੀ ਪੱਤਾ 6 ਹੋਵੇ। ਚਿੱਟੀ ਮੱਖੀ ਦੇ ਹਮਲੇ ਦੀ ਇਸ ਸ਼ੁਰੂਆਤੀ ਅਵਸਥਾ ਵਿਚ ਇਕ ਲਿਟਰ ਨਿੰਬੀਸੀਡੀਨ ਜਾਂ ਅਚੂਕ ਨੂੰ 125-150 ਲਿਟਰ ਪਾਣੀ ਵਿਚ ਮਿਲਾ ਕੇ ਪ੍ਰਤੀ ਏਕੜ ਦੇ ਹਿਸਾਬ ਨਾਲ ਛਿੜਕਾਅ ਕਰੋ। ਲੋੜ ਹੋਵੇ ਤਾਂ ਪੰਜ ਦਿਨ ਦੇ ਵਕਫ਼ੇ 'ਤੇ ਇਕ ਛਿੜਕਾਅ ਹੋਰ ਕਰੋ। ਇਸ ਗੱਲ ਦੀ ਬਹੁਤ ਲੋੜ ਹੈ ਕਿ ਇਨ੍ਹਾਂ ਕੀਟਨਾਸ਼ਕਾਂ ਦੇ ਛਿੜਕਾਅ ਦਾ ਫ਼ੈਸਲਾ ਪਿੰਡ ਪੱਧਰ 'ਤੇ ਲਿਆ ਜਾਵੇ ਤਾਂ ਜੋ ਵਧੀਆ ਸਿੱਟੇ ਪ੍ਰਾਪਤ ਕੀਤੇ ਜਾ ਸਕਣ। •

ਝੋਨੇ ਵਿਚ ਬੂਟਿਆਂ ਦੇ ਟਿੱਡਿਆਂ ਦੀ ਸਰਵਪੱਖੀ ਰੋਕਥਾਮ

• ਪ੍ਰੀਤਇੰਦਰ ਸਿੰਘ ਸਰਾਓ, ਗੁਰਪ੍ਰੀਤ ਸਿੰਘ ਮੱਕੜ

ਪੰਜਾਬ ਵਿਚ ਝੋਨਾ ਸਾਉਣੀ ਦੀ ਮੁੱਖ ਫ਼ਸਲ ਹੈ। ਸਾਲ 2015-16 ਵਿਚ ਝੋਨੇ ਦੀ 29.75 ਲੱਖ ਹੈਕਟੇਅਰ ਰਕਬੇ 'ਤੇ ਕਾਸ਼ਤ ਕੀਤੀ ਗਈ ਤੇ ਕੁਲ ਉਪਜ 177.34 ਲੱਖ ਟਨ ਹੋਈ। ਝੋਨੇ ਦੀ ਫ਼ਸਲ ਉੱਪਰ ਆਮ ਤੌਰ 'ਤੇ ਇਕ ਦਰਜਨ ਤੋਂ ਵੱਧ ਕੀੜੇ-ਮਕੌੜੇ ਹਮਲਾ ਕਰਦੇ ਹਨ। ਰਸ ਚੂਸਣ ਵਾਲੇ ਕੀੜੇ ਬੂਟਿਆਂ ਵਿੱਚੋਂ ਰਸ ਚੂਸ ਕੇ ਫ਼ਸਲ ਨੂੰ ਨੁਕਸਾਨ ਪਹੁੰਚਾਉਂਦੇ ਹਨ। ਅਜਿਹੇ ਕੀੜਿਆਂ ਵਿਚ ਮੁੱਖ ਤੌਰ 'ਤੇ ਬੂਟਿਆਂ ਦੇ ਟਿੱਡੇ ਆਉਂਦੇ ਹਨ। ਇਨ੍ਹਾਂ ਵਿਚ ਚਿੱਟੀ ਪਿੱਠ ਵਾਲੇ ਟਿੱਡੇ ਤੇ ਭੂਰੇ ਟਿੱਡੇ ਸ਼ਾਮਲ ਹਨ। ਮਿਆਰੀ ਉਤਪਾਦਨ ਲਈ ਇਨ੍ਹਾਂ ਦੀ ਸਰਵਪੱਖੀ ਰੋਕਥਾਮ ਕੀਤੀ ਜਾਣੀ ਬੇਹੱਦ ਲਾਜ਼ਮੀ ਹੈ।

ਨੁਕਸਾਨ ਦੇ ਚਿੰਨ੍ਹ

ਟਿੱਡਿਆਂ ਦੇ ਬੱਚੇ ਤੇ ਬਾਲਗ ਦੋਵੇਂ ਹੀ ਬੂਟੇ ਤੋਂ ਰਸ ਚੂਸਦੇ ਹਨ ਜਿਸ ਕਰਕੇ ਬੂਟੇ ਸੁੱਕ ਜਾਂਦੇ ਹਨ। ਇਸ ਨੂੰ ਟਿੱਡੇ ਦਾ ਸਾੜ ਜਾਂ 'ਹਾਪਰ ਬਰਨ' ਵੀ ਆਖਦੇ ਹਨ। ਟਿੱਡਿਆਂ ਵੱਲੋਂ ਬੂਟੇ ਉੱਪਰ ਛੱਡੇ ਗਏ ਸ਼ਹਿਦ ਵਰਗੇ ਮਿੱਠੇ ਪਦਾਰਥ 'ਤੇ ਕਾਲੀ ਉੱਲੀ (ਸੂਟੀ ਮੋਲਡ) ਉੱਗ ਆਉਂਦੀ ਹੈ, ਜੋ ਬੂਟੇ ਦੀ ਭੋਜਨ ਬਣਾਉਣ ਦੀ ਸਮਰਥਾ ਨੂੰ ਘਟਾਉਂਦੀ ਹੈ। ਜਦੋਂ ਪਹਿਲੇ ਬੂਟੇ ਸੁੱਕ ਜਾਂਦੇ ਹਨ ਤਾਂ ਟਿੱਡੇ ਨੇੜਲੇ ਨਰੋਏ ਬੂਟਿਆਂ 'ਤੇ ਚਲੇ ਜਾਂਦੇ ਹਨ।ਤੇ ਕੁਝ ਹੀ ਦਿਨਾਂ ਵਿਚ ਹਮਲੇ ਵਾਲੀਆਂ ਥਾਵਾਂ ਵਿਚ ਵਾਧਾ ਹੋ ਜਾਂਦਾ ਹੈ।

ਸਰਵਪੱਖੀ ਰੋਕਥਾਮ

ਸਰਵਪੱਖੀ ਰੋਕਥਾਮ ਕੀੜਿਆਂ ਦੀ ਸੁਚੱਜੀ ਰੋਕਥਾਮ ਦੀ ਉਹ ਵਿਧੀ ਹੈ, ਜਿਸ ਵਿਚ ਕੀੜੇ ਨੂੰ ਕਾਬੂ ਕਰਨ ਤੇ ਮਾਰਨ ਲਈ ਸਾਰੇ ਸੰਭਵ ਤਰੀਕਿਆਂ ਦੀ ਯੋਜਨਾਬੱਧ ਵਰਤੋਂ ਕੀਤੀ ਜਾਂਦੀ ਹੈ ਤਾਂ ਜੋ ਕੀੜਿਆਂ ਤੋਂ ਫ਼ਸਲ ਨੂੰ ਹੋਣ ਵਾਲੇ ਆਰਥਿਕ ਨੁਕਸਾਨ ਤੋਂ ਬਚਾਇਆ ਜਾ ਸਕੇ। ਸਰਵਪੱਖੀ ਰੋਕਥਾਮ ਲਈ ਹੇਠ ਲਿਖੇ ਤਰੀਕਿਆਂ ਦੁਆਰਾ ਫ਼ਸਲ ਨੂੰ ਹਾਨੀਕਾਰਕ ਕੀੜਿਆਂ ਤੋਂ ਬਚਾ ਸਕਦੇ ਹਾਂ :

ਰੋਕਥਾਮ ਦੇ ਕਾਸ਼ਤਕਾਰੀ ਢੰਗ

ਝੋਨੇ ਨੂੰ ਸਿਫਾਰਸ਼ ਕੀਤੀ ਹੋਈ ਖਾਦ ਹੀ ਪਾਓ। ਸਿਫਾਰਸ਼ ਤੋਂ ਵੱਧ ਨਾਈਟ੍ਰੋਜਨ ਖਾਦ ਪਾਉਣ ਨਾਲ ਕੀੜਿਆਂ ਦਾ ਹਮਲਾ ਵਧੇਰੇ ਹੁੰਦਾ ਹੈ। ਨਾਈਟ੍ਰੋਜਨ ਤੱਤਾਂ ਦੀ ਵਰਤੋਂ ਸਿਫਾਰਸ਼ ਅਤੇ ਪੱਤਾ ਰੰਗ ਚਾਰਟ ਦੇ ਅਨੁਸਾਰ ਹੀ ਕਰੋ। ਇਹ ਟਿੱਡੇ ਮੁੱਢਾਂ ਦਾ ਰਸ ਚੂਸਦੇ ਹਨ ਤੇ ਇਹ ਅਕਸਰ ਉਦੋਂ ਨਜ਼ਰ ਆਉਂਦੇ ਹਨ ਜਦੋਂ ਨੁਕਸਾਨ 'ਟਿੱਡੇ ਦੇ ਸਾੜ' (ਹਾਪਰ ਬਰਨ) ਦੀ ਅਵਸਥਾ ਵਿਚ ਪਹੁੰਚ ਜਾਂਦਾ ਹੈ। ਇਸ ਲਈ ਫ਼ਸਲ ਦਾ ਲਗਾਤਾਰ ਸਰਵੇਖਣ ਕਰਦੇ ਰਹਿਣਾ ਚਾਹੀਦਾ ਹੈ।

ਖੇਤ ਵਿਚ ਕੁਝ ਬੂਟਿਆਂ ਨੂੰ ਥੋੜ੍ਹਾ ਜਿਹਾ ਟੇਢਾ ਕਰ ਕੇ ਹੇਠਾਂ ਤੋਂ 2-3 ਵਾਰੀ ਝਾੜੋ। ਖੇਤ ਦਾ ਹਫ਼ਤੇ ਵਿਚ ਘੱਟੋ ਘੱਟ ਇਕ ਵਾਰ ਸਰਵੇਖਣ ਜ਼ਰੂਰ ਕਰੋ। ਫ਼ਸਲ ਨੂੰ ਲੋੜ ਅਨੁਸਾਰ ਪਾਣੀ ਦੇਵੋ। ਅਗਲਾ ਪਾਣੀ ਉਸ ਵੇਲੇ ਲਗਾਓ ਜਦੋਂ ਪਹਿਲੇ ਪਾਣੀ ਨੂੰ ਜਜ਼ਬ ਹੋਏ ਦੋ ਦਿਨ ਹੋ ਗਏ ਹੋਣ। ਇਸ ਨਾਲ ਟਿੱਡਿਆਂ ਦਾ ਹਮਲਾ ਘਟ ਜਾਂਦਾ ਹੈ। ਪਾਣੀ ਦੀ ਲੋੜੀਦੀ ਵਰਤੋਂ ਲਈ ਟੈਂਸ਼ੀਓਮੀਟਰ ਦੀ ਵਰਤੋਂ ਕਰ ਸਕਦੇ ਹੋ। ਬੂਟਿਆਂ ਦੇ ਟਿੱਡਿਆਂ ਨੂੰ ਮਿੱਤਰ ਕੀੜੇ ਤੇ ਮੱਕੜੀਆਂ ਜਿਵੇਂ ਕਿ ਲਾਲ ਭੂੰਡੀ, ਓਫੀਔਨੀਆ ਭੂੰਡੀ, ਮੱਕੜੀਆਂ, ਹਰਾ ਤੇ ਭੂਰਾ ਮਿਰਿਡ ਬਗ ਵੀ ਵਧਣ ਤੋਂ ਰੋਕਦੇ ਹਨ। ਇਸੇ ਤਰ੍ਹਾਂ ਪਰਜੀਵੀ ਮਿੱਤਰ ਕੀੜੇ ਜਿਵੇਂ ਕਿ ਐਨਾਗਰਸ, ਓਲੀਗੋਸੀਟਾ, ਗੋਨੇਟੋਪਸ ਬੂਟਿਆਂ ਦੇ ਟਿੱਡਿਆਂ ਦੇ ਆਂਡਿਆਂ ਨੂੰ ਨਸ਼ਟ ਕਰਦੇ ਹਨ। ਇਨ੍ਹਾਂ ਮਿੱਤਰ ਕੀੜਿਆਂ ਦੇ ਵਧਣ ਫੁੱਲਣ ਵਿਚ ਮਦਦ ਕਰਨੀ ਚਾਹੀਦੀ ਹੈ ਤੇ ਇਸ ਦੇ ਲਈ ਬੇਲੋੜੇ ਕੀਟਨਾਸ਼ਕਾਂ ਦੀ ਵਰਤੋਂ ਨਹੀਂ ਕਰਨੀ ਚਾਹੀਦੀ।

ਰਸਾਇਣਕ ਢੰਗਾਂ ਰਾਹੀਂ ਰੋਕਥਾਮ

ਜੇ ਬੂਟਿਆਂ ਨੂੰ ਥੋੜ੍ਹਾ ਹੇਠਾਂ ਕਰਕੇ ਝਾੜਨ ਤੋਂ ਬਾਅਦ ਪ੍ਰਤੀ ਬੂਟਾ 5 ਟਿੱਡੇ (ਆਰਥਕ ਕਗਾਰ) ਜਾਂ ਇਸ ਤੋਂ ਵੱਧ ਟਿੱਡੇ ਪਾਣੀ 'ਤੇ ਤਰਦੇ ਦਿਖਾਈ ਦੇਣ ਤਾਂ ਕੌਨਫੀਡੋਰ ਜਾਂ ਕਰੋਕੋਡਾਈਲ 17.8 ਐੱਸਐੱਲ (ਇਮਿਡਾਕਲੋਪਰਿਡ) ਦੀ 40 ਮਿਲੀਲਿਟਰ ਮਾਤਰਾ ਦਾ ਪ੍ਰਤੀ ਏਕੜ ਛਿੜਕਾਅ ਕਰਨਾ ਚਾਹੀਦਾ ਹੈ ਜਾਂ ਏਕਾਲਕਸ/ਕੁਇਨਗਾਰਡ/ਕੁਇਨਲਮਾਸ 25 ਈਸੀ (ਕੁਇਨਲਫਾਸ) ਦੀ 800 ਮਿਲੀਲਿਟਰ ਜਾਂ ਕੋਰੋਬਾਨ/ਡਰਸਬਾਨ 20 ਈਸੀ (ਕਲੋਰਪਾਈਰੀਫਾਸ) ਦੀ ਇਕ ਲਿਟਰ ਮਾਤਰਾ ਨੂੰ 100 ਲਿਟਰ ਪਾਣੀ ਵਿਚ ਘੋਲ ਕੇ ਪ੍ਰਤੀ ਏਕੜ ਛਿੜਕਾਅ ਕਰੋ। ਇਹ ਕੀਟਨਾਸ਼ਕ ਅਦਲ-ਬਦਲ ਕੇ ਵਰਤਣੇ ਚਾਹੀਦੇ ਹਨ। ਕੀਟਨਾਸ਼ਕਾਂ ਦੀ ਵਰਤੋਂ ਸਿਫਾਰਸ਼ ਕੀਤੀ ਮਾਤਰਾ ਅਨੁਸਾਰ ਹੀ ਕਰੋ। ਛਿੜਕਾਅ ਵਾਸਤੇ ਖੋਖਲੀ ਤਿਕੋਣੀ ਨੋਜ਼ਲ ਵਾਲੇ ਨੈਪਸੇਕ ਸਪਰੇਅ ਪੰਪ ਦੀ ਵਰਤੋਂ ਕਰੋ।

ਛਿੜਕਾਅ ਦਾ ਸਹੀ ਸਮਾਂ ਤੇ ਢੰਗ

ਕੀਟਨਾਸ਼ਕ ਦਾ ਛਿੜਕਾਅ ਟਿੱਡਿਆਂ ਦੀ ਗਿਣਤੀ ਦੇ ਆਰਥਿਕ ਕਗਾਰ 'ਤੇ ਪਹੁੰਚਣ ਉੱਪਰ ਹੀ ਕਰੋ। ਚੰਗੇ ਨਤੀਜਿਆਂ ਲਈ ਕੀਟਨਾਸ਼ਕ ਦਾ ਛਿੜਕਾਅ ਬੂਟਿਆਂ ਦੇ ਮੁੱਢਾਂ ਵੱਲ ਕਰੋ, ਜਿੱਥੇ ਇਹ ਕੀੜੇ ਵਧੇਰੇ ਹੁੰਦੇ ਹਨ। ਟਿੱਡੇ ਦੇ ਹੱਲੇ ਵਾਲੀਆਂ ਥਾਵਾਂ ਦੇ 3-4 ਮੀਟਰ ਆਲੇ-ਦੁਆਲੇ ਵੀ ਛਿੜਕਾਅ ਕਰੋ ਕਿਉਂਕਿ ਟਿੱਡਿਆਂ ਦੀ ਜ਼ਿਆਦਾ ਗਿਣਤੀ ਇਨ੍ਹਾਂ ਥਾਵਾਂ 'ਤੇ ਹੀ ਹੁੰਦੀ ਹੈ।

ਸਾਵਧਾਨੀਆਂ

ਫ਼ਸਲਾਂ ਦੇ ਸ਼ੁਰੂਆਤੀ ਸਮੇਂ ਦੌਰਾਨ ਪੱਤਾ ਲਪੇਟ ਸੁੰਡੀ ਨੂੰ ਰੋਕਣ ਲਈ ਕਦੇ ਵੀ ਕੀਟਨਾਸ਼ਕਾਂ ਦੀ ਬੇਲੋੜੀ ਵਰਤੋਂ ਨਾ ਕਰੋ, ਖ਼ਾਸ ਕਰਕੇ ਸਿੰਥੈਟਿਕ ਪਰਿਥਰਾਇਡ ਦਵਾਈਆਂ ਦੀ ਵਰਤੋਂ ਬਿਲਕੁਲ ਨਾ ਕਰੋ, ਕਿਉਂਕਿ ਇਨ੍ਹਾਂ ਦੀ ਵਰਤੋਂ ਨਾਲ ਬੂਟਿਆਂ ਦੇ ਟਿੱਡਿਆਂ ਦੀ ਗਿਣਤੀ ਵਧਦੀ ਹੈ ਤੇ ਮਿੱਤਰ ਕੀੜਿਆਂ ਦੀ ਗਿਣਤੀ ਘਟ ਜਾਂਦੀ ਹੈ। ਕੀਟਨਾਸ਼ਕ ਦਵਾਈਆਂ ਦੀ ਵਰਤੋਂ ਅਦਲ-ਬਦਲ ਕੇ ਕਰੋ।

ਮੋਬਾਈਲ 98720-06248

ਚਿੱਟੀ ਪਿੱਠ ਵਾਲਾ ਟਿੱਡਾ

ਇਹ ਕੀੜਾ ਭਾਰਤ ਦੇ ਝੋਨਾ ਉਤਪਾਦਕ ਵੱਖ-ਵੱਖ ਸੂਬਿਆਂ 'ਚ ਪਾਇਆ ਜਾਂਦਾ ਹੈ। ਇਹ ਕੀੜਾ ਝੋਨੇ ਦੀ ਫ਼ਸਲ 'ਤੇ ਭੂਰੇ ਟਿੱਡੇ ਨਾਲੋਂ ਅਗੇਤਾ ਆਉਂਦਾ ਹੈ। ਇਸ ਦੇ ਆਂਡੇ ਪਹਿਲਾਂ ਸਫ਼ੈਦ ਹੁੰਦੇ ਹਨ, ਜੋ ਬਾਅਦ 'ਚ ਲਾਲ ਹੋ ਜਾਂਦੇ ਹਨ। ਇਹ ਆਂਡੇ ਕਰੀਬ 3 ਤੋਂ 10 ਦੇ ਸਮੂਹਾਂ ਵਿਚ ਹੁੰਦੇ ਹਨ ਅਤੇ ਕਤਾਰਾਂ 'ਚ ਹੁੰਦੇ ਹਨ। ਇਹ ਆਂਡੇ ਲੀਫ ਸ਼ੀਥ (ਤਣੇ ਦੁਆਲੇ ਪੱਤੇ ਦੇ ਖੋਲ) ਵਿਚ ਵੀ ਹੋ ਸਕਦੇ ਹਨ। ਆਂਡੇ 'ਚੋਂ ਨਵਾਂ ਨਿਕਲਿਆ ਨਿੰਫ (ਬੱਚਾ) ਸਲੇਟੀ ਚਿੱਟੇ ਰੰਗ ਦਾ ਹੁੰਦਾ ਹੈ ਜੋ ਬਾਅਦ 'ਚ ਗੂੜ੍ਹਾ ਸਲੇਟੀ ਹੋ ਜਾਂਦਾ ਹੈ। ਬਾਲਗ ਕੀੜਾ ਹਲਕੇ ਪੀਲੇ ਰੰਗ ਦਾ ਹੁੰਦਾ ਹੈ। ਇਸ ਦਾ ਮੂੰਹ ਤਿੱਖਾ ਹੁੰਦਾ ਹੈ ਤੇ ਲੰਬਾਈ 3.5 ਤੋਂ 4 ਮਿਲੀਮੀਟਰ ਹੁੱਦੀ ਹੈ। ਇਸ ਦੇ ਉੱਪਰਲੇ ਪਾਸੇ ਇਕ ਪਤਲੀ ਚਿੱਟੀ ਪੱਟੀ ਹੁੰਦੀ ਹੈ। ਅਗਲੇ ਖੰਭ ਦੇ ਪਿਛਲੇ ਪਾਸੇ ਇਕ ਕਾਲਾ ਧੱਬਾ ਹੁੰਦਾ ਹੈ। ਜਦੋਂ ਖੰਭ ਆਪਸ ਵਿਚ ਇਕੱਠੇ ਹੁੰਦੇ ਹਨ ਤਾਂ ਦੋਹਾਂ ਖੰਭਾਂ ਦੇ ਧੱਬੇ ਆਪਸ ਵਿਚ ਮਿਲਦੇ ਹਨ। ਵੱਡੇ ਖੰਭਾਂ ਵਾਲੇ ਟਿੱਡੇ ਨਰ ਅਤੇ ਛੋਟੇ ਖੰਭਾਂ ਵਾਲੀ ਮਾਦਾ ਹੁੰਦੀ ਹੈ।

ਭੂਰਾ ਟਿੱਡਾ

ਇਹ ਕੀੜਾ ਝੋਨੇ ਦੀ ਫ਼ਸਲ 'ਤੇ ਚਿੱਟੀ ਪਿੱਠ ਵਾਲੇ ਟਿੱਡੇ ਤੋਂ ਪਛੇਤਾ ਆਉਂਦਾ ਹੈ। ਇਸ ਦੇ ਆਂਡੇ ਗੂੰਦਦ ਵਰਗੇ ਡੱਟ ਨਾਲ ਢਕੇ ਹੁੰਦੇ ਹਨ। ਇਹ ਆਂਡੇ 2 ਤੋਂ 12 ਦੇ ਸਮੂਹ ਵਿਚ ਤੇ ਲੀਫ ਸ਼ੀਥ ਵਿਚ ਹੁੰਦੇ ਹਨ। ਆਂਡਿਆਂ ਵਿੱਚੋਂ ਨਿਕਲੇ ਬੱਚੇ (ਨਿੰਫ) ਰੂੰ ਵਰਗੇ ਚਿੱਟੇ ਤੇ ਬਾਅਦ ਵਿਚ ਭੂਰੇ ਰੰਗ ਦੇ ਹੋ ਜਾਂਦੇ ਹਨ। ਬਾਲਗ ਟਿੱਡੇ ਦਾ ਰੰਗ ਹਲਕੇ ਤੋਂ ਗੂੜ੍ਹਾ ਭੂਰਾ ਹੁੰਦਾ ਹੈ। ਨਰ ਟਿੱਡੇ ਮਾਦਾ ਨਾਲੋਂ ਛੋਟੇ ਹੁੰਦੇ ਹਨ। ਬਾਲਗ ਦੋ ਤਰ੍ਹਾਂ ਦੇ ਹੁੰਦੇ ਹਨ। ਪਹਿਲੀ ਤਰ੍ਹਾਂ ਦੇ ਬਾਲਗ ਦੇ ਖੰਭ ਛੋਟੇ ਹੁੰਦੇ ਹਨ ਪਰ ਪੂਰੀ ਤਰ੍ਹਾਂ ਵਿਕਸਿਤ ਨਹੀਂ ਹੁੰਦੇ। ਦੂਸਰੀ ਤਰ੍ਹਾਂ ਦੇ ਬਾਲਗ ਵਿਚ ਇਹ ਪੂਰੀ ਤਰ੍ਹਾਂ ਵਿਕਸਿਤ ਹੁੰਦੇ ਹਨ ਤੇ ਇਹ ਇਕ ਤੋਂ ਦੂਜੀ ਥਾਂ 'ਤੇ ਜਾ ਸਕਦੇ ਹਨ।

ਜ਼ਰੂਰੀ ਹੈ ਮੀਂਹ ਦੇ ਪਾਣੀ ਦੀ ਸਾਂਭ-ਸੰਭਾਲ

• ਡਾ. ਬਿੰਦੂ ਮਰਵਾਹਾ

ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਪਾਣੀ ਨੂੰ ਪਿਤਾ ਦਾ ਦਰਜਾ ਦਿੱਤਾ ਗਿਆ ਹੈ। ਵਧਦੀ ਹੋਈ ਜਨਸੰਖਿਆ ਦੀਆਂ ਕੁਦਰਤੀ ਸੋਮਿਆਂ ਪ੍ਰਤੀ ਵਧ ਰਹੀਆਂ ਮੰਗਾਂ ਨੇ ਸਾਨੂੰ ਅਜਿਹੀ ਜਗ੍ਹਾਂ ਲਿਆ ਖੜ੍ਹਾ ਕੀਤਾ ਹੈ ਜਿੱਥੇ ਅਸੀਂ ਆਪਣੇ ਆਪ ਨੂੰ ਕਾਲ ਦੇ ਮੂੰਹ ਵਿਚ ਮਹਿਸੂਸ ਕਰ ਰਹੇ ਹਾਂ। ਭਾਵੇਂ ਧਰਤੀ ਦੇ 71 ਫ਼ੀਸਦੀ ਰਕਬੇ 'ਤੇ ਪਾਣੀ ਹੈ ਪਰ ਅਸੀਂ ਇਸ ਦਾ ਸਿਰਫ਼ 2.5 ਫ਼ੀਸਦੀ ਹੀ ਵਰਤੋਂ 'ਚ ਲਿਆ ਸਕਦੇ ਹਾਂ। ਇਸ ਤੋਂ ਇਲਾਵਾ ਘੱਟ ਬਾਰਿਸ਼ ਦਾ ਹੋਣਾ ਅਤੇ ਧਰਤੀ ਹੇਠਲੇ ਪਾਣੀ ਦੇ ਡਿੱਗਦੇ ਹੋਏ ਪੱਧਰ ਨੇ ਜਲ ਸੰਕਟ ਨ

ਸਿਹਤ ਵਿਭਾਗ ਵੱਲੋਂ ਕੀਤੀ ਗਈ ਮੈਟਰਨਲ ਡੈਥ ਰੀਵਿਊ ਮੀਟਿੰਗ

ਫਾਜ਼ਿਲਕਾ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਸਿਹਤ ਵਿਭਾਗ ਫਾਜ਼ਿਲਕਾ ਵੱਲੋਂ ਨਵਜਾਤ ਬੱਚਿਆ ਅਤੇ ਗਰਭਵਤੀ ਔਰਤਾਂ ਨੂੰ ਮਿਲ ਰਹੀ ਸਿਹਤ ਸੁਵਿਧਾਵਾਂ ਦਾ ਸਮੇਂ ਸਮੇਂ 'ਤੇ ਨਿਰਿਖਣ ਕੀਤਾ ਜਾਂਦਾ ਰਹਿੰਦਾ ਹੈ ਅਤੇ ਇਸ ਸੰਬਧੀ ਸਟਾਫ ਨਾਲ ਮੀਟਿੰਗ ਵੀ ਕੀਤੀ ਜਾਂਦੀ ਹੈ

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਾ ਚੰਦਰ ਸ਼ੇਖਰ ਕੱਕੜ ਸਿਵਲ ਸਰਜਨ ਫਾਜ਼ਿਲਕਾ ਨੇ ਦੱਸਿਆ ਕਿ ਜੇਕਰ ਕਿਸੇ ਵੀ ਗਰਭਵਤੀ ਔਰਤ ਅਤੇ 5 ਸਾਲ ਤੱਕ ਦੇ ਬੱਚਿਆ ਦੀ ਗਰਭ ਦੌਰਾਨ ਮੌਤ, ਜਣੇਪੇ ਦੌਰਾਨ ਮੌਤ ਅਤੇ ਜਣੇਪੇ ਤੋਂ 42 ਦਿਨਾਂ ਬਾਅਦ ਤੋਂ ਇਲਾਵਾ 5 ਸਾਲ ਤਕ ਦੇ ਬੱਚਿਆ ਦੀ ਕਿਸੇ ਵੀ ਕਾਰਨ ਕਰਕੇ ਮੌਤ ਹੁੰਦੀ ਹੈ ਤਾਂ ਸਿਹਤ ਵਿਭਾਗ ਵੱਲੋਂ ਉਸਦੇ ਕਾਰਨਾਂ ਦੀ ਜਾਂਚ ਕਰਨ ਸਬੰਧੀ ਮੈਟਰਨਲ ਡੈਥ ਰੀਵਿਊ ਮੀਟਿੰਗ ਕੀਤੀ ਜਾਂਦੀ ਹੈ

ਉਹਨਾਂ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਇਲਾਜ ਕਰਨ ਵਾਲੇ ਡਾਕਟਰ , ਸਹਿਯੋਗੀ ਅਤੇ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨੂੰ ਯਕੀਨੀ ਤੌਰ 'ਤੇ ਸ਼ਾਮਿਲ ਕੀਤਾ ਜਾਂਦਾ ਹੈ ਤਾਕਿ ਕਮਿਆ ਦਾ ਬਰੀਕੀ ਨਾਲ ਵਿਸ਼ਲੇਸ਼ਣ ਕੀਤਾ ਜਾਂਦਾ ਹੈ ਤਾਂ ਜੋ ਮੌਤ ਦੇ ਕਾਰਨਾਂ ਦੀ ਬਰੀਕੀ ਨਾਲ ਜਾਂਚ ਕੀਤੀ ਜਾ ਸਕੇ ਅਤੇ ਭਵਿੱਖ ਵਿੱਚ ਹੋਣ ਵਾਲੀ ਅਜਿਹੀ ਕਿਸੀ ਵੀ ਸਥਿਤੀ ਨਾਲ ਨਜਿੱਠਿਆ ਜਾ ਸਕੇ ਤਾਂ ਜੋ ਮੌਤ ਨੂੰ ਰੋਕਿਆ ਜਾ ਸਕੇ ਉਹਨਾਂ ਨੇ ਦੱਸਿਆ ਕਿ ਮੀਟਿੰਗ ਤੋਂ ਬਾਅਦ ਸਟਾਫ ਦੀ ਮੀਟਿੰਗ ਕੀਤੀ ਜਾਂਦੀ ਹੈ ਅਤੇ ਇਸ ਤਰਾ ਦੀ ਕਮੀਆ ਦੋਬਾਰਾ ਤੋਂ ਨਾ ਹੋਵੇ ਸਟਾਫ ਨੂੰ ਹਿਦਾਇਤ ਵੀ ਕੀਤੀ ਜਾਂਦੀ ਹੈ ਮੀਟਿੰਗ ਵਿੱਚ ਗਰਭਵਤੀ ਔਰਤਾਂ ਦੇ ਹਾਈ ਰਿਸਕ ਪ੍ਰੈਗਨੈਂਸੀ ਬਾਰੇ ਅਤੇ ਘਰ ਵਿਚ ਨਵਜਾਤ ਬੱਚਿਆ ਦੀ ਦੇਖਭਾਲ ਅਤੇ ਟੀਕਾਕਰਨ ਬਾਰੇ ਏ ਐਨ ਐਮ ਅਤੇ ਆਸ਼ਾ ਵਰਕਰ ਨੂੰ ਜਾਣਕਾਰੀ ਦਿੱਤੀ ਗਈ

ਕਮੇਟੀ ਜਿਸ ਵਿਚ ਜਿਲਾ ਹਸਪਤਾਲ ਦੇ ਜਨਾਨਾ ਰੋਗਾ ਦੇ ਮਾਹਰ ਅਤੇ ਹੋਰ ਮਾਹਿਰ ਡਾਕਟਰਾਂ ਵੱਲੋਂ ਕੀਤੀ ਇਸ ਪੜਤਾਲ ਦਾ ਮੁੱਖ ਮਕਸਦ ਭਵਿੱਖ ਚ ਹੋਣ ਵਾਲੀਆਂ ਅਜਿਹੀਆਂ ਮੌਤਾਂ ਨੂੰ ਰੋਕਿਆ ਜਾ ਸਕੇ

ਇਸ ਸਮੇਂ ਜਿਲਾ ਪਰੀਵਾਰ ਭਲਾਈ ਅਫਸਰ ਡਾਕਟਰ ਕਵਿਤਾ ਸਿੰਘ., ਬੱਚਿਆਂ ਦੇ ਰੋਗਾਂ ਦੇ ਮਾਹਿਰ ਡਾਕਟਰ ਰਿੰਕੂ ਚਾਵਲਾ, ਮਹਿਲਾ ਰੋਗਾਂ ਦੇ ਮਾਹਿਰ, ਕਾਰਜ਼ ਕਰੀ ਜਿਲਾ ਟਿੱਕਾ ਕਰਨ ਅਫਸਰ ਡਾਕਟਰ ਏਰਿਕ ਅਤੇ ਪੂਜਾ ਰਾਣੀ ਏਨਮ ਆਸ਼ਾ ਵਰਕਰ ਅਤੇ ਸਿਹਤ ਵਿਭਾਗ ਦੇ ਕਰਮਚਾਰੀ ਹਾਜਰ ਸਨ

ਨਗਰ ਨਿਗਮ ਨੇ ਕੂੜਾ ਪ੍ਰਬੰਧਨ ਸਬੰਧੀ ਜਾਗਰੂਕਤਾ ਲਈ ਕਰਵਾਇਆ ਨੁੱਕੜ ਨਾਟਕ

ਪਟਿਆਲਾ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਨਗਰ ਨਿਗਮ ਪਟਿਆਲਾ ਵੱਲੋਂ ਕੂੜੇ ਨੂੰ ਸਰੋਤ ਵਾਲੇ ਸਥਾਨਾਂ ਤੋਂ ਹੀ ਗਿੱਲੇ ਤੇ ਸੁੱਕੇ ਕੂੜੇ ਦੇ ਤੌਰ 'ਤੇ ਵੱਖ ਵੱਖ ਕਰਨ ਸਬੰਧੀ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ 'ਨਿਊ ਲਾਲ ਬਾਗ ਵਿਖੇ ਨਿਊ ਲਾਲ ਬਾਗ ਰੈਜ਼ੀਡੈਂਟ ਵੈੱਲਫੇਅਰ ਐਸੋਸੀਏਸ਼ਨ ਦੇ ਸਹਿਯੋਗ ਨਾਲ ਨੁੱਕੜ ਨਾਟਕ ਕਰਵਾਇਆ ਗਿਆ

ਜਾਗਰੂਕਤਾ ਪੈਦਾ ਕਰਨ ਦੇ ਮਕਸਦ ਨਾਲ ਕਰਵਾਏ ਨੁੱਕੜ ਨਾਟਕ ਰਾਹੀਂ ਸੁਨੇਹਾ ਦਿੱਤਾ ਗਿਆ ਕਿ ਜੇਕਰ ਆਪਣੀ ਕਲੋਨੀ, ਸ਼ਹਿਰ ਅਤੇ ਦੇਸ਼ ਨੂੰ ਗੰਦਗੀ ਮੁਕਤ ਕਰਨਾ ਹੈ ਤਾਂ ਇਸ ਦੀ ਸ਼ੁਰੂਆਤ ਆਪਣੇ ਘਰ ਤੋਂ ਕਰਨੀ ਪਵੇਗੀ ਨਿਊ ਲਾਲ ਬਾਗ ਰੈਜ਼ੀਡੈਂਟ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਪੁਨੀਤ ਜੈਨ ਨੇ ਦੱਸਿਆ ਕਿ "ਰੰਗਮੰਚ ਲੋਕਾਂ ਦੇ ਦਿਲਾਂ ਤੱਕ ਪਹੁੰਚਣ ਲਈ ਇੱਕ ਉੱਤਮ ਜਰੀਆਂ ਹੈ ਅਤੇ ਇਸ ਰਾਹੀਂ ਦਿੱਤਾ ਗਿਆ ਸੁਨੇਹਾ ਬੇਹੱਦ ਕਾਰਗਰ ਹੁੰਦਾ ਹੈ" ਉਨ੍ਹਾਂ ਇੱਥੇ ਪਹੁੰਚੀ ਸਮੁੱਚੀ ਨਗਰ ਨਿਗਮ ਪਟਿਆਲਾ ਦੀ ਟੀਮ ਅਤੇ ਰੰਗਮੰਚ ਦੀ ਟੀਮ ਦਾ ਧੰਨਵਾਦ ਕੀਤਾ

ਇਸ ਮੌਕੇ ਸ੍ਰੀ ਰਾਜੇਸ਼ ਮੱਟੂ, ਸੈਨੇਟਰੀ ਇੰਸਪੈਕਟਰ ਨਗਰ ਨਿਗਮ ਪਟਿਆਲਾ ਵੱਲੋਂ ਦੱਸਿਆ ਗਿਆ ਕਿ ਜਿੱਥੇ ਪਟਿਆਲਾ ਸ਼ਹਿਰ ਵਿੱਚ ਕੂੜੇ ਨੂੰ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਕਰਨ ਦਾ ਰੁਝਾਨ ਲਗਾਤਾਰ ਵੱਧ ਰਿਹਾ ਹੈ, ਉੱਥੇ ਹੀ ਇਸ ਨੂੰ ਲਾਜ਼ਮੀ ਬਣਾਉਣ ਲਈ ਨਗਰ ਨਿਗਮ ਪਟਿਆਲਾ ਵੱਲੋਂ ਲਗਾਤਾਰ ਚਲਾਨ ਕੱਟੇ ਜਾ ਰਹੇ ਹਨ ਉਨ੍ਹਾਂ ਦੱਸਿਆ ਆਪਣੇ ਆਲੇ ਦੁਆਲੇ ਨੂੰ ਸਾਫ਼ ਰੱਖਣਾ ਸਾਡੀ ਸਮਾਜਿਕ ਅਤੇ ਨੈਤਿਕ ਜ਼ਿੰਮੇਵਾਰੀ ਹੈ

ਸ੍ਰੀ ਅਮਨਦੀਪ ਸੇਖੋਂ ਵੱਲੋਂ ਦੱਸਿਆ ਗਿਆ ਕਿ ਇਹ ਇੱਕ ਕੁਦਰਤੀ ਪ੍ਰੋਸੈੱਸ ਹੈ ਅਤੇ ਜੇਕਰ ਸਾਰੇ ਘਰ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਦੇਣ ਤਾਂ ਗਿੱਲੇ ਕੂੜੇ ਤੋਂ ਬਹੁਤ ਉੱਤਮ ਖਾਦ ਬਣੇਗੀ ਅਤੇ ਸੁੱਕੇ ਕੂੜੇ ਨੂੰ ਰੀਸਾਈਕਲ ਕਰਕੇ ਨਵੇਂ ਉਤਪਾਦ ਬਣਨਗੇ

ਸ੍ਰੀ ਸਨੀ ਸਿੱਧੂ ਅਤੇ ਸਮੁੱਚੀ ਨੁੱਕੜ ਨਾਟਕ ਦੀ ਟੀਮ ਵੱਲੋਂ ਲੋਕਾਂ ਨੂੰ ਹਰੇ ਡਸਟਬਿਨ ਵਿੱਚ ਗਿੱਲਾ ਕੂੜਾ ਅਤੇ ਨੀਲੇ ਡਸਟਬਿਨ ਵਿੱਚ ਸੁੱਕਾ ਕੂੜੇ ਪਾ ਕੇ ਸਮਝਾਇਆ ਗਿਆ

ਸ੍ਰੀ ਜਵਾਲਾ ਸਿੰਘ ਵੱਲੋਂ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਇਸ ਤੋਂ ਇਲਾਵਾ ਆਪਣੇ ਘਰ ਦਾ ਸੈਨੇਟਰੀ ਅਤੇ ਮੈਡੀਕਲ ਵੇਸਟ ਜੋ ਕਿ ਹਾਨੀਕਾਰਕ ਹੁੰਦਾ ਹੈ ਉਸ ਨੂੰ ਘਰ ਤੋਂ ਕੂੜਾ ਕੂਲੈਕਟ ਕਰਨ ਵਾਲੇ ਨੂੰ ਵੱਖਰੇ ਤੌਰ ਤੇ ਦਿੱਤਾ ਜਾਵੇ ਤਾਂ ਜੋ ਬਿਮਾਰੀ ਫੈਲਣ ਦਾ ਖ਼ਤਰਾ ਨਾ ਹੋਵੇ

ਇਸ ਮੌਕੇ ਨਗਰ ਨਿਗਮ ਵੱਲੋਂ "ਸਫ਼ਾਈ ਅਪਣਾਓ, ਬਿਮਾਰੀ ਭਜਾਓ" ਦਾ ਨਾਅਰਾ ਵੀ ਦਿੱਤਾ ਗਿਆ

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਅਗਨੀ ਵੀਰ ਵਾਯੂ ਭਰਤੀ ਸਬੰਧੀ ਜਾਗਰੂਕਤਾ ਵੈਬੀਨਾਰ 18 ਜੁਲਾਈ ਨੂੰ

ਪਟਿਆਲਾ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਪਟਿਆਲਾ ਵੱਲੋਂ ਅਗਨੀ ਵੀਰ ਵਾਯੂ ਭਰਤੀ ਸਬੰਧੀ ਜਾਗਰੂਕਤਾ ਵੈਬੀਨਾਰ ਮਿਤੀ 18 ਜੁਲਾਈ ਨੂੰ ਸਵੇਰੇ 11.00 ਵਜੇ ਕਰਵਾਇਆ ਜਾ ਰਿਹਾ ਹੈ ਇਸ ਭਰਤੀ ਲਈ ਰਜਿਸਟ੍ਰੇਸ਼ਨ ਮਿਤੀ 8-07-2024 ਤੋਂ 28-07-2024 ਤੱਕ ਹੈ ਅਤੇ ਇਸ ਭਰਤੀ ਲਈ ਲਿਖਤੀ ਪ੍ਰੀਖਿਆ 18-10-2024 ਤੋਂ ਸ਼ੁਰੂ ਹੋਣੀ ਹੈ

ਇਸ ਵੈਬੀਨਾਰ ਦੌਰਾਨ ਇੰਡੀਅਨ ਏਅਰ ਫੋਰਸ ਦੇ ਅਧਿਕਾਰੀਆਂ ਵੱਲੋਂ ਪ੍ਰਾਰਥੀਆਂ ਨੂੰ ਅਗਨੀ ਵੀਰ ਵਾਯੂ ਭਰਤੀ ਸਬੰਧੀ ਯੋਗਤਾ (ਉਮਰ, ਪੜਾਈ, ਸਰੀਰਕ ਮਾਪਦੰਡ ਆਦਿ) ਬਾਰੇ ਜਾਣਕਾਰੀ ਦਿੱਤੀ ਜਾਵੇਗੀ ਇਸ ਤੋ ਇਲਾਵਾ ਅਧਿਕਾਰੀਆਂ ਵੱਲੋਂ ਇੰਡੀਅਨ ਏਅਰ ਫੋਰਸ ਵਿਚ ਕੈਰੀਅਰ ਬਾਰੇ ਮਾਰਗ ਦਰਸ਼ਨ ਵੀ ਕੀਤਾ ਜਾਵੇਗਾ ਇਸ ਵੈਬੀਨਾਰ ਵਿਚ ਭਾਗ ਲੈਣ ਵਾਲੇ ਪ੍ਰਾਰਥੀ ਵੈਬੀਨਾਰ ਦੇ ਲਿੰਕ https://calendar.app.google/-TYuzdrubXps6j9eB7 ਤੇ ਜੁਆਇਨ ਕਰ ਸਕਦੇ ਹਨ ਜਿਨ੍ਹਾਂ ਪ੍ਰਾਰਥੀਆਂ ਨੂੰ ਇੰਟਰਨੈੱਟ ਜਾਂ ਆਨਲਾਈਨ ਵੈਬੀਨਾਰ ਜੁਆਇਨ ਕਰਨ ਦੀ ਦਿੱਕਤ ਹੈ ਉਹ ਵਿਦਿਆਰਥੀ ਨੇੜੇ ਦੇ ਸਰਕਾਰੀ ਸ.ਸ.ਸਕੂਲ ਵਿਚ ਇਹ ਵੈਬੀਨਾਰ ਜੁਆਇਨ ਕਰ ਸਕਦੇ ਹਨ

ਵਧੇਰੇ ਜਾਣਕਾਰੀ ਲਈ ਉਮੀਦਵਾਰ ਦਫ਼ਤਰ ਦੇ ਹੈਲਪ ਲਾਈਨ ਨੰਬਰ 98776-10877 ਤੇ ਸੰਪਰਕ ਕਰ ਸਕਦੇ ਹਨ

ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪਿੰਡਾਂ ਵਿੱਚ ਲਗਾਏ ਜਾ ਰਹੇ ਹਨ ਜਨ ਸੁਵਿਧਾ ਕੈਂਪ : ਵਿਧਾਇਕ ਹੈਪੀ

ਫਤਹਿਗੜ੍ਹ ਸਾਹਿਬ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ਅਨੁਸਾਰ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪਿੰਡਾਂ ਵਿੱਚ ਜਨ ਸੁਵਿਦਾ ਕੈਂਪ ਲਗਾ ਜਾ ਰਹੇ ਹਨ ਤਾਂ ਜੋਂ ਲੋਕ ਦਫਤਰਾਂ ਦੀ ਖੱਜਲ ਖੁਆਰੀ ਤੋਂ ਬੱਚ ਸਕਣ ਅਤੇ ਆਪਣੇ ਘਰਾਂ ਨੇੜੇ ਹੀ ਆਪਣੇ ਕੰਮ ਕਰਵਾ ਸਕਣ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਬਸੀ ਪਠਾਣਾ ਤੋਂ ਵਿਧਾਇਕ ਸ੍ਰੀ ਰੁਪਿੰਦਰ ਸਿੰਘ ਹੈਪੀ ਨੇ ਨੰਦਪੁਰ ਕਲੌੜ ਵਿਖੇ ਲਗਾਏ ਗਏ ਜਨ ਸੁਵਿਧਾ ਕੈਂਪ ਵਿੱਚ ਪੁੱਜੇ ਲੋਕਾਂ ਨਾਲ ਗੱਲਬਾਤ ਕਰਦਿਆਂ ਕੀਤਾ ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਲੋਕਾਂ ਨੂੰ ਜੋ ਗਾਰੰਟੀਆਂ ਦਿੱਤੀਆਂ ਸਨ, ਉਨ੍ਹਾਂ ਨੂੰ ਪੂਰੀਆਂ ਕਰਨ ਵਿੱਚ ਲੱਗੀ ਹੋਈ ਹੈ ਜੋ ਗਾਰੰਟੀਆਂ ਰਹਿ ਗਈਆਂ ਹਨ, ਉਨ੍ਹਾਂ ਨੂੰ ਛੇਤੀ ਹੀ ਪੂਰਾ ਕੀਤਾ ਜਾਵੇਗਾ ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਖੁਸ਼ਹਾਲ ਬਣਾ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਇਆ ਜਾਵੇਗਾ ਨਾਲ ਕੀਤੇ ਵਾਅਦੇ ਪੂਰੇ ਕਰਨ ਵਿੱਚ ਜੁਟੀ ਹੋਈ ਹੈ

ਇਸ ਮੌਕੇ ਡਿਪਟੀ ਕਮਿਸ਼ਨਰ ਸ਼੍ਰੀਮਤੀ ਪਰਨੀਤ ਸ਼ੇਰਗਿੱਲ ਨੇ ਦੱਸਿਆ ਕਿ ਇਸ ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ/ਕਰਮਚਾਰੀ ਜਿਵੇਂ ਕਿ ਬਾਲ ਵਿਕਾਸ ਅਤੇ ਪ੍ਰੋਸੈਕਟ ਅਫਸਰ, ਤਹਿਸੀਲ ਭਲਾਈ ਅਫਸਰ, ਕਿਰਤ ਤੇ ਸਲਾਹ ਅਫਸਰ, ਬਲਾਕ ਖੇਤੀਬਾੜੀ ਅਫਸਰ, ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਫੂਡ ਸਪਲਾਈ ਅਫਸਰ ਵੀ ਕੈਂਪ ਵਿੱਚ ਹਾਜਰ ਆਏ ਅਤੇ ਆਪਣੇ ਵਿਭਾਗ ਨਾਲ ਸਬੰਧਤ ਸਕੀਮਾਂ ਦਾ ਲਾਭ ਲੋਕਾਂ ਨੂੰ ਦਿੱਤਾ ਗਿਆ ਇਸ ਕੈਂਪ ਵਿੱਚ ਜ਼ਿਲ੍ਹਾ ਜੂਡੀਸ਼ਿਅਲ ਕੋਰਟ, ਫਤਿਹਗੜ੍ਹ ਸਾਹਿਬ ਦੇ ਅਧਿਕਾਰੀਆਂ ਵੱਲੋਂ ਵੀ ਸ਼ਿਰਕਤ ਕੀਤੀ ਗਈ ਅਤੇ ਮੁਫਤ ਕਾਨੂੰਨੀ ਸਹਾਇਤਾ ਤੇ ਲੋਕ ਅਦਾਲਤਾਂ ਸਬੰਧੀ ਵੱਖਰੇ ਤੌਰ ਤੇ ਆਪਣਾ ਕਾਊਂਟਰ ਲਗਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਇਸ ਮੌਕੇ ਐਸ.ਡੀ.ਐਮ. ਬਸੀ ਪਠਾਣਾ ਸ਼੍ਰੀ ਸੰਜੀਵ ਕੁਮਾਰ ਨੇ ਦੱਸਿਆ ਕਿ ਅੱਜ ਦੇ ਜਨ ਸੁਵਿਧਾ ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਕਰੀਬ 125 ਵਿਅਕਤੀਆਂ ਵੱਲੋਂ ਦਿੱਤੀਆਂ ਦਰਖਾਸਤਾਂ ਦਾ ਮੌਕੇ ਤੇ ਨਿਪਟਾਰਾ ਕੀਤਾ ਗਿਆ

ਇਸ ਮੌਕੇ ਮਿਸ ਇਸ਼ਾਨ ਚੌਧਰੀ, ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਬਸੀ ਪਠਾਣਾ, ਸ੍ਰੀਮਤੀ ਰਿੱਤੂ ਗੁਪਤਾ, ਤਹਿਸੀਲਦਾਰ ਬਸੀ ਪਠਾਣਾ ਅਤੇ ਸ੍ਰੀ ਦੀਪਕ ਭਾਰਦਵਾਜ ਨਾਇਬ ਤਹਿਸੀਲਦਾਰ ਬਸੀ ਪਠਾਣਾ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜਰ ਸਨ

ਪਿੰਡ ਬਰਗਾੜੀ ਵਿਖੇ ਅੱਜ ਲੱਗੇਗਾ 7ਵਾਂ ਸੁਵਿਧਾ ਕੈਂਪ-ਵਿਨੀਤ ਕੁਮਾਰ

ਜੈਤੋ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਆਮ ਜਨਤਾ ਦੀਆਂ ਮੁਸ਼ਕਿਲਾਂ ਨੂੰ ਸੁਣਨ ਅਤੇ ਮੌਕੇ ਤੇ ਉਹਨਾਂ ਦਾ ਹੱਲ ਕਰਨ ਲਈ ਲਗਾਏ ਜਾ ਰਹੇ ਸੁਵਿਧਾ ਕੈਂਪਾਂ ਤਹਿਤ ਮਿਤੀ 19 ਜੁਲਾਈ ਨੂੰ ਸਵੇਰੇ 09.30 ਵਜੇ ਕਮਿਊਨਟੀ ਹਾਲ ਪਿੰਡ ਬਰਗਾੜੀ ਵਿਖੇ ਸੱਤਵਾਂ ਸੁਵਿਧਾ ਕੈਂਪ ਲਗਾਇਆ ਜਾ ਰਿਹਾ ਹੈ ਇਸ ਕੈਂਪ ਵਿੱਚ ਵਿਧਾਇਕ ਫਰੀਦਕੋਟ ਸ. ਅਮੋਲਕ ਸਿੰਘ ਵੀ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਫਰੀਦਕੋਟ ਸ੍ਰੀ ਵਿਨੀਤ ਕੁਮਾਰ ਨੇ ਦੱਸਿਆ ਕਿ ਇਸ ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਖੁਦ ਹਾਜ਼ਰ ਹੋਣਗੇ ਅਤੇ ਮੌਕੇ 'ਤੇ ਹੀ ਯੋਗ ਲਾਭਪਾਤਰੀ ਦੀ ਸ਼ਨਾਖ਼ਤ ਕਰਕੇ ਉਨ੍ਹਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਦਿੱਤਾ ਜਾਵੇਗਾ ਅਤੇ ਸ਼ਿਕਾਇਤਾਂ ਦਾ ਨਿਪਟਾਰਾ ਕੀਤਾ ਜਾਵੇਗਾ ਉਨ੍ਹਾਂ ਦੱਸਿਆ ਕਿ ਪਿੰਡ ਬਰਗਾੜੀ, ਝੱਖੜਵਾਲਾ, ਬੁਰਜ ਹਰੀਕਾ, ਰਣ ਸਿੰਘ ਵਾਲਾ ਅਤੇ ਬੁਰਜ ਜਵਾਹਰ ਸਿੰਘ ਵਾਲਾ ਦੇ ਵਸਨੀਕ ਇਸ ਸੁਵਿਧਾ ਕੈਂਪ ਵਿੱਚ ਪਹੁੰਚ ਕੇ ਆਪਣੀਆਂ ਮੁਸ਼ਕਿਲਾਂ ਅਤੇ ਸ਼ਿਕਾਇਤਾਂ ਦੇ ਹੱਲ ਕਰਵਾਉਣ ਲਈ ਆ ਸਕਦੇ ਹਨ ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਇਸ ਸੁਵਿਧਾ ਕੈਂਪ ਵਿੱਚ ਆ ਕੇ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ

ਪੰਜਾਬੀ ਯੂਨੀਵਰਸਿਟੀ ਵਿਖੇ ਯੁਵਕ ਭਲਾਈ ਵਿਭਾਗ ਵੱਲੋਂ ਲਗਾਏ ਗਏ ਬੂਟੇ

ਪਟਿਆਲਾ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਯੁਵਕ ਭਲਾਈ ਵਿਭਾਗ ਵੱਲੋਂ ਇੰਮਪਰੂਵਮੈਂਟ ਟਰਸੱਟ ਨਾਭਾ ਦੇ ਸਹਿਯੋਗ ਨਾਲ਼ ਯੁਵਕ ਭਲਾਈ ਦਫ਼ਤਰ ਦੇ ਬਾਹਰ ਬੂਟੇ ਲਗਾਏ ਗਏ

ਵਿਭਾਗ ਦੇ ਡਾਇਰੈਕਟਰ ਪ੍ਰੋ.ਵਰਿੰਦਰ ਕੁਮਾਰ ਕੌਸ਼ਿਕ ਨੇ ਇਸ ਮੌਕੇ ਵਿਦਿਆਰਥੀਆਂ ਨੂੰ ਵਾਤਾਵਰਣ ਪ੍ਰਤੀ ਸੁਚੇਤ ਕਰਦੇ ਹੋਏ ਕਿਹਾ ਕਿ ਜੇਕਰ ਰੁੱਖ ਹਨ ਤਾਂ ਹੀ ਧਰਤੀ ਉਪਰ ਜੀਵਨ ਸੰਭਵ ਹੈ ਉਨ੍ਹਾਂ ਕਿਹਾ ਕਿ ਵਾਤਾਵਰਣ ਨੂੰ ਸਾਫ ਸੁਥਰਾ ਰੱਖਣਾ ਹਰ ਇੱਕ ਮਨੁੱਖ ਦਾ ਨੈਤਿਕ ਫ਼ਰਜ਼ ਹੈ

ਇੰਮਪਰੂਵਮੈਂਟ ਟਰਸੱਟ ਨਾਭਾ ਦੇ ਚੇਅਰਮੈਨ ਸ਼੍ਰੀ ਸੁਰਿੰਦਰ ਪਾਲ ਸ਼ਰਮਾ ਨੇ ਵਿਦਿਆਰਥੀਆਂ ਨੂੰ ਰੁੱਖ ਲਗਾਉਣ ਲਈ ਪ੍ਰੇਰਿਤ ਕਰਦਿਆਂ @ਹੋਵੇ ਚਾਰੇ ਪਾਸੇ ਹਰਿਆਲੀ, ਵਾਤਾਵਰਣ ਲਈ ਇਹੀ ਖੁਸ਼ਹਾਲੀ@ ਨਾਅਰੇ ਦੀ ਵਰਤੋਂ ਕੀਤੀ ਇਸ ਮੌਕੇ ਪ੍ਰੋ. ਭੀਮਇੰਦਰ, ਸ੍ਰੀ ਯਾਦਵਿੰਦਰ ਸ਼ਰਮਾ ਅਤੇ ਯੁਵਕ ਭਲਾਈ ਵਿਭਾਗ ਤੋਂ ਡਾ. ਹਰਿੰਦਰ ਹੁੰਦਲ, ਡਾ. ਡੈਨੀ ਸ਼ਰਮਾ, ਸ਼੍ਰੀਮਤੀ ਸ਼ਮਸੇ?ਰ ਕੌਰ, ਸ਼੍ਰੀਮਤੀ ਰਮਨਜੀਤ ਕੌਰ, ਸ਼੍ਰੀ ਪਰਦੀਪ ਸਿੰਘ, ਸ਼੍ਰੀ ਗੁਰਦੇਵ ਸਿੰਘ ਅਤੇ ਸ਼੍ਰੀ ਜਤਿੰਦਰ ਕੁਮਾਰ ਵੀ ਮੌਜੂਦ ਰਹੇ

ਮੱ

ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਵੱਲੋਂ ਮਾਨਸੂਨ ਸੀਜ਼ਨ ਦੌਰਾਨ ਆਉਣ ਵਾਲੀਆਂ ਸਮੱਸਿਆਵਾਂ ਨੂੰ ਨਜਿੱਠਣ ਲਈ ਅਧਿਕਾਰੀਆਂ ਨਾਲ ਵੀਡੀਓ ਕਾਨਫਰੰਸ ਰਾਹੀਂ ਮੀਟਿੰਗ

ਬਰਸਾਤ ਦੇ ਮੌਸਮ ਵਿੱਚ ਪਾਣੀ ਦੀ ਨਿਕਾਸੀ ਅਤੇ ਬੁਨਿਆਦੀ ਸਹੂਲਤਾਂ ਦਾ ਧਿਆਨ ਰੱਖਣ ਲਈ ਅਧਿਕਾਰੀਆਂ ਨੂੰ ਨਿਰਦੇਸ਼

ਚੰਡੀਗੜ੍ਹ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰ ਨਾਗਰਿਕ ਨੂੰ ਵੱਧ ਤੋਂ ਵੱਧ ਸਹੂਲਤਾਂ ਦੇਣ ਅਤੇ ਇਥੋਂ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ ਇਸੇ ਮੰਤਵ ਨੂੰ ਪੂਰਾ ਕਰਨ ਲਈ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਨੇ ਸੂਬੇ ਵਿਚ ਬਰਸਾਤੀ ਪਾਣੀ ਦੀ ਮੁਕੰਮਲ ਨਿਕਾਸੀ, ਨਾਲੀਆਂ ਦੀ ਸਾਫ ਸਫਾਈ ਅਤੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਹੋਰ ਬੁਨਿਆਦੀ ਸਹੂਲਤਾਂ ਨੂੰ ਯਕੀਨੀ ਬਣਾਉਣ ਲਈ ਮਿਉਨਿਸਪਲ ਕਮਿਸ਼ਨਰਾਂ, ਵਧੀਕ ਡਿਪਟੀ ਕਮਿਸ਼ਨਰਾਂ, ਕਮੇਟੀਆਂ ਦੇ ਕਾਰਜ ਸਾਧਕ ਅਫਸਰਾਂ ਅਤੇ ਹੋਰ ਅਧਿਕਾਰੀ ਨਾਲ ਸੋਮਵਾਰ ਨੂੰ ਚੰਡੀਗੜ੍ਹ ਤੋਂ ਵੀਡੀਓ ਕਾਨਫਰੰਸ ਰਾਹੀਂ ਮੀਟਿੰਗ ਕੀਤੀ ਮੀਟਿੰਗ ਦੌਰਾਨ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਨੇ ਆਉਣ ਵਾਲੇ ਮਾਨਸੂਨ ਦੇ ਅਗਾਊਂ ਪ੍ਰਬੰਧਾਂ ਅਤੇ ਬਰਸਾਤ ਦੇ ਮੌਸਮ ਵਿੱਚ ਲੋਕਾਂ ਨੂੰ ਹੋਣ ਵਾਲੀ ਮੁਸ਼ਕਲਾਂ ਨਾਲ ਨਜਿੱਠਣ ਲਈ ਵਿਭਾਗੀ ਤਿਆਰੀਆਂ ਸਬੰਧੀ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਅਤੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜਾ ਲਿਆ

ਮੀਟਿੰਗ ਦੌਰਾਨ ਮੰਤਰੀ ਨੇ ਕਿਹਾ ਕਿ ਸੀਵਰੇਜ ਸਫਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ ਉਨ੍ਹਾਂ ਕਿਹਾ ਕਿ ਜੇਕਰ ਕਿਤੇ ਵੀ ਸੀਵਰੇਜ਼ ਬਲਾਕ ਹੁੰਦਾ ਹੈ ਤਾਂ ਲੋੜੀਦਿਆਂ ਬਕਟ ਮਸ਼ੀਨਾਂ, ਜੈਟਿੰਗ ਮਸ਼ੀਨਾਂ ਅਤੇ ਜੈੱਟ ਸੈਕਿੰਗ ਮਸ਼ੀਨਾਂ ਅਤੇ ਲੋੜੀਂਦੀ ਮੈਨ ਪਾਵਰ ਦਾ ਪ੍ਰਬੰਧ ਕਰਕੇ ਰੱਖਿਆ ਜਾਵੇ ਉਨ੍ਹਾਂ ਕਿਹਾ ਕਿ ਪਾਣੀ ਦੀ ਨਿਕਾਸੀ ਲਈ ਪੰਪਸ ਅਤੇ ਜਨਰੇਟਰ ਸੈਟ ਦਾ ਪ੍ਰਬੰਧ ਰੱਖਣਾ ਵੀ ਯਕੀਨੀ ਬਣਾਇਆ ਜਾਵੇ

ਉਨ੍ਹਾਂ ਕਿਹਾ ਕਿ ਬਰਸਾਤੀ ਮੌਸਮ ਦੌਰਾਨ ਮੱਛਰ ਅਤੇ ਮੱਖੀ ਦੀ ਰੋਕਥਾਮ ਲਈ ਦਵਾਇਆਂ ਦਾ ਪ੍ਰਬੰਧ ਕੀਤਾ ਜਾਵੇ ਅਤੇ ਲੋਕਾਂ ਨੂੰ ਸਾਫ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਇਆ ਜਾਵੇ ਉਨ੍ਹਾਂ ਕਿਹਾ ਕਿ ਸਾਰੇ ਮੇਨ ਹੋਲਜ਼ ਚੰਗੀ ਤਰ੍ਹਾਂ ਕਵਰ ਹੋਣ ਤਾਂ ਜੋ ਅਣਹੋਣੀ ਘਟਨਾ ਤੋਂ ਬਚਿਆ ਜਾ ਸਕੇ

ਮੰਤਰੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜੇਕਰ ਕਿਸੇ ਏਰੀਏ ਵਿੱਚ ਹੜ੍ਹ ਵਰਗੀ ਸਥਿਤੀ ਬਣਦੀ ਹੈ ਤਾਂ ਉਥੇ ਦੇ ਲੋਕਾਂ ਨੂੰ ਸੇਫ ਬਿਲਡਿੰਗਾਂ ਵਿੱਚ ਸ਼ਿਫਟ ਕਰਨ ਲਈ ਹੋਰ ਬਿਲਡਿੰਗਾਂ ਦੀ ਅਗਾਊਂ ਪਛਾਣ ਕਰ ਲਈ ਜਾਵੇ ਉਨ੍ਹਾਂ ਕਿਹਾ ਕਿ ਕੱਚੇ ਘਰ ਜਿਨ੍ਹਾਂ ਦੇ ਬਰਸਾਤੀ ਮੌਸਮ ਵਿੱਚ ਢਹਿਣ ਦੀ ਸੰਭਾਵਨਾ ਹੈ ਉੱਥੇ ਰਹਿੰਦੇ ਲੋਕਾਂ ਨੂੰ ਪਹਿਲਾਂ ਹੀ ਸੂਚਿਤ ਕੀਤਾ ਜਾਵੇ ਅਤੇ ਉਨ੍ਹਾਂ ਦੀ ਸੁਰੱਖਿਆ ਲਈ ਯੋਗ ਪ੍ਰਬੰਧ ਕੀਤੇ ਜਾਣ ਉਨ੍ਹਾ ਕਿਹਾ ਕਿ ਬਰਸਾਤ ਦੇ ਮੌਸਮ ਵਿਚ ਬਰਸਾਤੀ ਪਾਣੀ ਦੀ ਮੁਕੰਮਲ ਨਿਕਾਸੀ ਨੂੰ ਯਕੀਨੀ ਬਣਾਇਆ ਜਾਵੇ ਮੰਤਰੀ ਨੇ ਕਿਹਾ ਕਿ ਬਰਸਾਤੀ ਮੌਸਮ ਦੌਰਾਨ ਸਮੇਂ-ਸਮੇਂ ਤੇ ਫੋਗਿੰਗ ਵੀ ਕਰਵਾਈ ਜਾਵੇ ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਮੀਂਹ ਕਾਰਨ ਪੈਦਾ ਹੋਣ ਵਾਲੀਆਂ ਚੁਣੌਤੀਆਂ ਨਾਲ ਨੱਜਿਠਣ ਲਈ ਤੇਜ਼ੀ ਨਾਲ ਕੰਮ ਕਰਨ ਨੂੰ ਯਕੀਨੀ ਬਣਾਇਆ ਜਾਵੇ

ਇਸ ਮੌਕੇ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਨੇ ਅਧਿਕਾਰੀਆਂ ਨੂੰ ਸਖਤ ਨਿਰਦੇਸ਼ ਦਿੱਤੇ ਕਿ ਕੰਮ ਵਿੱਚ ਕੁਤਾਹੀ ਕਰਨ ਵਾਲੇ ਅਧਿਕਾਰੀਆਂ ਵਿਰੁੱਧ ਅਨੁਸ਼ਾਸ਼ਨੀ ਕਾਰਵਾਈ ਕੀਤੀ ਜਾਵੇਗੀ ਉਹਨਾਂ ਕਿਹਾ ਕਿ ਲੋਕਾਂ ਦੀ ਜਾਨ ਮਾਲ ਦੀ ਸੁਰੱਖਿਆ ਕਰਨੀ ਭਗਵੰਤ ਮਾਨ ਸਰਕਾਰ ਦਾ ਮੁੱਖ ਉਦੇਸ਼ ਹੈ ਇਸ ਟੀਚੇ ਨੂੰ ਪੂਰਾ ਕਰਨ ਲਈ ਸਰਕਾਰ ਵਚਨਬੱਧ ਹੈ

ਬਿਮਾਰੀ ਤੋਂ ਘਬਰਾਉਣ ਦੀ ਲੋੜ ਨਹੀਂ ਬਲਕਿ ਇਹਤਿਆਤ ਵਰਤਣ ਦੀ ਜਰੂਰਤ :ਸਿਵਲ ਸਰਜਨ

ਪਟਿਆਲਾ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਸਿਵਲ ਸਰਜਨ ਡਾ. ਸੰਜੇ ਗੋਇਲ ਡਾਇਰੀਆਂ ਪ੍ਰਭਾਵਤ ਏਰੀਏ ਦਾ ਨਿਰੀਖਣ ਕਰਦੇ ਹੋਏ ਨਾਲ ਜਿਲ੍ਹਾ ਐਪੀਡੋਮੋਲੋਜਿਸਟ (ਆਈ.ਡੀ.ਐਸ.ਪੀ) ਡਾ. ਦਿਵਜੋਤ ਸਿੰਘ

ਸਿਹਤ ਮੰਤਰੀ ਪੰਜਾਬ ਡਾ ਬਲਬੀਰ ਸਿੰਘ ਜੀ ਦੇ ਆਦੇਸ਼ਾਂ ਅਨੁਸਾਰ ਅੱਜ ਸਿਵਲ ਸਰਜਨ ਡਾ. ਸੰਜੇ ਗੋਇਲ ਵਲੋ ਪਾਤੜਾਂ ਸ਼ਹਿਰ ਦੇ ਵਾਰਡ ਨੰਬਰ 15 ਦੀ ਸੁੰਦਰ ਬਸਤੀ ਨੇੜੇ ਸਿਵ ਮੰਦਿਰ ਵਿਖੇ ਫੇਲੇ ਡਾਇਰੀਆ ਦੀ ਸਥਿਤੀ ਬਾਰੇ ਜਾਇਜਾ ਲੈਣ ਲਈ ਦੌਰਾ ਕੀਤਾ ਗਿਆ ਇਸ ਮੋਕੇ ਉਹਨਾਂ ਨਾਲ ਜਿਲ੍ਹਾ ਐਪੀਡੋਮੋਲੋਜਿਸਟ (ਆਈ.ਡੀ.ਐਸ.ਪੀ) ਡਾ. ਦਿਵਜੋਤ ਵੀ ਸਨ ਸਿਵਲ ਸਰਜਨ ਡਾ. ਸੰਜੇ ਗੋਇਲ ਨੇ ਦੱਸਿਆ ਕਿ ਅੱਜ ਦੇ ਘਰ ਘਰ ਸਰਵੇ ਦੌਰਾਨ ਡਾਇਰੀਆ ਪ੍ਰਭਾਵਤ ਇਲਾਕੇ ਵਿਚ ਲੋਕਾਂ ਨੂੰ 150 ਓ.ਆਰ.ਐਸ. ਪੈਕਟਾ ਦੀ ਵੰਡ ਕਰਨ ਦੇ ਨਾਲ ਹੀ ਪੀਣ ਵਾਲੇ ਪਾਣੀ ਨੂੰ ਸ਼ੁੱਧ ਕਰਕੇ ਪੀਣ ਯੋਗ ਬਣਾਉਣ ਲਈ 1250 ਕਲੋਰੀਨ ਗੋਲੀਆ ਦੀ ਵੰਡ ਵੀ ਕੀਤੀ ਗਈ

ਪਾਤੜਾ ਦੇ ਵੱਖ ਵੱਖ ਹਸਪਤਾਲਾਂ ਵਿੱਚ 11 ਨਵੇ ਮਰੀਜ਼ ਆਏ ਹਨ,ਜਿਸ ਨਾਲ ਹੁਣ ਤੱਕ ਕੁੱਲ ਡਾਇਰੀਆ ਪ੍ਰਭਾਵਤ ਮਰੀਜ਼ਾਂ ਦੀ ਗਿਣਤੀ 32 ਹੋ ਗਈ ਹੈ

ਉਹਨਾਂ ਦੱਸਿਆ ਕਿ ਇਲਾਕੇ ਵਿਚੋ 6 ਪਾਣੀ ਦੇ ਸੈਂਪਲ ਲਏ ਗਏ ਹਨ,ਜਿਹਨਾਂ ਨੂੰ ਜਾਂਚ ਲਈ ਖਰੜ ਲੈਬ ਵਿਚ ਭੇਜਿਆ ਜਾ ਰਿਹਾ ਹੈ ਡਾਇਰੀਆਂ ਪੀੜਤ 6 ਮਰੀਜਾਂ ਦੇ ਟੱਟੀਆਂ ਦੇ ਸੈਂਪਲ ਲੈ ਕੇ ਜਾਂਚ ਲਈ ਭੇਜੇ ਹਨ ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਬਿਮਾਰੀ ਤੋਂ ਘਬਰਾਉਣ ਦੀ ਲੋੜ ਨਹੀ ਬਲਕਿ ਇਹਤਿਆਤ ਵਰਤਣ ਦੀ ਜਰੂਰਤ ਹੈ ਉਹਨਾਂ ਕਿਹਾ ਕਿ ਕਿਸੇ ਕਿਸਮ ਦਾ ਬੁਖਾਰ ਜਾਂ ਉੱਲਟੀਆ ਟੱਟੀਆਂ ਦੀ ਸ਼ਿਕਾਇਤ ਹੋਣ ਤੋਂ ਤੁਰੰਤ ਸਰਕਾਰੀ ਹਸਪਤਾਲ ਵਿੱਚ ਪੰਹੁਚ ਕੇ ਦਵਾਈ ਲੈਣੀ ਯਕੀਨੀ ਬਣਾਈ ਜਾਵੇ

ਸਿਵਲ ਸਰਜਨ ਨੇ ਕਿਹਾ ਕਿ ਸਿਹਤ ਵਿਭਾਗ ਦੀਆਂ ਚਾਰ ਮੈਡੀਕਲ ਟੀਮਾਂ ਜਿਹਨਾਂ ਵਿੱਚ ਮੇਲ , ਫੀਮੇਲ ਮਲਟੀਪਰਪਜ਼ ਹੈਲਥ ਵਰਕਰ ਅਤੇ ਆਸ਼ਾ ਵਰਕਰ ਸ਼ਾਮਲ ਹਨ, ਜਿਹਨਾਂ ਵੱਲੋ ਘਰ ਘਰ ਜਾ ਕੇ ਸਰਵੇ ਕਰਕੇ ਲੋਕਾਂ ਬਿਮਾਰੀ ਤੋਂ ਬਚਾਅ ਲਈ ਸਾਫ ਸਫਾਈ ਦਾ ਖਾਸ ਧਿਆਨ ਰੱਖਣ, ਹੱਥਾਂ ਨੂੰ ਵਾਰ ਵਾਰ ਧੋਣ, ਪਾਣੀ ਉਬਾਲ ਕੇ ਠੰਡਾ ਕਰਕੇ ਪੀਣ, ਖਾਣ ਪੀਣ ਵਾਲੀਆਂ ਚੀਜਾਂ ਨੂੰ ਢੱਕ ਕੇ ਰੱਖਣ ਸਬੰਧੀ ਜਾਗਰੂਕ ਕਰਨ ਦੇ ਨਾਲ ਨਾਲ ਟੱਟੀਆਂ, ਉੱਲਟੀਆਂ ਅਤੇ ਬੁਖਾਰ ਵਾਲੇ ਕੇਸਾਂ ਦੀ ਸ਼ਿਕਾਇਤ ਵਾਲੇ ਮਰੀਜਾਂ ਨੂੰ ਤੁਰੰਤ ਸਰਕਾਰੀ ਹਸਪਤਾਲ ਵਿੱਚ ਜਾ ਕੇ ਆਪਣੀ ਸਿਹਤ ਦੀ ਜਾਂਚ ਕਰਵਾਉਣ ਲਈ ਕਿਹਾ ਗਿਆ ਇਸ ਮੋਕੇ ਸੀਨੀਅਰ ਮੈਡੀਕਲ ਅਫਸਰ ਡਾ ਲਵਕੇਸ਼ ਕੁਮਾਰ ਵੀ ਨਾਲ ਸਨ

ਫ਼ਾਜ਼ਿਲਕਾ ਸਿਵਿਲ ਹਸਪਤਾਲ ਵਿੱਖੇ ਸ਼ੁਰੂ ਹੋਵੇਗਾ ਡੇਲੀ ਸੀਸ, ਬਲੱਡ ਬੈਂਕ ਅਤੇ ਬੱਚਿਆਂ ਲਈ ਏਸ ਐਨ ਸੀ ਯੂ ਯੂਨਿਟ : ਡਾਕਟਰ ਅਨਿਲ ਗੋਇਲ



ਫਾਜ਼ਿਲਕਾ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਡਾਇਰੈਕਟਰ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਡਾ ਅਨਿਲ ਗੋਇਲ ਨੇ ਅੱਜ ਸਿਵਲ ਹਸਪਤਾਲ ਫਾਜਿਲਕਾ ਦਾ ਦੌਰਾ ਕੀਤਾ ਇਸ ਦੋਰਾਨ ਉਹਨਾਂ ਨੇ ਕਿਹਾ ਕਿ ਸਰਕਰ ਵਲੋ ਫ਼ਾਜ਼ਿਲਕਾ ਸਿਵਿਲ ਹਸਪਤਾਲ ਵਿੱਚ ਮਰੀਜਾਂ ਨੂੰ ਹੋਰ ਬਿਹਤਰ ਸਿਹਤ ਸੇਵਾਵਾ ਮਿਲਣ ਜਾ ਰਾਹੀਆ ਹਨ ਜਿਸ ਵਿੱਚ ਡੇਲ ਸੀਸ ਯੂਨਿਟ, ਬਲੱਡ ਬੈਂਕ ਅਤੇ ਬੱਚਿਆਂ ਲਈ ਏਸ ਐਨ ਸੀ ਯੂ ਯੂਨਿਟ ਸ਼ੁਰੂ ਕੀਤੇ ਜਾਣਗੇ ਤਾਂਕਿ ਲੋਕਾਂ ਨੂੰ ਵੱਧ ਤੋ ਵੱਧ ਸਿਹਤ ਸੁਵਿਧਾਵਾਂ ਮਿਲ ਸਕੇ. ਇਸ ਸਮੇਂ ਉਹਨਾਂ ਦੇ ਨਾਲ ਡਾ ਚੰਦਰ ਸ਼ੇਖਰ ਕੱਕੜ ਸਿਵਲ ਸਰਜਨ ਫਾਜਿਲਕਾ, ਡਾ ਕਵਿਤਾ ਸਿੰਘ ਜਿਲ੍ਹਾ ਪਰਿਵਾਰ ਭਲਾਈ ਅਫ਼ਸਰ ਅਤੇ ਡਾ ਰੋਹਿਤ ਗੋਇਲ ਸੀਨੀਅਰ ਮੈਡੀਕਲ ਅਫ਼ਸਰ ਮੌਜੂਦ ਸਨ ਇਸ ਸਮੇਂ ਉਹਨਾਂ ਓ.ਪੀ.ਡੀ., ਜਨਰਲ ਅਤੇ ਆਈ.ਡੀ.ਐਸ.ਪੀ. ਲੈਬ, ਫਾਰਮੇਸੀ, ਐਮਰਜੈਂਸੀ, ਜਨਰਲ ਵਾਰਡ, ਟੀ.ਬੀ. ਵਿੰਗ, ਆਯੂਸ਼ਮਾਨ ਵਿੰਗ, ਕਰਸ਼ਨਾ ਲੈਬ, ਟੀਕਾਕਰਣ ਕੇਂਦਰ, ਐਨ.ਵੀ.ਬੀ.ਡੀ.ਸੀ.ਪੀ. ਬ੍ਰਾਂਚ, ਐਕਸ-ਰੇ, ਈ.ਸੀ.ਜੀ., ਅਲਟਰਾ ਸਾਊਂਡ ਅਤੇ ਸੀ.ਟੀ.ਸਕੈਨ ਸੈਂਟਰ ਦਾ ਦੌਰਾ ਕੀਤਾ ਉਹਨਾਂ ਵਾਰਡਾਂ ਵਿੱਚ ਦਾਖਿਲ ਮਰੀਜਾਂ ਦਾ ਹਾਲ ਚਾਲ ਪੁੱਛਿਆ ਅਤੇ ਮਰੀਜਾਂ ਤੋਂ ਹਸਪਤਾਲ ਵਿੱਚ ਮਿਲਦੀਆਂ ਸਹੂਲਤਾਂ ਬਾਰੇ ਗੱਲਬਾਤ ਕੀਤੀ ਉਹਨਾਂ ਹਸਪਤਾਲ ਦੀ ਸਾਫ਼ ਸਫ਼ਾਈ ਅਤੇ ਪ੍ਰਬੰਧਾ ਤੋਂ ਸੰਤੁਸ਼ਟੀ ਪ੍ਰਗਟਾਈ ਅਤੇ ਕਿਹਾ ਕਿ ਫ਼ਾਜ਼ਿਲਕਾ ਸਿਵਿਲ ਹਸਪਤਾਲ ਵਿੱਚ ਰੋਜ ਦੀ ਓ ਪੀ ਡੀ ਕਾਫੀ ਹੈ ਅਤੇ ਮਰੀਜਾਂ ਨੂੰ ਮੁਫਤ ਦਵਾਈਆ ਮਿਲ ਰਹੀ ਹੈ ਅਤੇ ਟੈਸਟ ਅਤੇ ਐਕਸ ਰੇ ਦਾ ਲਾਭ ਵੀ ਮਰੀਜਾਂ ਨੂੰ ਮਿਲ ਰਿਹਾ ਹੈ. ਉਹਨਾਂ ਸਿਵਲ ਹਸਪਤਾਲ ਵਿੱਚ ਸੀਨੀਅਰ ਮੈਡੀਕਲ ਅਫ਼ਸਰਾ ਅਤੇ ਸਟਾਫ਼ ਦੀ ਮੀਟਿੰਗ ਕੀਤੀ ਉਹਨਾਂ ਮੀਟਿੰਗ ਦੌਰਾਨ ਸਿਹਤ ਅਮਲੇ ਨੂੰ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ ਲਈ ਕਿਹਾ ਅਤੇ ਮਰੀਜਾਂ ਨਾਲ ਨਰਮੀ ਵਾਲਾ ਵਤੀਰਾ ਅਪਣਾਉਣ ਲਈ ਹਿਦਾਇਤਾਂ ਕਰਦੇ ਹੋਏ ਕਿਹਾ ਕਿ ਹਰ ਕਰਮਚਾਰੀ ਦੀ ਕੋਸ਼ਿਸ਼ ਹੋਵੇ ਕਿ ਸਰਕਾਰੀ ਸਕੀਮ ਦਾ ਲਾਭ ਹਰ ਮਰੀਜ ਨੂੰ ਮਿਲ ਸਕੇ. ਉਹਨਾਂ ਕਿਹਾ ਕਿ ਸਿਹਤ ਸੇਵਾਵਾਂ ਅਤੇ ਸਕੀਮਾਂ ਦਾ ਲੋਕਾਂ ਨੂੰ ਵੱਧ ਤੋਂ ਵੱਧ ਫਾਇਦਾ ਪਹੁੰਚਾਇਆ ਜਾਵੇ ਇਸ ਦੌਰੇ ਤੋ ਬਾਅਦ ਉਹਨਾ ਸਿਵਲ ਸਰਜਨ ਦਫ਼ਤਰ ਵਿਖੇ ਮੀਟਿੰਗ ਕੀਤੀ ਉਹਨਾਂ ਸਿਹਤ ਪ੍ਰੋਗ੍ਰਾਮਾਂ ਦੀ ਸਮੀਖਿਆ ਕੀਤੀ ਉਹਨਾਂ ਸਿਵਲ ਹਸਪਤਾਲ ਵਿਖੇ ਬਣ ਰਹੇ ਕੈਂਸਰ ਹਸਪਤਾਲ ਦਾ ਵੀ ਦੌਰਾ ਕੀਤਾ ਇਸ ਸਮੇਂ ਡਾ ਜੋਤੀ ਕਪੂਰ, ਡਾ ਐਰਿਕ, ਸ੍ਰੀਮਤੀ ਸੁਨੀਤਾ ਮੈਟਰਨ ਹਾਜ਼ਰ ਸਨ

ਵੈਲਫੇਅਰ ਸੁਸਾਇਟੀਆਂ ਨੂੰ ਉਤਸ਼ਾਹਿਤ ਕਰਨ 'ਚ ਪੰਜਾਬ ਸਰਕਾਰ ਨਹੀਂ ਛੱਡ ਰਹੀ ਕੋਈ ਕਮੀ : ਬ੍ਰਮ ਸ਼ੰਕਰ ਜਿੰਪਾ

ਹੁਸ਼ਿਆਰਪੁਰ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਨਿਊ ਗੌਤਮ ਨਗਰ ਵੈਲਫੇਅਰ ਸੁਸਾਇਟੀ ਗਲੀ ਨੰਬਰ 1 ਨੂੰ ਵਿਕਾਸ ਕਾਰਜ ਲਈ ਇਕ ਲੱਖ ਰੁਪਏ ਦਾ ਚੈੱਕ ਸੌਂਪਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਵੈਲਫੇਅਰ ਸੁਸਾਇਟੀਆਂ ਨੂੰ ਉਤਸ਼ਾਹਿਤ ਕਰਨ ਵਿਚ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ ਉਨ੍ਹਾਂ ਕਿਹਾ ਕਿ ਵੈਲਫੇਅਰ ਸੁਸਾਇਟੀਆਂ ਇਲਾਕੇ ਦੇ ਵਿਕਾਸ ਅਤੇ ਉਨ੍ਹਾਂ ਦੀ ਦੇਖਭਾਲ ਵਿਚ ਅਹਿਮ ਭੂਮਿਕਾ ਅਦਾ ਕਰ ਰਹੀ ਹੈ ਅਤੇ ਨਿਊ ਗੌਤਮ ਨਗਰ ਵੈਲਫੇਅਰ ਸੁਸਾਇਟੀ ਨੇ ਹਮੇਸ਼ਾ ਹੀ ਸਮਾਜ ਸੇਵੀ ਕੰਮਾਂ ਵਿਚ ਵਧ-ਚੜ੍ਹ ਕੇ ਹਿੱਸਾ ਲਿਆ ਹੈ ਇਸ ਦੌਰਾਨ ਉਨ੍ਹਾਂ ਨਾਲ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ ਵੀ ਮੌਜੂਦ ਸਨ

ਕੈਬਨਿਟ ਮੰਤਰੀ ਨੇ ਵਿਸ਼ਵਾਸ ਦਿਵਾਇਆ ਕਿ ਸੁਸਾਇਟੀ ਵੱਲੋਂ ਉਨ੍ਹਾਂ ਦੇ ਸਾਹਮਣੇ ਜੋ ਵੀ ਮੰਗ ਰੱਖੀ ਜਾਵੇਗੀ, ਉਸ ਨੂੰ ਪੂਰਾ ਕੀਤਾ ਜਾਵੇਗਾ ਅਤੇ ਇਲਾਕੇ ਦੇ ਵਿਕਾਸ ਵਿਚ ਕਿਸੇ ਤਰ੍ਹਾਂ ਦੀ ਕੋਈ ਕਮੀ ਨਹੀਂ ਛੱਡੀ ਜਾਵੇਗੀ ਉਨ੍ਹਾਂ ਕਿਹਾ ਕਿ ਕੁਝ ਮੰਗਾਂ ਸੁਸਾਇਟੀ ਨੇ ਉਨ੍ਹਾਂ ਸਾਹਮਣੇ ਰੱਖੀਆਂ ਹਨ, ਜਿਨ੍ਹਾਂ ਨੂੰ ਜਲਦ ਪੂਰਾ ਕਰ ਦਿੱਤਾ ਜਾਵੇਗਾ ਉਨ੍ਹਾਂ ਇਲਾਕੇ ਦੇ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਵੀ ਪ੍ਰੇਰਿਤ ਕੀਤਾ ਇਸ ਮੌਕੇ ਕੌਂਸਲਰ ਵਿਜੇ ਅਗਰਵਾਲ, ਨਿਊ ਗੌਤਮ ਨਗਰ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਜੈਤਿੰਦਰ ਓਹਰੀ, ਕੌਂਸ਼ਲ ਖੁੱਲਰ, ਰਮਨ ਮਲਹੋਤਰਾ, ਪਵਨ ਪਸਾਨ, ਵਿਸ਼ਨੂੰ ਸੂਦ, ਓਂਕਾਰ ਸਿੰਘ, ਜਸਵੰਤ ਸਿੰਘ, ਅਮਿਤ ਸ਼ਰਮਾ, ਸੁਨੰਦਨ ਸ਼ਰਮਾ, ਸ਼ਗੁਨ ਮੁਰਗਈ, ਰਾਕੇਸ਼ ਸੂਦ, ਸੁਮੇਸ਼ ਸੈਣੀ, ਵਰਿੰਦਰ ਵੈਦ ਵੀ ਮੌਜੂਦ ਸਨ

ਕੇਂਦਰੀ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਡਾ.ਅਜੈ ਗੁਪਤਾ ਨੇ ਸੜਕ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ

ਅੰਮ੍ਰਿਤਸਰ, 19 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਕੇਂਦਰੀ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਡਾ: ਅਜੈ ਗੁਪਤਾ ਨੇ ਇਸਲਾਮਾਬਾਦ ਖੇਤਰ ਵਿੱਚ ਸੜਕਾਂ ਬਣਾਉਣ ਦੇ ਕੰਮ ਦਾ ਉਦਘਾਟਨ ਕਰਦਿਆਂ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਟੁੱਟੀਆਂ ਸੜਕਾਂ ਬਣਾਉਣ ਦਾ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ ਉਨ੍ਹਾਂ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਦੀਆਂ ਸਾਰੀਆਂ ਟੁੱਟੀਆਂ ਸੜਕਾਂ ਨੂੰ ਆਉਣ ਵਾਲੇ ਤਿੰਨ ਮਹੀਨਿਆਂ ਵਿੱਚ ਬਣਾ ਦਿੱਤਾ ਜਾਵੇਗਾ ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਕੇਂਦਰੀ ਵਿਧਾਨ ਸਭਾ ਹਲਕੇ ਦੀਆਂ ਟੁੱਟੀਆਂ ਗਲੀਆਂ ਨੂੰ ਵੀ ਕੰਕਰੀਟ ਦਾ ਬਣਾਇਆ ਜਾ ਰਿਹਾ ਹੈ

ਮੌਕੇ 'ਤੇ ਇਸ ਇਲਾਕੇ ਵਿੱਚ ਟੁੱਟੀਆਂ ਇਮਾਰਤਾਂ ਦਾ ਮਲਬਾ ਮਿਲਿਆ, ਜਿਸ 'ਤੇ ਵਿਧਾਇਕ ਡਾ: ਗੁਪਤਾ ਨੇ ਨਿਗਮ ਅਧਿਕਾਰੀਆਂ ਨੂੰ ਕਿਹਾ ਕਿ ਇਸ ਮਲਬੇ ਨੂੰ ਤੁਰੰਤ ਪ੍ਰਭਾਵ ਨਾਲ ਹਟਾ ਕੇ ਸੀ.ਐਂਡ.ਡੀ ਵੇਸਟ ਪਲਾ

ਜ਼ਰੂਰੀ ਹੈ ਦਿਲ ਦੀ ਹਿਫ਼ਾਜ਼ਤ

ਦਿਲ ਮੱਨੁਖੀ ਸਰੀਰ ਦਾ ਇੱਕ ਬਹੁਤ ਹੀ ਮਹੱਤਵ ਪੂਰਨ ਅੰਗ ਹੈ ਜੋ ਮੱਨੁਖੀ ਜੀਵਨ ਲਈ ਦਿਨ ਰਾਤ ਕੰਮ ਕਰਦਾ ਹੈ। ਦਿਲ ਦਾ ਕੰਮ ਪੂਰੇ ਸਰੀਰ ਵਿੱਚ ਖ਼ੂਨ ਦਾ ਸੰਚਾਲਨ ਕਰਨਾ ਅਤੇ ਟੁਟੇ-ਭੱਜੇ ਜਾਂ ਮੁਰਦਾ ਹੋ ਚੁੱਕੇ ਸੈੱਲਾਂ (ਤੰਤੂਆਂ) ਦੀ ਮੁਰੰਮਤ ਕਰ ਕੇ ਉਨ੍ਹਾਂ ਨੂੰ ਨਵੇਂ ਨਰੋਏ ਜਾਂ ਜ਼ਿੰਦਾ ਕਰਨਾ ਹੈ ਜਿਸ ਨਾਲ ਪੂਰੇ ਸਰੀਰ ਦੇ ਅੰਦਰੂਨੀ ਅੰਗਾਂ ਦਾ ਪਾਲਣ-ਪੋਸ਼ਣ ਹੁੰਦਾ ਹੈ ਜਿਸ ਤੋਂ ਬਿਨਾ ਜੀਣਾ ਸੰਭਵ ਨਹੀਂ ਹੈ।

ਖ਼ੂਨ ਦੀਆਂ ਨਾੜੀਆਂ ਦੇ ਅੰਦਰ ਚਰਬੀ (ਫੈਟ) ਦੇ ਜੰਮ ਜਾਣ ਨੂੰ ਹੀ ਕੌਲੇਸਟਰੌਲ ਕਿਹਾ ਜਾਂਦਾ ਹੈ ਜਿਸ ਕਾਰਨ ਨਾੜੀਆਂ ਦਾ ਰਸਤਾ ਤੰਗ ਹੋ ਜਾਣ ਦੇ ਕਾਰਨ ਖ਼ੂਨ ਦੇ ਵਹਾਅ ਵਿਚ ਰੁਕਾਵਟ ਆਉਣੀ ਸ਼ੁਰੂ ਹੋ ਜਾਂਦੀ ਹੈ ਅਤੇ ਦਿਲ ਵਿੱਚ ਖ਼ੂਨ ਦੀ ਮਾਤਰਾ ਘੱਟ ਪਹੁੰਚਦੀ ਹੈ, ਜਿਸ ਕਾਰਨ ਮਰੀਜ਼ ਨੂੰ ਚੱਲਣ ਵਿੱਚ ਤਕਤੀਫ਼ ਹੁੰਦੀ ਹੈ। ਛਾਤੀ 'ਚ ਭਾਰਪਨ ਅਤੇ ਥੋੜ੍ਹਾ ਜਿਹਾ ਵੀ ਚੱਲਣ ਨਾਲ ਸਾਹ ਚੜ੍ਹ ਜਾਂਦਾ ਹੈ, ਖ਼ੂਨ ਦਾ ਦਬਾਅ ਵੱਧ ਰਹਿਣ ਲੱਗ ਜਾਂਦਾ ਹੈ। ਕਈ ਵਾਰ ਛਾਤੀ ਵਿੱਚ ਬਹੁਤ ਤੇਜ਼ ਦਰਦ ਹੋਣ ਨਾਲ ਮਰੀਜ਼ ਪਸੀਨੇ ਨਾਲ ਭਿੱਜ ਜਾਂਦਾ ਹੈ। ਇਹ ਲੱਛਣ ਬਹੁਤ ਵਾਰੀ ਦਿਲ ਦੇ ਦੌਰੇ ਦਾ ਕਾਰਨ ਬਣਦੇ ਹਨ।

ਪਰ ਬੜੇ ਅਫਸੋਸ ਨਾਲ ਇਹ ਕਹਿਣਾ ਪੈ ਰਿਹਾ ਹੈ ਕਿ ਅੱਜਕੱਲ੍ਹ ਦਿਲ ਦੇ ਮਰੀਜ਼ਾਂ ਦੀ ਗਿਣਤੀ ਦਿਨ ਪਰ ਦਿਨ ਵੱਧਦੀ ਹੀ ਜਾ ਰਹੀ ਹੈ ਜੋਕਿ ਇਕ ਬਹੁਤ ਚਿੰਤਾ ਦਾ ਵਿਸ਼ਾ ਹੈ ਪਰ ਇਸ ਵਿਚ ਸੱਚਾਈ ਕਿੰਨੀ ਹੈ ਇਹ ਤਾਂ ਕੋਈ ਨਹੀਂ ਜਾਣਦਾ ਪਰ ਜਦੋਂ ਕਿਸੇ ਕਾਰਨ ਛਾਤੀ ਦੇ ਉਪਰਲੇ ਹਿੱਸੇ ਵਿਚ ਦਰਦ ਹੁੰਦਾ ਹੈ ਤਾਂ ਇਕਦਮ ਇਹ ਹੀ ਸਮਝ ਲਿਆ ਜਾਂਦਾ ਹੈ ਕੇ ਦਿਲ 'ਤੇ ਦਰਦ ਹੁੰਦਾ ਹੈ ਪਰ ਇਸ ਤਰ੍ਹਾਂ ਨਹੀ ਹੁੰਦਾ। ਕਈ ਵਾਰ ਕੋਈ ਨਾ ਕੋਈ ਇਹੋ ਜਿਹੀ ਸਖ਼ਤ ਖ਼ੁਰਾਕ ਖਾਧੀ ਜਾਂਦੀ ਹੈ ਜੋ ਚੰਗੀ ਤਰ੍ਹਾਂ ਹਜ਼ਮ ਨਹੀਂ ਹੁੰਦੀ ਅਤੇ ਪੇਟ ਦੀਆਂ ਅੰਤੜੀਆਂ ਵਿਚ ਰੁਕਾਵਟ ਜਾਂ ਗੰਢਾਂ ਦੇ ਰੂਪ ਵਿੱਚ ਗੁੱਡੇ ਜਿਹੇ ਬਣ ਜਾਂਦੇ ਹਨ ਜਿਸ ਕਾਰਨ ਕਬਜ਼ ਦੇ ਨਾਲ-ਨਾਲ ਪੇਟ ਵਿੱਚ ਗੈਸ ਬਣ ਜਾਂਦੀ ਹੈ ਜਿਸ ਦਾ ਦਬਾਅ ਹੇਠਾਂ ਵੱਲ ਹੋਣ ਦੀ ਬਜਾਏ ਉੱਪਰ ਛਾਤੀ ਵੱਲ ਹੋ ਜਾਂਦਾ ਹੈ ਅਤੇ ਬਹੁਤ ਤੇਜ਼ ਦਰਦ ਹੁੰਦੀ ਹੈ। ਇਸ ਤਰ੍ਹਾਂ ਲੱਗਦਾ ਹੈ ਜਿਵੇਂ ਛਾਤੀ ਫੱਟ ਜਾਏਗੀ। ਜਿੰਨੀ ਦੇਰ ਪੇਟ ਦੀ ਰੁਕਾਵਟ ਦੂਰ ਨਹੀਂ ਹੋਵੇਗੀ, ਵਾਰ-ਵਾਰ ਦਰਦ ਹੁੰਦੀ ਰਹੇਗੀ। ਜੇਕਰ ਇਸ ਦਾ ਸਹੀ ਇਲਾਜ ਹੋ ਜਾਵੇ ਤਾਂ ਮਰੀਜ਼ ਬਹੁਤ ਜਲਦੀ ਠੀਕ ਹੋ ਜਾਂਦਾ ਹੈ। ਛਾਤੀ ਵਿੱਚ ਦਰਦ ਹੋਣ ਦੇ ਹੋਰ ਵੀ ਕਈ ਕਾਰਨ ਹੋ ਸਕਦੇ ਹਨ।

ਪਰ ਕੁਝ ਲੋਕ ਛਾਤੀ ਦੇ ਦਰਦ ਨੂੰ ਦਿਲ ਦਾ ਦੌਰਾ ਸਮਝ ਲੈਂਦੇ ਹਨ ਅਤੇ ਡਾਕਟਰਾਂ ਦੀ ਲੁੱਟ ਦਾ ਸ਼ਿਕਾਰ ਬਣ ਜਾਂਦੇ ਹਨ ਕਿਉਂਕਿ ਅੱਜਕੱਲ੍ਹ ਦਿਲ ਦੀ ਬਾਈਪਾਸ ਸਰਜਰੀ ਅਤੇ ਖ਼ੂਨ ਦੀਆਂ ਬੰਦ ਨਾੜੀਆਂ ਨੂੰ ਖੋਲ੍ਹਣ ਲਈ ਸਟੰਟ ਪਾਉਣ ਦਾ ਆਮ ਰਿਵਾਜ਼ ਹੋ ਗਿਆ ਹੈ। ਕੁਝ ਲੋਕ ਲਾਲਚ-ਵੱਸ ਹੋ ਕੇ ਮਰੀਜ਼ ਦੇ ਮਨ ਵਿੱਚ ਡਰ ਪੈਦਾ ਕਰ ਦਿੰਦੇ ਹਨ ਕਿ ਦਿਲ ਦੀ ਸਰਜਰੀ ਜਾਂ ਸਟੰਟ ਪਾਉਣ ਤੋਂ ਬਿਨਾ ਕੋਈ ਹੋਰ ਚਾਰਾ ਨਹੀ ਹੈ ਜਿਸ ਦਾ ਖ਼ਰਚਾ ਹਜ਼ਾਰਾਂ ਰੁਪਿਆਂ ਤੋਂ ਲੁੱਖਾਂ ਰੁਪਿਆਂ ਤਕ ਪਹੁੰਚ ਜਾਂਦਾ ਹੈ ਜੋ ਕਿ ਹਰ ਇੱਕ ਮਰੀਜ਼ ਦੇ ਵੱਸ ਦੀ ਗੱਲ ਨਹੀ ਹੁੰਦੀ। ਇਹ ਕੋਈ ਸਥਾਈ ਹੱਲ ਵੀ ਨਹੀ ਹੈ।

ਪਰਹੇਜ਼ ਹੈ ਜ਼ਰੂਰੀ

ਜਦੋਂ ਸਾਨੂੰ ਇਹ ਪਤਾ ਲਗ ਜਾਵੇ ਕੇ ਸਾਡੇ ਖ਼ੂਨ ਵਿੱਚ ਚਰਬੀ ਜਾਂ ਕੌਲੇਸਟਰੌਲ ਦੀ ਮਾਤਰਾ ਵੱਧ ਰਹੀ ਹੈ ਤਾਂ ਸਾਨੂੰ ਫੈਟ ਵਾਲੀਆਂ ਚੀਜ਼ਾਂ ਤੋਂ ਪੂਰਾ-ਪੂਰਾ ਪਰਹੇਜ਼ ਕਰਨਾ ਚਾਹੀਦਾ ਹੈ। ਹਲਕੀ ਕਸਰਤ ਅਤੇ ਸਵੇਰ ਦੀ ਸੈਰ ਰੋਜ਼ਾਨਾ ਅੱਧੇ ਘੰਟੇ ਤੋਂ ਇੱਕ ਘੰਟੇ ਤਕ ਦੀ ਜ਼ਰੂਰੀ ਆਦਤ ਪਾਉਣੀ ਚਾਹੀਦੀ ਹੈ।

ਇਲਾਜ

ਸਭ ਤੋਂ ਜ਼ਰੂਰੀ ਹੈ ਕਿ ਜਦੋਂ ਸਾਨੂੰ ਇਹ ਪਤਾ ਲਗ ਜਾਵੇ ਕੇ ਸਾਡੇ ਖ਼ੂਨ ਵਿੱਚ ਚਰਬੀ ਜਾਂ ਕੌਲੇਸਟਰੌਲ ਦੀ ਮਾਤਰਾ ਵੱਧ ਰਹੀ ਹੈ ਤਾਂ ਸਾਨੂੰ ਫੈਟ ਵਾਲੀਆਂ ਚੀਜ਼ਾਂ ਤੋਂ ਪੂਰਾ-ਪੂਰਾ ਪਰਹੇਜ਼ ਕਰਨਾ ਚਾਹੀਦਾ ਹੈ। ਆਪਣੀ ਖ਼ੁਰਾਕ ਵਿੱਚ ਤਬਦੀਲੀ ਕਰਨੀ ਚਾਹੀਦੀ ਹੈ। ਦੁੱਧ ਤੋਂ ਬਣੀਆਂ ਅਤੇ ਤਲੀਆਂ ਹੋਈਆਂ ਚੀਜ਼ਾਂ ਤੋਂ ਸਦਾ ਹੀ ਪਾਸੇ ਰਹਿਣਾ ਚਾਹੀਦਾ ਹੈ। ਆਪਣੀ ਖ਼ੁਰਾਕ ਵਿੱਚ ਫਲ ਅਤੇ ਹਰੀਆਂ ਸਬਜ਼ੀਆਂ ਦੀ ਵੱਧ ਤੋਂ ਵੱਧ ਵਰਤੋਂ ਕਰਨੀ ਚਾਹੀਦੀ ਹੈ। ਸਾਨੂੰ ਹਲਕੀ ਕਸਰਤ ਅਤੇ ਸਵੇਰ ਦੀ ਸੈਰ ਰੋਜ਼ਾਨਾ ਅੱਧੇ ਘੰਟੇ ਤੋਂ ਇੱਕ ਘੰਟੇ ਤਕ ਦੀ ਜ਼ਰੂਰੀ ਆਦਤ ਪਾਉਣੀ ਚਾਹੀਦੀ ਹੈ। ਇਸ ਤੋਂ ਇਲਾਵਾ ਦਿਲ ਦੇ ਮਰੀਜ਼ਾਂ ਲਈ ਕੁਦਰਤੀ ਇਲਾਜ ਪ੍ਰਣਾਲੀ ਇਲੈਕਟ੍ਰੋ-ਹੋਮਿਓਪੈਥੀ ਵਿਧੀ ਰਾਮਬਾਣ ਦੀ ਤਰ੍ਹਾਂ ਸਾਬਿਤ ਹੋ ਰਹੀ ਹੈ। ਦਿਲ ਦੇ ਦੌਰੇ ਜਾਂ ਛਾਤੀ ਦੀ ਦਰਦ ਰੋਕਣ ਵਾਸਤੇ ਐੱਸ 10 ਨਾਂ ਦੀ ਦਵਾਈ 30 ਨੰਬਰ ਦੀਆਂ ਗੋਲੀਆਂ 15 ਤੋਂ 20 ਵਾਰ ਵਾਰ ਮੂੰਹ ਵਿੱਚ ਜੀਭ 'ਤੇ ਰੱਖ ਕੇ ਚੂਸਣ ਨਾਲ ਦਰਦ ਬਹੁਤ ਜਲਦੀ ਰੁਕ ਜਾਂਦੀ ਹੈ। ਇਲੈਕਟ੍ਰੋ-ਹੋਮਿਓਪੈਥੀ ਵਿੱਚ ਜੋ ਦਵਾਈਆਂ ਦਿੱਤੀਆਂ ਜਾਂਦੀਆਂ ਹਨ। ਉਹ ਖ਼ੂਨ ਦੀਆਂ ਤੰਗ ਨਾੜੀਆਂ ਨੂੰ ਖੋਲ੍ਹ ਕੇ ਖ਼ੂਨ ਦੀ ਸਪਲਾਈ ਵਿੱਚ ਵਾਧਾ ਕਰਦੀਆਂ ਹਨ ਅਤੇ ਨਾਲ ਨਾਲ ਉਨ੍ਹਾਂ ਵਿੱਚ ਜੰਮੀ ਹੋਈ ਚਰਬੀ (ਕੌਲੈਸਟਰੌਲ) ਨੂੰ ਵੀ ਘਟਾ ਕੇ ਖ਼ੂਨ ਦੀਆਂ ਨਾੜੀਆਂ ਨੂੰ ਅੰਦਰੋ ਸਾਫ਼ ਕਰ ਦਿੰਦੀਆਂ ਹਨ। ਇਲੈਕਟ੍ਰੋ-ਹੋਮਿਓਪੈਥੀ ਵਿਧੀ ਦੁਆਰਾ ਤਿਆਰ ਕੀਤੀਆਂ ਦਵਾਈਆਂ ਲੈਣ ਨਾਲ ਸਰੀਰ ਅੰਦਰ ਕਿਸੇ ਵੀ ਕਿਸਮ ਦਾ ਫਾਲਤੂ ਮਾਦਾ (ਵੇਸਟਸ) ਨਹੀਂ ਰਹਿਣ ਦਿੰਦੀਆਂ ਅਤੇ ਸਰੀਰ ਨੂੰ ਅੰਦਰੋਂ ਤੇ ਬਾਹਰੋਂ ਤੰਦਰੁਸਤ ਅਤੇ ਨਿਰੋਗ ਰੱਖਦੀਆਂ ਹਨ। ਜਿਸ ਨਾਲ ਮਰੀਜ਼ ਦਾ ਇਮਿਊਨ ਸਿਸਟਮ ਤੇ ਸਿਹਤ ਵੀ ਬਹੁਤ ਵਧੀਆ ਬਣੇ ਰਹਿੰਦੇ ਹਨ। ਇਸ ਤਰ੍ਹਾਂ ਮਰੀਜ਼ ਸਦਾ ਲਈ ਠੀਕ ਹੋ ਜਾਂਦਾ ਹੈ ਅਤੇ ਦਿਲ ਦੇ ਓਪਰੇਸ਼ਨ ਤੋਂ ਬਚਿਆ ਰਹਿੰਦਾ ਹੈ।

• ਡਾ. ਜਸਵੰਤ ਸਿੰਘ ਗਿੱਲ
98151-31444

ਪਲਾਸਟਿਕ ਦੀ ਵਰਤੋਂ ਗੰਭੀਰ ਰੋਗਾਂ ਨੂੰ ਸੱਦਾ

ਪਲਾਸਟਿਕ ਦੀ ਵਰਤੋਂ ਸਾਡੀ ਆਮ ਜ਼ਿੰਦਗੀ ਵਿਚ ਬਹੁਤ ਜ਼ਿਆਦਾ ਹੋ ਗਈ ਹੈ। ਜ਼ਾਹਰੀ ਤੌਰ 'ਤੇ ਸਾਨੂੰ ਲਗਦਾ ਹੈ ਕਿ ਪਲਾਸਟਿਕ ਬਾਕੀ ਧਾਤੂਆਂ ਨਾਲੋਂ ਜ਼ਿਆਦਾ ਆਕਰਸ਼ਕ ਅਤੇ ਕਿਫ਼ਾਇਤੀ ਹੈ ਪਰ ਇਸ ਤੋਂ ਹੋਣ ਵਾਲੇ ਨੁਕਸਾਨ ਤੋਂ ਅਸੀਂ ਬੇਖ਼ਬਰ ਹਾਂ। ਮਾਈਕ੍ਰੋਵੇਵ 'ਚ ਵਰਤੇ ਜਾਣ ਵਾਲੇ ਬਰਤਨਾਂ 'ਚ ਪਲਾਸਟਿਕ ਵਿਚ ਮੌਜੂਦ ਨੁਕਸਾਨਦੇਹ ਕੈਮੀਕਲ ਡਾਇਆਕਸਿਨ ਦਾ ਰਿਸਅ ਸ਼ੁਰੂ ਹੋ ਜਾਂਦਾ ਹੈ। ਇਹ ਡਾਇਆਕਸਿਨ ਪਾਣੀ ਵਿਚ ਘੁਲ਼ ਕੇ ਸਾਡੇ ਸਰੀਰ ਵਿਚ ਪੁੱਜਦਾ ਹੈ। ਡਾਇਆਕਸਿਨ ਸਾਡੇ ਸਰੀਰ ਵਿਚ ਮੌਜੂਦ ਕੋਸ਼ਿਸਕਾਵਾਂ 'ਤੇ ਮਾੜਾ ਪ੍ਰਭਾਵ ਪਾਉਂਦੇ ਹਨ। ਇਸ ਦਾ ਸਭ ਤੋਂ ਬੁਰਾ ਪ੍ਰਭਾਵ ਗਰਭਵਤੀ ਔਰਤਾਂ 'ਤੇ ਪੈਂਦਾ ਹੈ। ਇਸ ਲਈ ਗਰਭਅਵਸਥਾ ਦੌਰਾਨ ਪਲਾਸਟਿਕ ਦੀਆਂ ਬੋਤਲਾਂ ਵਿਚ ਪਾਣੀ ਪੀਣ ਜਾਂ ਖਾਣਾ ਖਾਣ ਤੋਂ ਮਨ੍ਹਾਂ ਕੀਤਾ ਜਾਂਦਾ ਹੈ।

ਬਿਸਫੇਨੋਲ-ਏ (ਬੀਪੀਏ)

ਪਲਾਸਟਿਕ ਖ਼ਤਰਨਾਕ ਰਸਾਇਣ ਯੂਰੀਨਰੀ ਬਿਸਫੇਨੋਲ-ਏ ਬੀਪੀਏ ਸਰੀਰ ਦੀਆਂ ਨਾੜੀਆਂ ਨੂੰ ਸੁੰਗੇੜ ਦਿੰਦੀ ਹੈ। ਇਸ ਕਾਰਨ ਦਿਲ ਦਾ ਦੌਰਾ ਪੈਣਾ, ਬਲਾਕੇਜ ਵਰਗੀਆਂ ਅਨੇਕਾਂ ਸਮੱਸਿਆਵਾਂ ਪੈਦਾ ਹੋ ਜਾਂਦੀਆਂ ਹਨ। ਇਹ ਵੀ ਸੁਝਾਅ ਦਿੱਤਾ ਜਾਂਦਾ ਕਿ ਸਿਰਫ਼ ਉਹੀ ਪਲਾਸਟਿਕ ਦੇ ਭਾਂਡਿਆਂ ਦੀ ਵਰਤੋਂ ਕਰਨੀ ਚਾਹੀਦੀ ਹੈ ਜਿਨ੍ਹਾਂ 'ਤੇ 'ਬਿਸਫੇਨੋਲ ਏ (ਬੀਪੀਏ) ਲਿਖਿਆ ਹੋਵੇ! ਇਹ ਕਈ ਦੇਸ਼ਾਂ ਵਿਚ ਬੈਨ ਵੀ ਹੈ।

ਰੋਜ਼ਾਨਾ ਕੰਮਾਂ ਵਿਚ ਵਰਤੇ ਜਾਣ ਵਾਲੇ ਪਲਾਸਟਿਕ ਵਿਚ ਹਾਨੀਕਾਰਕ ਰਸਾਇਣ ਮਰਦਾਂ ਵਿਚ ਗੰਭੀਰ ਰੋਗਾਂ ਦਾ ਕਾਰਨ ਬਣ ਸਕਦੇ ਹਨ।

ਏਡੀਲੈਟ ਯੂਨੀਵਰਸਿਟੀ ਅਤੇ ਦੱਖਣ ਆਸਟ੍ਰੇਲਿਆਈ ਸਿਹਤ ਅਤੇ ਮੈਡੀਕਲ ਖੋਜ ਕੇਂਦਰ ਦੇ ਵਿਗਿਆਨਕਾਂ ਨੇ ਇਕ ਖੋਜ ਦੌਰਾਨ ਮਰਦਾਂ ਵਿਚ ਥੈਲੇਟਸ ਨਾਂ ਦੇ ਰਸਾਇਣ ਦੀ ਮੌਜੂਦਗੀ ਦੀ ਸੰਭਾਵਨਾ ਦੀ ਜਾਂਚ ਕੀਤੀ ਹੈ। ਇਹ ਰਸਾਇਣ ਦਿਲ ਦੀਆਂ ਬਿਮਾਰੀਆਂ ਅਤੇ ਹਾਈ ਬਲੱਡਪ੍ਰੈਸ਼ਰ ਅਤੇ ਟਾਈਪ 2 ਸ਼ੂਗਰ ਨਾਲ ਜੁੜਿਆ ਹੈ। ਖੋਜ ਵਿਗਿਆਨੀਆਂ ਮੁਤਾਬਕ ਪ੍ਰੀਖਣ 'ਚ ਸ਼ਾਮਿਲ ਮਰਦਾਂ ਵਿਚ ਥੈਲੇਟਸ ਦੀ ਪਛਾਣ ਕਰੀਬ ਹਰੇਕ (99.6) 35 ਸਾਲ ਅਤੇ ਉਸ ਤੋਂ ਜ਼ਿਆਦਾ ਉਮਰ ਵਾਲੇ ਲੋਕਾਂ ਦੇ ਪੇਸ਼ਾਬ ਦੇ ਨਮੂਨੇ ਵਿਚ ਪਾਇਆ ਗਿਆ ਹੈ। ਇਸ ਦਾ ਕਾਰਨ ਪਲਾਸਟਿਕ ਦੇ ਬਰਤਨਾਂ ਜਾਂ ਬੋਤਲਾਂ 'ਚ ਰੱਖੇ ਖਾਣ ਪੀਣ ਵਾਲੇ ਪਦਾਰਥ ਖਾਣ ਨਾਲ ਹੋਇਆ ਹੈ।

ਮਾਹਿਰਾਂ ਨੇ ਕਿਹਾ ਕਿ ਅਸੀਂ ਅਜੇ ਵੀ ਥੈਲੇਟਸ ਦੇ ਸੂਤੰਤਰ ਰੂਪ ਨਾਲ ਬਿਮਾਰੀ ਨਾਲ ਜੁੜੇ ਹੋਣ ਦੇ ਸਟੀਕ ਕਾਰਨ ਬਾਰੇ ਭਾਵੇਂ ਨਹੀਂ ਸਮਝ ਸਕੇ ਹਾਂ ਪਰ ਅਸੀਂ ਮਨੁੱਖੀ ਸਰੀਰ ਪ੍ਰਣਾਲੀ 'ਤੇ ਰਸਾਇਣਾਂ ਦੇ ਪ੍ਰਭਾਵ ਤੋਂ ਜਾਣੂੰ ਹਾਂ, ਜੋ ਹਾਰਮੋਨ ਦੇ ਰਿਸਅ 'ਤੇ ਕੰਟਰੋਲ ਕਰਦੇ ਹਨ। ਇਹੀ ਸਰੀਰ ਦੇ ਵਿਕਾਸ ਦੀ ਕਾਰਜ ਪ੍ਰਣਾਲੀ ਨੂੰ ਨਿਯਮਿਤ ਕਰਦੇ ਹਨ।'

ਮਾਹਿਰਾਂ ਨੇ ਇਸ ਵਿਸ਼ੇਸ਼ ਗੱਲ ਵੀ ਖ਼ਾਸ ਧਿਆਨ ਦੁਆਇਆ ਕਿ ਪੱਛਮੀ ਲੋਕਾਂ ਵਿਚ ਥੈਲੇਟਸ ਦਾ ਪੱਧਰ ਜ਼ਿਆਦਾ ਹੈ ਕਿਉਂਕਿ ਉਥੇ ਬਹੁਤ ਸਾਰੇ ਖ਼ੁਰਾਕੀ ਪਦਾਰਥ ਪਲਾਸਟਿਕ ਵਿਚ ਹੀ ਪੈਕ ਕੀਤੇ ਜਾਂਦੇ ਹਨ। ਖੋਜ ਵਿਚ ਇਹ ਵੀ ਪਾਇਆ ਗਿਆ ਹੈ ਕਿ ਜੋ ਲੋਕ ਸਾਫਟ ਡ੍ਰਿੰਕ ਪੀਂਦੇ ਹਨ ਤੇ ਪੈਕਡ ਫੂਡ ਖਾਂਦੇ ਹਨ, ਉਨ੍ਹਾਂ ਦੇ ਪੇਸ਼ਾਬ ਵਿਚ ਆਮ ਲੋਕਾਂ ਦੀ ਤੁਲਨਾ ਵਿਚ ਥੈਲੇਟਸ ਦੀ ਮਾਤਰਾ ਵੱਧ ਪਾਈ ਗਈ ਹੈ।

ਵਿਸ਼ਵ ਹੈਪਾਟਾਈਟਿਸ ਦਿਵਸ ਜਾਗਰੂਕਤਾ ਹੈ ਜ਼ਰੂਰੀ

ਗੋਬਿੰਦਰ ਸਿੰਘ ਢੀਂਡਸਾ

ਹਰ ਸਾਲ 28 ਜੁਲਾਈ ਦਾ ਦਿਨ ਸੰਸਾਰ ਭਰ ਵਿੱਚ ਹੈਪਾਟਾਈਟਿਸ ਸੰਬੰਧੀ ਜਨ-ਜਾਗਰੂਕਤਾ ਦੇ ਮਕਸਦ ਨਾਲ ਵਿਸ਼ਵ ਹੈਪਾਟਾਈਟਿਸ ਦਿਵਸ ਵਜੋਂ ਮਨਾਇਆ ਜਾਂਦਾ ਹੈ। ਹੈਪਾਟਾਈਟਸ ਇੱਕ ਵਿਸ਼ਾਣੂ ਜਾਂ ਵਾਇਰਲ ਰੋਗ ਹੈ, ਜਿਸਨੂੰ ਸਾਧਾਰਨ ਭਾਸ਼ਾ ਵਿੱਚ ਪੀਲੀਆ ਜਾਂ ਜੌਂਡਿਸ ਕਿਹਾ ਜਾਂਦਾ ਹੈ। ਇਹ ਲਿਵਰ ਸੰਬੰਧੀ ਰੋਗ ਹੈ। ਹੈਪਾਟਾਈਟਸ ਸੰਬੰਧੀ ਆਮ ਲੋਕਾਂ ਵਿੱਚ ਅਗਿਆਨਤਾ ਜਾਂ ਜਾਗਰੂਕਤਾ ਦੀ ਘਾਟ ਕਾਰਨ ਇਹ ਬਿਮਾਰੀ ਦੁਨੀਆ ਭਰ ਵਿੱਚੋਂ ਲੋਕਾਂ ਨੂੰ ਦਿਨ-ਬ-ਦਿਨ ਆਪਣਾ ਸ਼ਿਕਾਰ ਬਣਾ ਰਹੀ ਹੈ।

ਹੈਪਾਟਾਈਟਸ ਜਾਂ ਪੀਲੀਆ ਕਈ ਤਰ੍ਹਾਂ ਦਾ ਹੁੰਦਾ ਹੈ-ਹੈਪਾਟਾਈਟਿਸ-ਏ, ਹੈਪਾਟਾਈਟਿਸ-ਬੀ, ਹੈਪਾਟਾਈਟਿਸ-ਸੀ, ਹੈਪਾਟਾਈਟਿਸ-ਡੀ, ਹੈਪਾਟਾਈਟਿਸ-ਈ ਆਦਿ। ਸਾਧਾਰਨ ਰੂਪ ਵਿੱਚ ਹੈਪਾਟਾਈਟਿਸ-ਏ, ਬੀ ਅਤੇ ਸੀ ਦੇ ਜ਼ਿਆਦਾ ਰੋਗੀ ਪਾਏ ਜਾਂਦੇ ਹਨ। ਹੈਪਾਟਾਈਟਿਸ-ਏ ਅਤੇ ਹੈਪਾਟਾਈਟਿਸ-ਈ ਮੁੱਖ ਰੂਪ ਵਿੱਚ ਮੁਰਾਬ ਭੋਜਨ ਖਾਣ ਅਤੇ ਦੂਸ਼ਿਤ ਪਾਣੀ ਪੀਣ ਨਾਲ ਫੈਲਦਾ ਹੈ। ਇਹ ਬਿਮਾਰੀ ਅਜਿਹੇ ਖੇਤਰਾਂ ਵਿੱਚ ਜ਼ਿਆਦਾ ਫੈਲਦੀ ਹੈ ਜਿੱਥੇ ਸਾਫ਼ ਪਾਣੀ ਅਤੇ ਸਾਫ਼-ਸਫਾਈ ਦੀ ਘਾਟ ਹੁੰਦੀ ਹੈ।

ਹੈਪੇਟਾਈਟਿਸ-ਬੀ ਅਤੇ ਸੀ ਨੂੰ ਆਮ ਬੋਲਚਾਲ ਦੀ ਭਾਸ਼ਾ ਵਿੱਚ ਕਾਲਾ ਪੀਲੀਆ ਵੀ ਕਿਹਾ ਜਾਂਦਾ ਹੈ, ਹੈਪੇਟਾਈਟਿਸ-ਬੀ ਅਤੇ ਸੀ ਜਾਨਲੇਵਾ ਸਿੱਧ ਹੋ ਸਕਦੇ ਹਨ ਅਤੇ ਇਹ ਲਹੂ ਦੇ ਮਾਧਿਅਮ ਰਾਹੀਂ ਸਰੀਰ ਵਿੱਚ ਪਹੁੰਚਦਾ ਹੈ।

ਹੈਪਾਟਾਈਟਿਸ-ਬੀ ਗ੍ਰਸਤ ਰੋਗੀ ਦੇ ਲਹੂ ਦੇ ਸੰਪਰਕ ਵਿੱਚ ਆਉਣ ਨਾਲ ਹੁੰਦਾ ਹੈ। ਇਸਦੀ ਵੈਕਸੀਨੇਸ਼ਨ ਮੌਜੂਦ ਹੈ। ਸੋ ਇੱਕ ਸਿਹਤਮੰਦ ਵਿਅਕਤੀ ਦੁਆਰਾ ਇਸਦਾ ਟੀਕਾਕਰਨ ਕਰਵਾ ਕੇ ਇਸ ਬਿਮਾਰੀ ਤੋਂ ਬਚਿਆ ਜਾ ਸਕਦਾ ਹੈ ਪਰੰਤੂ ਬਿਮਾਰੀ ਹੋਣ 'ਤੇ ਕੋਈ ਸਥਾਈ ਇਲਾਜ ਨਹੀਂ ਹੈ। ਹੈਪਾਟਾਈਟਿਸ-ਡੀ ਉਹਨਾਂ ਵਿਅਕਤੀਆਂ ਨੂੰ ਹੁੰਦਾ ਹੈ ਜਿਹਨਾਂ ਨੂੰ ਪਹਿਲਾਂ ਹੀ ਹੈਪਾਟਾਈਟਿਸ-ਬੀ ਵਾਇਰਸ ਦਾ ਸੰਕ੍ਰਮਣ ਹੋਵੇ। ਜਿਹਨਾਂ ਨੂੰ ਹੈਪਾਟਾਈਟਿਸ-ਬੀ ਦਾ ਸੰਕ੍ਰਮਣ ਨਹੀਂ ਹੈ ਉਹ ਹੈਪਾਟਾਈਟਿਸ-ਬੀ ਦਾ ਟੀਕਾ ਲਗਵਾ ਕੇ ਹੈਪਾਟਾਈਟਿਸ-ਡੀ ਤੋਂ ਵੀ ਸੁਰੱਖਿਆ ਕਰ ਸਕਦੇ ਹਨ।

ਪੂਰੇ ਸੰਸਾਰ ਵਿੱਚ ਹੈਪਾਟਾਈਟਿਸ-ਸੀ ਨਾਲ ਤਕਰੀਬਨ 130 ਤੋਂ 170 ਮਿਲੀਅਨ ਲੋਕ ਸੰਕ੍ਰਿਮਤ ਹਨ। ਹੈਪੇਟਾਈਟਿਸ-ਸੀ ਇੱਕ ਪ੍ਰਕਾਰ ਦਾ ਸੰਕ੍ਰਮਣ ਹੈ ਜੋ ਮੁੱਖ ਰੂਪ 'ਚ ਲਿਵਰ ਨੂੰ ਪ੍ਰਭਾਵਿਤ ਕਰਦਾ ਹੈ। ਜਾਣਕਾਰ ਇਹ ਚੇਤਾਵਨੀ ਦਿੰਦੇ ਰਹੇ ਹਨ ਕਿ ਜੇਕਰ ਸਮੇਂ ਰਹਿੰਦੇ ਇਸ ਬਿਮਾਰੀ ਵੱਲ ਲੋੜੀਂਦਾ ਧਿਆਨ ਨਾ ਦਿੱਤਾ ਗਿਆ ਤਾਂ ਭਾਰਤ ਵਿੱਚ ਹੈਪੇਟਾਈਟਿਸ-ਸੀ ਮਹਾਂਮਾਰੀ ਦੀ ਸ਼ਕਲ ਲੈ ਸਕਦੀ ਹੈ। ਇਸ ਬਿਮਾਰੀ ਦਾ ਇੱਕ ਖ਼ਤਰਨਾਕ ਪੱਖ ਇਹ ਵੀ ਹੈ ਕਿ ਇਸ ਬਿਮਾਰੀ ਦਾ ਵਾਇਰਸ ਮਰੀਜ਼ ਦੇ ਅੰਦਰ ਹੋਣ ਦੇ ਬਾਵਜੂਦ ਵੀ ਲੰਬੇ ਸਮੇਂ ਤਕ ਆਪਣਾ ਕੋਈ ਲੱਛਣ ਨਹੀਂ ਦਿਖਾਉਂਦਾ ਅਤੇ ਜਦੋਂ ਬਿਮਾਰੀ ਦਾ ਪਤਾ ਚੱਲਦਾ ਹੈ ਉਦੋਂ ਤਕ ਬਹੁਤ ਦੇਰ ਹੋ ਚੁੱਕੀ ਹੁੰਦੀ ਹੈ ਕਿਉਂਕਿ ਉਸ ਸਮੇਂ ਤਕ ਤਕਰੀਬਨ ਜ਼ਿਆਦਾਤਰ ਲਿਵਰ ਖ਼ਰਾਬ ਹੋ ਚੁੱਕਾ ਹੁੰਦਾ ਹੈ ਅਤੇ ਉਸਦਾ ਇਲਾਜ ਮੁ

ਮੋਬਾਈਲ ਦੀਆਂ ਵਧ ਸਿਮ ਕਾਰਨ ਤੁਹਾਨੂੰ ਜਾਣਾ ਪੈ ਸਕਦਾ ਹੈ ਜੇਲ੍ਹ, ਹੋਵੇਗਾ 2 ਲੱਖ ਤੱਕ ਜੁਰਮਾਨਾ

ਏਜੰਸੀਆਂ

ਨਵੀਂ ਦਿੱਲੀ 19 ਜੁਲਾਈ। ਕੀ ਤੁਸੀਂ ਆਪਣੇ ਆਧਾਰ ਕਾਰਡ 'ਤੇ ਜ਼ਿਆਦਾ ਸਿਮ ਜਾਰੀ ਤਾਂ ਨਹੀਂ ਕੀਤੇ? ਜੇਕਰ ਅਜਿਹਾ ਹੈ ਤਾਂ ਤੁਹਾਨੂੰ 3 ਸਾਲ ਦੀ ਕੈਦ ਅਤੇ 2 ਲੱਖ ਰੁਪਏ ਤੱਕ ਦਾ ਜੁਰਮਾਨਾ ਭਰਨਾ ਪੈ ਸਕਦਾ ਹੈ। ਦਰਅਸਲ, ਕੇਂਦਰ ਸਰਕਾਰ ਨੇ ਧੋਖਾਧੜੀ ਦੀਆਂ ਗਤੀਵਿਧੀਆਂ ਨੂੰ ਰੋਕਣ ਲਈ ਦੂਰਸੰਚਾਰ

ਐਕਟ 2023 ਲਾਗੂ ਕੀਤਾ ਹੈ, ਜਿਸ ਦੇ ਤਹਿਤ ਸੀਮਤ ਗਿਣਤੀ 'ਚ ਸਿਮ ਕਾਰਡ ਰੱਖੇ ਜਾ ਸਕਦੇ ਹਨ। ਜੇਕਰ ਤੁਸੀਂ ਅਜਿਹਾ ਨਹੀਂ ਕਰਦੇ ਤਾਂ ਤੁਹਾਨੂੰ ਜੇਲ੍ਹ ਜਾਣਾ ਪੈ ਸਕਦਾ ਹੈ ਅਤੇ ਜੁਰਮਾਨਾ ਵੀ ਭਰਨਾ ਪੈ ਸਕਦਾ ਹੈ। ਨਵੇਂ ਨਿਯਮ ਮੁਤਾਬਕ ਸਿਮ ਕਾਰਡ ਰੱਖਣ ਦੀ ਵੱਧ ਤੋਂ ਵੱਧ ਸੀਮਾ 9 ਹੈ। ਮਤਲਬ, ਇੱਕ ਆਧਾਰ ਕਾਰਡ 'ਤੇ ਵੱਧ ਤੋਂ ਵੱਧ 9 ਸਿਮ ਕਾਰਡ ਜਾਰੀ ਕੀਤੇ ਜਾ ਸਕਦੇ ਹਨ। ਹਾਲਾਂਕਿ, ਜੰਮੂ-ਕਸਮੀਰ, ਅਸਾਮ ਵਰਗੇ ਸੰਵੇਦਨਸੀਲ ਰਾਜਾਂ 'ਚ ਸਿਮ ਰੱਖਣ ਦੀ ਸੀਮਾ ਨੂੰ ਘਟਾ ਕੇ 6 ਕਰ ਦਿੱਤਾ ਗਿਆ ਹੈ। ਸੁਰੱਖਿਆ ਦੇ ਮੱਦੇਨਜਰ ਇਹ ਕਦਮ ਚੁੱਕਿਆ ਗਿਆ ਹੈ। ਜੇਕਰ ਤੁਸੀਂ ਇਨ੍ਹਾਂ ਨਿਯਮਾਂ ਨੂੰ ਤੋੜਦੇ ਹੋ ਤਾਂ ਤੁਹਾਨੂੰ ਕਈ ਕਾਨੂੰਨੀ ਅਤੇ ਵਿੱਤੀ ਨੁਕਸਾਨ ਦਾ ਸਾਹਮਣਾ ਕਰਨਾ ਪੈਂਦਾ ਹੈ। ਜੇਕਰ ਕੋਈ ਪਹਿਲੀ ਵਾਰ ਨਿਯਮਾਂ ਦੀ ਉਲੰਘਣਾ ਕਰਦਾ ਹੈ ਤਾਂ ਉਸ ਨੂੰ 50 ਹਜਾਰ ਰੁਪਏ ਤੱਕ ਦਾ ਜੁਰਮਾਨਾ ਭਰਨਾ ਪਵੇਗਾ। ਜੇਕਰ ਤੁਸੀਂ ਇਸ ਨਿਯਮ ਨੂੰ ਵਾਰ-ਵਾਰ ਤੋੜਦੇ ਹੋ ਤਾਂ ਤੁਹਾਨੂੰ 2 ਲੱਖ ਰੁਪਏ ਤੱਕ ਦਾ ਜੁਰਮਾਨਾ ਭਰਨਾ ਪੈ ਸਕਦਾ ਹੈ। ਹਾਲਾਂਕਿ ਕਾਨੂੰਨ 'ਚ ਜ਼ਿਆਦਾ ਸਿਮ ਰੱਖਣ 'ਤੇ ਜੇਲ ਦੀ ਸਜਾ ਦੀ ਵਿਵਸਥਾ ਨਹੀਂ ਹੈ। ਹਾਲਾਂਕਿ, ਜੇਕਰ ਤੁਹਾਡੇ ਨਾਮ 'ਤੇ ਜਾਰੀ ਕੀਤੇ ਸਿਮ ਕਾਰਡ ਦੀ ਵਰਤੋਂ ਕਰਦੇ ਹੋਏ ਕੋਈ ਵਿੱਤੀ ਜਾਂ ਅਪਰਾਧਿਕ ਗਤੀਵਿਧੀ ਹੁੰਦੀ ਹੈ, ਤਾਂ ਤੁਹਾਨੂੰ ਤਿੰਨ ਸਾਲ ਦੀ ਕੈਦ ਦੀ ਸਜਾ ਹੋ ਸਕਦੀ ਹੈ। ਨਾਲ ਹੀ 50 ਲੱਖ ਰੁਪਏ ਦਾ ਜੁਰਮਾਨਾ ਅਤੇ ਜੇਲ ਦੋਵੇਂ ਹੋ ਸਕਦੇ ਹਨ। ਜਾਰੀ ਕੀਤੇ ਗਏ ਸਿਮ ਕਾਰਡ ਨੂੰ ਤੁਹਾਡੇ ਆਧਾਰ ਕਾਰਡ ਨਾਲ ਟਰੇਸ ਕੀਤਾ ਜਾ ਸਕਦਾ ਹੈ। ਨਾਲ ਹੀ, ਜੇਕਰ ਤੁਹਾਡੇ ਨਾਮ 'ਤੇ ਜਾਰੀ ਕੀਤੇ ਸਿਮ ਕਾਰਡ 'ਤੇ ਗੈਰ-ਕਾਨੂੰਨੀ ਗਤੀਵਿਧੀ ਹੁੰਦੀ ਹੈ, ਤਾਂ ਇਸ ਨੂੰ ਟਰੈਕ ਕੀਤਾ ਜਾ ਸਕਦਾ ਹੈ ਅਤੇ ਰੋਕਿਆ ਜਾ ਸਕਦਾ ਹੈ। ਇਸ ਦੇ ਲਈ, ਦੂਰਸੰਚਾਰ ਵਿਭਾਗ () ਦੁਆਰਾ ਇੱਕ ਪੋਰਟਲ ਬਣਾਇਆ ਗਿਆ ਹੈ, ਜਿਸ ਦੁਆਰਾ ਤੁਹਾਡੇ ਅਧਾਰ 'ਤੇ ਜਾਰੀ ਕੀਤੇ ਜਾਅਲੀ ਸਿਮ ਕਾਰਡਾਂ ਦਾ ਪਤਾ ਲਗਾਇਆ ਜਾ ਸਕਦਾ ਹੈ।

ਮੰਤਰੀ ਬਲਕਾਰ ਸਿੰਘ ਨੇ ਅਧਿਕਾਰੀਆਂ ਨਾਲ ਵਰਚੁਅਲ ਮੀਟਿੰਗ ਰਾਹੀਂ ਮਾਨਸੂਨ ਸਬੰਧੀ ਪ੍ਰਬੰਧਾਂ ਦਾ ਲਿਆ ਜਾਇਜਾ

ਸਰਦੂਲ ਸਿੰਘ

ਚੰਡੀਗੜ੍ਹ 19 ਜੁਲਾਈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰ ਨਾਗਰਿਕ ਨੂੰ ਵੱਧ ਤੋਂ ਵੱਧ ਸਹੂਲਤਾਂ ਦੇਣ ਅਤੇ ਇਥੋਂ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਤੇਜੀ ਨਾਲ ਕੰਮ ਕਰ ਰਹੀ ਹੈ। ਇਸੇ ਮੰਤਵ ਨੂੰ ਪੂਰਾ ਕਰਨ ਲਈ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਨੇ ਸੂਬੇ ਵਿਚ ਬਰਸਾਤੀ ਪਾਣੀ ਦੀ ਮੁਕੰਮਲ ਨਿਕਾਸੀ, ਨਾਲੀਆਂ ਦੀ ਸਾਫ ਸਫਾਈ ਅਤੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਹੋਰ ਬੁਨਿਆਦੀ ਸਹੂਲਤਾਂ ਨੂੰ ਯਕੀਨੀ ਬਣਾਉਣ ਲਈ ਮਿਉਨਿਸੀਪਲ ਕਮਿਸਨਰਾਂ, ਵਧੀਕ ਡਿਪਟੀ ਕਮਿਸਨਰਾਂ, ਕਮੇਟੀਆਂ ਦੇ ਕਾਰਜ ਸਾਧਕ ਅਫਸਰਾਂ ਅਤੇ ਹੋਰ ਅਧਿਕਾਰੀ ਨਾਲ ਸੋਮਵਾਰ ਨੂੰ ਚੰਡੀਗੜ੍ਹ ਤੋਂ ਵੀਡੀਓ ਕਾਨਫਰੰਸ ਰਾਹੀਂ ਮੀਟਿੰਗ ਕੀਤੀ। ਮੀਟਿੰਗ ਦੌਰਾਨ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਨੇ ਆਉਣ ਵਾਲੇ ਮਾਨਸੂਨ ਦੇ ਅਗਲੇਰੇ ਪ੍ਰਬੰਧਾਂ ਅਤੇ ਬਰਸਾਤ ਦੇ ਮੌਸਮ ਵਿੱਚ ਲੋਕਾਂ ਨੂੰ ਹੋਣ ਵਾਲੀ ਮੁਸ਼ਕਲਾਂ ਨਾਲ ਨਜਿੱਠਣ ਲਈ ਵਿਭਾਗੀ ਤਿਆਰੀਆਂ ਸਬੰਧੀ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਅਤੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜਾ ਲਿਆ। ਮੀਟਿੰਗ ਦੌਰਾਨ ਮੰਤਰੀ ਨੇ ਕਿਹਾ ਕਿ ਸੀਵਰੇਜ ਸਫਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਕਿਤੇ ਵੀ ਸੀਵਰੇਜ ਬਲਾਕ ਹੁੰਦਾ ਹੈ ਤਾਂ ਲੋੜੀਦੀਆਂ ਬਕਟ ਮਸ਼ੀਨਾਂ, ਜੈਟਿੰਗ ਮਸ਼ੀਨਾਂ ਅਤੇ ਜੈੱਟ ਸੈਕਿੰਗ ਮਸ਼ੀਨਾਂ ਅਤੇ ਲੋੜੀਂਦੀ ਮੈਨ ਪਾਵਰ ਦਾ ਪ੍ਰਬੰਧ ਕਰਕੇ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਪਾਣੀ ਦੀ ਨਿਕਾਸੀ ਲਈ ਪੰਪਸ ਅਤੇ ਜਨਰੇਟਰ ਸੈੱਟ ਦਾ ਪ੍ਰਬੰਧ ਰੱਖਣਾ ਵੀ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ

ਕਿ ਬਰਸਾਤੀ ਮੌਸਮ ਦੌਰਾਨ ਮੱਛਰ ਅਤੇ ਮੱਖੀ ਦੀ ਰੋਕਥਾਮ ਲਈ ਦਵਾਇਆਂ ਦਾ ਪ੍ਰਬੰਧ ਕੀਤਾ ਜਾਵੇ ਅਤੇ ਲੋਕਾਂ ਨੂੰ ਸਾਫ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਸਾਰੇ ਮੈਨ ਹੋਲਜ਼ ਚੰਗੀ ਤਰ੍ਹਾਂ ਕਵਰ ਹੋਣ ਤਾਂ ਜੋ ਅਣਹੋਣੀ ਘਟਨਾ ਤੋਂ ਬਚਿਆ ਜਾ ਸਕੇ। ਮੰਤਰੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜੇਕਰ ਕਿਸੇ ਏਰੀਏ ਵਿੱਚ ਹੜ੍ਹ ਵਰਗੀ ਸਥਿਤੀ ਬਣਦੀ ਹੈ ਤਾਂ ਉਥੇ ਦੇ ਲੋਕਾਂ ਨੂੰ ਸੇਫ ਬਿਲਡਿੰਗਾਂ ਵਿੱਚ ਸ਼ਿਫਟ ਕਰਨ ਲਈ ਹੋਰ ਬਿਲਡਿੰਗਾਂ ਦੀ ਅਗਲੇਰੇ ਪਛਾਣ ਕਰ ਲਈ ਜਾਵੇ। ਉਨ੍ਹਾਂ ਕਿਹਾ ਕਿ ਕੱਚੇ ਘਰ ਜਿਨ੍ਹਾਂ ਦੇ ਬਰਸਾਤੀ ਮੌਸਮ ਵਿੱਚ ਢਹਿਣ ਦੀ ਸੰਭਾਵਨਾ ਹੈ ਉੱਥੇ ਰਹਿੰਦੇ ਲੋਕਾਂ ਨੂੰ ਪਹਿਲਾਂ ਹੀ ਸੂਚਿਤ ਕੀਤਾ ਜਾਵੇ ਅਤੇ ਉਨ੍ਹਾਂ ਦੀ ਸੁਰੱਖਿਆ ਲਈ ਯੋਗ ਪ੍ਰਬੰਧ ਕੀਤੇ ਜਾਣ। ਉਨ੍ਹਾਂ ਕਿਹਾ ਕਿ ਬਰਸਾਤ ਦੇ ਮੌਸਮ ਵਿਚ ਬਰਸਾਤੀ ਪਾਣੀ ਦੀ ਮੁਕੰਮਲ ਨਿਕਾਸੀ ਨੂੰ ਯਕੀਨੀ ਬਣਾਇਆ ਜਾਵੇ। ਮੰਤਰੀ ਨੇ ਕਿਹਾ ਕਿ ਬਰਸਾਤੀ ਮੌਸਮ ਦੌਰਾਨ ਸਮੇਂ-ਸਮੇਂ ਤੇ ਫੋਗਿੰਗ ਵੀ ਕਰਵਾਈ ਜਾਵੇ। ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਮੀਂਹ ਕਾਰਨ ਪੈਦਾ ਹੋਣ ਵਾਲੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਤੇਜੀ ਨਾਲ ਕੰਮ ਕਰਨ ਨੂੰ ਯਕੀਨੀ ਬਣਾਇਆ ਜਾਵੇ। ਇਸ ਮੌਕੇ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਨੇ ਅਧਿਕਾਰੀਆਂ ਨੂੰ ਸਖਤ ਨਿਰਦੇਸ ਦਿੱਤੇ ਕਿ ਕੰਮ ਵਿੱਚ ਕੁਤਾਹੀ ਕਰਨ ਵਾਲੇ ਅਧਿਕਾਰੀਆਂ ਵਿਰੁੱਧ ਅਨੁਸ਼ਾਸ਼ਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦੀ ਜਾਨ ਮਾਲ ਦੀ ਸੁਰੱਖਿਆ ਕਰਨੀ ਭਗਵੰਤ ਮਾਨ ਸਰਕਾਰ ਦਾ ਮੁੱਖ ਉਦੇਸ ਹੈ। ਇਸ ਟੀਚੇ ਨੂੰ ਪੂਰਾ ਕਰਨ ਲਈ ਸਰਕਾਰ ਵਚਨਬੱਧ ਹੈ। ਇਸ ਮੌਕੇ ਪੰਜਾਬ ਜਲ ਸਪਲਾਈ ਸੀਵਰੇਜ ਬੋਰਡ ਦੇ ਸੀ.ਈ.ਓ. ਮਾਲਵਿੰਦਰ ਸਿੰਘ ਜੱਗੀ, ਸਥਾਨਕ ਸਰਕਾਰਾਂ ਵਿਭਾਗ ਦੇ ਡਾਇਰੈਕਟਰ ਉਮਾ ਸੰਕਰ ਗੁਪਤਾ ਅਤੇ ਹੋਰ ਅਧਿਕਾਰੀ ਹਾਜਰ ਸਨ।

ਗਿੱਦੜਬਾਹਾ 'ਚ ਸਰਗਰਮ ਹੋਏ ਅਮਰਿੰਦਰ ਸਿੰਘ ਰਾਜਾ ਵੜਿੰਗ

ਸ੍ਰੀ ਮੁਕਤਸਰ ਸਾਹਿਬ 19 ਜੁਲਾਈ। ਜਲੰਧਰ ਪੱਛਮੀ ਵਿਧਾਨ ਸਭਾ ਜ਼ਿਮਨੀ ਚੋਣ ਹਾਰਣ ਤੋਂ ਬਾਅਦ ਹੁਣ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਗਿੱਦੜਬਾਹਾ ਵੱਲ ਰੁਖ ਕਰ ਲਿਆ ਹੈ। ਅੰਦਾਜਨ ਆਉਣ ਵਾਲੇ 5 ਮਹੀਨਿਆਂ ਵਿਚ ਪੰਜਾਬ ਵਿਧਾਨ ਸਭਾ ਦੀਆਂ 4 ਸੀਟਾਂ 'ਤੇ ਉਪ ਚੋਣਾਂ ਹੋਣੀਆਂ ਹਨ। ਲੁਧਿਆਣਾ ਤੋਂ ਸੰਸਦ ਮੈਂਬਰ ਚੁਣੇ ਜਾਣ ਤੋਂ ਬਾਅਦ ਰਾਜਾ ਵੜਿੰਗ ਦੀ ਘਰੇਲੂ ਸੀਟ ਖਾਲ੍ਹੀ ਹੋ ਗਈ ਹੈ। ਜਲੰਧਰ 'ਚ ਕਾਂਗਰਸ ਦੀ ਹਾਰ ਤੋਂ ਬਾਅਦ ਹੁਣ ਰਾਜਾ ਵੜਿੰਗ ਇਸ ਸੀਟ 'ਤੇ ਰਿਸਕ ਨਹੀਂ ਲੈਣਾ ਚਾਹੁੰਦੇ ਹਨ। ਸਿਰਫ ਵੜਿੰਗ ਹੀ ਨਹੀਂ, ਸਗੋਂ ਉਨ੍ਹਾਂ ਦੀ ਪਤਨੀ ਅੰਮ੍ਰਿਤਾ ਵੜਿੰਗ ਵੀ ਗਿੱਦੜਬਾਹਾ 'ਚ ਸਰਗਰਮ ਨਜਰ ਆ ਰਹੇ ਹਨ। ਹੁਣ ਤੱਕ ਇਹ ਅੰਦਾਜਾ ਲਗਾਇਆ ਜਾ ਰਿਹਾ ਹੈ ਕਿ ਰਾਜਾ ਵੜਿੰਗ ਹਾਈਕਮਾਂਡ ਤੋਂ ਇਹ ਸੀਟ ਆਪਣੀ ਪਤਨੀ ਲਈ ਮੰਗ ਸਕਦੇ ਹਨ। ਪਿਛਲੇ ਕੁਝ ਦਿਨਾਂ ਤੋਂ ਇਸ ਵਿਧਾਨ

ਸਭਾ ਹਲਕੇ ਵਿਚ ਅੰਮ੍ਰਿਤਾ ਵੜਿੰਗ ਨੂੰ ਆਪਣੇ ਪਤੀ ਦੀ ਸਿਆਸੀ ਵਾਰਸ ਵਜੋਂ ਦੇਖਿਆ ਜਾ ਰਿਹਾ ਹੈ। ਪਤਾ ਲੱਗਾ ਹੈ ਕਿ ਅੰਮ੍ਰਿਤਾ ਨੇ ਦੋ ਵਾਰ ਇਥੋਂ ਦੇ ਕੁਝ ਪਿੰਡਾਂ ਦਾ ਦੌਰ ਕੀਤਾ ਹੈ। ਇਸੇ ਤਰ੍ਹਾਂ, ਰਾਜਾ ਵੜਿੰਗ ਵਰਕਰਾਂ ਦੇ ਨਾਲ ਬੈਠਕਾਂ ਵੀ ਕਰ ਰਹੇ ਹਨ। ਦੱਸਣਯੋਗ ਹੈ ਕਿ ਅੰਮ੍ਰਿਤਾ ਵੜਿੰਗ ਇਸ ਹਲਕੇ ਵਿਚ ਪਹਿਲਾਂ ਵੀ ਸਰਗਰਮ ਰਹੇ ਹਨ। ਪਤੀ ਦੇ ਵਿਧਾਇਕ ਹੁੰਦਿਆਂ ਅੰਮ੍ਰਿਤਾ ਵੜਿੰਗ ਉਨ੍ਹਾਂ ਦੀ ਗੈਰਮੌਜੂਦਗੀ ਵਿਚ ਹਲਕੇ ਦੇ ਕੰਮਕਾਜ ਦੇਖਦੇ ਸਨ। ਇਸ ਤੋਂ ਇਲਾਵਾ ਉਨ੍ਹਾਂ ਵਲੋਂ ਚਲਾਈ ਜਾ ਰਹੀ ਸੰਸਥਾ ਆਸਰਾ ਫਾਊਂਡੇਸ਼ਨ ਰਾਹੀਂ ਉਹ ਲੋਕਾਂ ਵਿਚ ਸਰਗਰਮ ਰਹੇ ਹਨ। ਇਥੇ ਇਹ ਵੀ ਦੱਸਣਯੋਗ ਹੈ ਕਿ ਰਾਜਾ ਵੜਿੰਗ ਕਈ ਵਾਰ ਆਖ ਚੁੱਕੇ ਹਨ ਕਿ ਗਿੱਦੜਬਾਹਾ ਦੇ ਲੋਕਾਂ ਨਾਲ ਉਨ੍ਹਾਂ ਦਾ ਬਹੁਤ ਪਿਆਰ ਹੈ, ਉਹ ਉਨ੍ਹਾਂ ਨੂੰ ਛੱਡ ਕੇ ਕਿਤੇ ਨਹੀਂ ਜਾਣਗੇ।

ਪੰਜਾਬ 'ਚ ਹੜ੍ਹ ਦਾ ਖਤਰਾ, ਜਾਰੀ ਹੋਇਆ ਅਲਰਟ ਤੇ ਬਣਾ ਦਿੱਤੇ ਗਏ ਕੰਟਰੋਲ ਰੂਮ

ਚੰਡੀਗੜ੍ਹ/ਜਲੰਧਰ 19 ਜੁਲਾਈ। ਪੰਜਾਬ ਸਰਕਾਰ ਵੱਲੋਂ ਮਾਨਸੂਨ ਸੀਜ਼ਨ ਦੌਰਾਨ ਸੰਭਾਵੀ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਸਾਰੇ 23 ਜ਼ਿਲ੍ਹਿਆਂ 'ਚ ਕੰਟਰੋਲ ਰੂਮ ਸਥਾਪਿਤ ਕਰ ਦਿੱਤੇ ਗਏ ਹਨ ਅਤੇ ਜ਼ਿਲ੍ਹਾ ਮਾਲ ਅਧਿਕਾਰੀਆਂ ਨੂੰ ਇਨ੍ਹਾਂ ਕੰਟਰੋਲ ਰੂਮਾਂ ਦਾ ਨੋਡਲ ਅਫ਼ਸਰ ਨਿਯੁਕਤ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਾਲ, ਮੁੜ-ਵਸੇਬਾ ਅਤੇ ਆਫਤ ਪ੍ਰਬੰਧਨ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਨੇ ਦੱਸਿਆ ਕਿ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਬਰਸਾਤੀ ਨਾਲੇ, ਚੋਅ ਅਤੇ ਡਰੇਨਾਂ ਆਦਿ ਦੀ ਸਫ਼ਾਈ ਲਈ ਪਹਿਲਾਂ ਤੋਂ ਹੀ ਵਿੱਤੀ ਸਹਾਇਤਾ ਜਾਰੀ ਕੀਤੀ ਜਾ ਚੁੱਕੀ ਹੈ ਅਤੇ ਜ਼ਿਲ੍ਹਿਆਂ ਵੱਲੋਂ ਸਫ਼ਾਈ ਕਾਰਜ ਮੁਕੰਮਲ ਕਰ ਲਏ ਗਏ ਹਨ ਪਰ ਫਿਰ ਵੀ ਜੇ ਕੋਈ ਅਣਸੁਖਾਵੀਂ ਘਟਨਾ ਵਾਪਰਦੀ ਹੈ ਤਾਂ ਲੋਕਾਂ ਤੱਕ ਮਦਦ ਪਹੁੰਚਾਉਣ ਲਈ ਸਥਾਪਿਤ ਕੀਤੇ ਕੰਟਰੋਲ ਰੂਮਾਂ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਇਹ ਕੰਟਰੋਲ ਰੂਮ 24 ਘੰਟੇ ਕਾਰਜਸ਼ੀਲ ਹਨ ਅਤੇ ਲੋਕ ਕਿਸੇ ਵੀ ਸੰਕਟ ਦੀ ਘੜੀ 'ਚ ਇਨ੍ਹਾਂ ਹੈਲਪਲਾਈਨ ਨੰਬਰਾਂ ਉੱਤੇ ਸੰਪਰਕ ਕਰ ਸਕਦੇ ਹਨ। ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਉਨ੍ਹਾਂ ਤੱਕ ਹਰ ਸੰਭਵ ਸਹਾਇਤਾ ਨੂੰ ਸਮੇਂ ਸਿਰ ਪਹੁੰਚਾਉਣਾ ਯਕੀਨੀ ਬਣਾਉਣ ਲਈ ਦਿਸਾ ਨਿਰਦੇਸ ਜਾਰੀ ਕੀਤੇ ਜਾ ਚੁੱਕੇ ਹਨ।ਅੰਮ੍ਰਿਤਸਰ ਕੰਟਰੋਲ ਰੂਮ ਦਾ ਹੈਲਪਲਾਈਨ ਨੰਬਰ 0183-2229125 ਹੈ ਜਦਕਿ ਬਰਨਾਲਾ ਦਾ 01679-233031, ਬਠਿੰਡਾ ਦਾ 0164-2862100,101, ਫਰੀਦਕੋਟ ਦਾ 01639-250338, ਫਤਹਿਗੜ੍ਹ ਸਾਹਿਬ ਦਾ 0176-323838, ਫਾਜ਼ਿਲਕਾ ਦਾ 01638-262153

ਜੂਨ 'ਚ ਲੱਗਾ ਮਹਿੰਗਾਈ ਦਾ ਝਟਕਾ, ਥੋਕ ਮਹਿੰਗਾਈ ਦਰ ਵਧ ਕੇ 3.36 ਫੀਸਦੀ 'ਤੇ ਆਈ

ਕਿਸ਼ਨ ਪਾਲ

ਮੁੰਬਈ 19 ਜੁਲਾਈ। ਜੂਨ ਲਈ ਥੋਕ ਮਹਿੰਗਾਈ ਦਰ ਦੇ ਅੰਕੜੇ ਆ ਗਏ ਹਨ ਅਤੇ ਇਹ 3 ਫੀਸਦੀ ਨੂੰ ਪਾਰ ਕਰ ਗਈ ਹੈ। ਖਾਣ-ਪੀਣ ਦੀਆਂ ਵਸਤੂਆਂ ਦੀ ਮਹਿੰਗਾਈ ਕਾਰਨ ਜੂਨ 'ਚ ਥੋਕ ਮਹਿੰਗਾਈ 16 ਮਹੀਨਿਆਂ ਦੇ ਉੱਚ ਪੱਧਰ 'ਤੇ ਪਹੁੰਚ ਗਈ ਹੈ। ਥੋਕ ਮਹਿੰਗਾਈ ਦਰ ਪਿਛਲੇ ਮਹੀਨੇ 3.36 ਫੀਸਦੀ 'ਤੇ ਆ ਗਈ , ਮਈ 2024 'ਚ ਇਹ 2.61 ਫੀਸਦੀ ਸੀ। ਮੁੱਖ ਤੌਰ 'ਤੇ ਖਾਣ-ਪੀਣ ਦੀਆਂ ਵਸਤਾਂ ਦੀਆਂ ਕੀਮਤਾਂ ਵਧੀਆਂ ਹਨ, ਜਿਸ ਨਾਲ ਥੋਕ ਮਹਿੰਗਾਈ ਦਰ ਪ੍ਰਭਾਵਿਤ ਹੋਈ ਹੈ। ਖੁਰਾਕੀ ਮਹਿੰਗਾਈ ਦਰ ਜੂਨ 'ਚ ਵਧ ਕੇ 8.68 ਫੀਸਦੀ ਹੋ ਗਈ ਹੈ ਜੋ ਮਈ 'ਚ 7.40 ਫੀਸਦੀ ਸੀ। ਪ੍ਰਾਇਮਰੀ ਵਸਤੂਆਂ ਦੀ ਮਹਿੰਗਾਈ ਦਰ ਜੂਨ 'ਚ 8.80 ਫੀਸਦੀ ਦੀ ਦਰ ਨਾਲ ਵਧੀ ਹੈ ਜਦੋਂ ਕਿ ਪਿਛਲੇ ਮਹੀਨੇ ਇਹ 7.20 ਫੀਸਦੀ ਸੀ। ਈਂਧਨ ਅਤੇ ਬਿਜਲੀ ਦੀ ਥੋਕ ਮਹਿੰਗਾਈ ਦਰ 1.35% ਤੋਂ

ਘਟ ਕੇ 1.03% ਹੋ ਗਈ ਹੈ। ਨਿਰਮਾਣ ਉਤਪਾਦਾਂ ਦੀ ਮਹਿੰਗਾਈ ਦਰ ਵੀ ਵਧੀ ਹੈ ਅਤੇ ਜੂਨ 'ਚ ਇਹ 1.43 ਫੀਸਦੀ 'ਤੇ ਰਹੀ। ਮਈ 2024 ਵਿੱਚ ਇਹ ਅੰਕੜਾ 0.78 ਫੀਸਦੀ ਰਿਹਾ ਸੀ। ਥੋਕ ਮਹਿੰਗਾਈ ਵਿੱਚ ਲੰਮੇ ਸਮੇਂ ਤੱਕ ਵਾਧਾ ਜ਼ਿਆਦਾਤਰ ਉਤਪਾਦਕ ਖੇਤਰਾਂ 'ਤੇ ਨਕਾਰਾਤਮਕ ਪ੍ਰਭਾਵ ਪਾਉਂਦਾ ਹੈ। ਜੇਕਰ ਥੋਕ ਕੀਮਤਾਂ ਬਹੁਤ ਲੰਬੇ ਸਮੇਂ ਤੱਕ ਉੱਚੀਆਂ ਰਹਿੰਦੀਆਂ ਹਨ, ਤਾਂ ਉਤਪਾਦਕ ਬੋਝ ਖਪਤਕਾਰਾਂ 'ਤੇ ਪਾ ਦਿੰਦੇ ਹਨ। ਸਰਕਾਰ ਟੈਕਸ ਰਾਹੀਂ ਹੀ ਨੂੰ ਕੰਟਰੋਲ ਕਰ ਸਕਦੀ ਹੈ। ਮਿਸਾਲ ਦੇ ਤੌਰ 'ਤੇ ਕੱਚੇ ਤੇਲ 'ਚ ਤੇਜੀ ਨਾਲ ਵਾਧੇ ਦੀ ਸਥਿਤੀ 'ਚ ਸਰਕਾਰ ਨੇ ਈਂਧਨ 'ਤੇ ਐਕਸਾਈਜ ਡਿਊਟੀ ਘਟਾ ਦਿੱਤੀ ਸੀ। ਹਾਲਾਂਕਿ, ਸਰਕਾਰ ਇੱਕ ਸੀਮਾ ਦੇ ਅੰਦਰ ਹੀ ਟੈਕਸ ਕਟੌਤੀਆਂ ਨੂੰ ਘਟਾ ਸਕਦੀ ਹੈ। ਡਬਲਯੂਪੀਆਈ ਵਿੱਚ ਵਧੇਰੇ ਭਾਰ ਫੈਕਟਰੀ ਨਾਲ ਸਬੰਧਤ ਵਸਤਾਂ ਜਿਵੇਂ ਧਾਤ, ਰਸਾਇਣਕ, ਪਲਾਸਟਿਕ, ਰਬੜ ਨਾਲ ਜੁੜੇ ਸਮਾਨ ਦਾ ਹੁੰਦਾ ਹੈ।

ਗੁਆਂਢੀਆਂ ਦੇ ਘਰ ਖੇਡਣ ਗਈ 8 ਸਾਲਾ ਬੱਚੀ ਨਾਲ ਵਾਪਰਿਆ ਭਾਣਾ

ਮਲੋਟ 19 ਜੁਲਾਈ। ਬਰਸਾਤਾਂ ਕਾਰਨ ਖਸਤਾ ਹਾਲਤ ਬਣੀ ਮਲੋਟ ਤਹਿਸੀਲ ਦੇ ਪਿੰਡ ਮਾਹੁਆਣਾ ਦੇ ਵਸਨੀਕ ਗਰੀਬ ਪਰਿਵਾਰ ਕੁਲਦੀਪ ਸਿੰਘ ਦੇ ਕਮਰੇ